ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 7 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੨ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਬਿਕਰਮ ਮਜੀਠੀਆ ਨੂੰ ਨਹੀਂ ਮਿਲੀ ਰਾਹਤ

**ਚੰਡੀਗੜ੍ਹ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ 'ਤੇ ਆਮਦਨ ਤੋਂ ਵੱਧ ਜਾਇਦਾਦ ਦਾ ਮਾਮਲਾ ਦਰਜ ਹੈ। ਉਨ੍ਹਾਂ ਦੀ ਜ਼ਮਾਨਤ ਪਟੀਸ਼ਨ 'ਤੇ ਅੱਜ (6 ਅਕਤੂਬਰ) ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਸੁਣਵਾਈ ਹੋਈ, ਪਰ ਉਨ੍ਹਾਂ ਨੂੰ ਕੋਈ ਰਾਹਤ ਨਹੀਂ ਮਿਲੀ। ਮਜੀਠੀਆ ਦੇ ਵਕੀਲਾਂ ਨੇ ਅੱਜ ਆਪਣੀਆਂ ਦਲੀਲਾਂ ਪੇਸ਼ ਕੀਤੀਆਂ ਅਤੇ ਸੁਣਵਾਈ ਲਗਭਗ ਤਿੰਨ ਘੰਟੇ ਚੱਲੀ। ਸੁਣਵਾਈ ਸਵੇਰੇ ਸ਼ੁਰੂ ਹੋਈ ਅਤੇ ਦੁਪਹਿਰ ਦੇ ਖਾਣੇ ਤੋਂ ਬਾਅਦ ਵੀ ਚੱਲਦੀ ਰਹੀ। ਉਨ੍ਹਾਂ ਨੇ ਸਾਰੇ ਤੱਥ ਪੇਸ਼ ਕੀਤੇ ਅਤੇ ਇਹ ਸਾਬਤ ਕਰਨ ਦੀ ਕੋਸ਼ਿਸ਼ ਕੀਤੀ ਕਿ ਉਨ੍ਹਾਂ ਨੂੰ ਝੂਠੇ ਫਸਾਇਆ ਗਿਆ ਹੈ। ਇਸ ਮਾਮਲੇ ਦੀ ਸੁਣਵਾਈ ਕੱਲ੍ਹ ਦੁਬਾਰਾ ਹੋਵੇਗੀ, ਅਤੇ ਮੰਨਿਆ ਜਾ ਰਿਹਾ ਹੈ ਕਿ ਉਨ੍ਹਾਂ ਦੀ ਪਟੀਸ਼ਨ 'ਤੇ ਫੈਸਲਾ ਆ ਸਕਦਾ ਹੈ। ਜ਼ਿਕਰ ਕਰ ਦਈਏ ਕਿ ਵਿਜੀਲੈਂਸ ਬਿਊਰੋ ਨੇ 25 ਜੂਨ ਨੂੰ ਬਿਕਰਮ ਸਿੰਘ ਮਜੀਠੀਆ ਨੂੰ ਅੰਮ੍ਰਿਤਸਰ ਸਥਿਤ ਉਨ੍ਹਾਂ ਦੇ ਘਰ ਤੋਂ ਗ੍ਰਿਫ਼ਤਾਰ ਕੀਤਾ ਸੀ। ਇਸ ਤੋਂ ਬਾਅਦ, ਟੀਮਾਂ ਨੇ ਹਿਮਾਚਲ ਪ੍ਰਦੇਸ਼, ਦਿੱਲੀ ਅਤੇ ਉੱਤਰ ਪ੍ਰਦੇਸ਼ ਸਮੇਤ 25 ਥਾਵਾਂ 'ਤੇ ਛਾਪੇਮਾਰੀ ਕੀਤੀ ਅਤੇ ਉਨ੍ਹਾਂ ਦੀਆਂ ਜਾਇਦਾਦਾਂ ਦੀ ਪਛਾਣ ਕੀਤੀ।



### ਸੀਬੀਆਈ ਅਦਾਲਤ ਨੇ ਵਿਚੋਲੇ ਕ੍ਰਿਸ਼ਨੂ ਨੂੰ 14 ਦਿਨ ਦੀ ਨਿਆਂਇਕ ਹਿਰਾਸਤ 'ਚ ਭੇਜਿਆ

# ਭੁੱਲਰ ਮੁੜ 5 ਦਿਨਾਂ ਦੇ ਰਿਮਾਂਡ 'ਤੇ





**ਚੰਡੀਗੜ੍ਹ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ 5 ਲੱਖ ਰੁਪਏ ਦੀ ਰਿਸ਼ਵਤ ਲੈਂਦੇ ਫੜੇ ਗਏ ਸਾਬਕਾ ਡੀਜੀਪੀ ਹਰਚਰਨ ਸਿੰਘ ਭੁੱਲਰ ਨੂੰ ਚੰਡੀਗੜ੍ਹ ਦੀ 329 ਅਦਾਲਤ ਨੇ ਮੁੜ 5 ਦਿਨਾਂ ਦੇ ਰਿਮਾਂਡ 'ਤੇ ਭੇਜਿਆ ਹੈ। ਇਸ ਤੋਂ ਪਹਿਲਾਂ ਵੀ ਸੀਬੀਆਈ ਨੇ ਸਾਬਕਾ ਡੀਜੀਪੀ ਨੂੰ 5 ਦਿਨਾਂ ਦੇ ਰਿਮਾਂਡ 'ਤੇ ਲਿਆ ਸੀ। ਇਸ ਤੋਂ ਇਲਾਵਾ ਦੂਜੇ ਮਾਮਲੇ 'ਚ ਭੁੱਲਰ ਨੂੰ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ ਹੈ। ਸੁਣਵਾਈ ਦੌਰਾਨ ਭੁੱਲਰ ਦੇ ਵਕੀਲ ਨੇ ਜੇਲ੍ਹ ਵਿੱਚ ਉਸਨੂੰ ਮਿਲਣ ਲਈ ਇੱਕ ਪਟੀਸ਼ਨ ਦਾਇਰ ਕੀਤੀ, ਜਿਸ 'ਤੇ ਅਦਾਲਤ ਨੇ ਹੁਕਮ ਦਿੱਤਾ ਕਿ ਭੁੱਲਰ ਹਰ ਰੋਜ਼ ਸ਼ਾਮ 4 ਤੋਂ 5 ਵਜੇ ਦੇ ਵਿਚਕਾਰ ਆਪਣੇ ਵਕੀਲ ਨਾਲ ਮੁਲਾਕਾਤ ਕਰ ਸਕਦੇ ਹਨ। ਇਸ ਤੋਂ ਪਹਿਲਾਂ ਭੁੱਲਰ ਦੇ ਵਕੀਲ ਨੇ ਰਿਮਾਂਡ ਦਾ ਵਿਰੋਧ ਕੀਤਾ ਸੀ। ਉਸਨੇ ਕਿਹਾ ਕਿ ਸੀਬੀਆਈ ਪੰਜਾਬ ਵਿੱਚ ਦਾਖਲ ਨਹੀਂ ਹੋ ਸਕਦੀ ਅਤੇ ਉਸਦੀ ਗ੍ਰਿਫਤਾਰੀ ਗੈਰ-ਕਾਨੂੰਨੀ ਹੈ। ਦੱਸ ਦਈਏ ਕਿ ਸੀਬੀਆਈ ਵੱਲੋਂ ਰਿਸ਼ਵਤਖੋਰੀ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਸਾਬਕਾ ਡੀਜੀਪੀ ਹਰਚਰਨ ਸਿੰਘ ਭੁੱਲਰ ਅਤੇ ਵਿਚੋਲੇ ਕ੍ਰਿਸ਼ਨੂ ਨੂੰ ਅੱਜ ਅਦਾਲਤ ਚ ਪੇਸ਼ ਕੀਤਾ ਗਿਆ ਸੀ। ਜਿੱਥੇ ਅਦਾਲਤ ਨੇ ਕ੍ਰਿਸ਼ਨੂ ਨੂੰ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਹੈ। ਇਸ ਤੋਂ ਪਹਿਲਾਂ ਅਦਾਲਤ ਨੇ ਕ੍ਰਿਸ਼ਨੂ ਨੂੰ 9 ਦਿਨਾਂ ਦੇ ਸੀਬੀਆਈ ਰਿਮਾਂਡ 'ਤੇ ਭੇਜਿਆ ਸੀ। ਸੀਬੀਆਈ ਨੇ ਕ੍ਰਿਸ਼ਨੂ ਨੂੰ ਸਕ੍ਰੈਪ ਡੀਲਰ ਤੋਂ ਰਿਸ਼ਵਤ ਲੈਣ ਦੇ ਮਾਮਲੇ 'ਚ ਗ੍ਰਿਫ਼ਤਾਰ ਕੀਤਾ ਸੀ।

## ਬਿਹਾਰ ਚੋਣਾਂ : ਪਹਿਲੇ ਪੜਾਅ ਦੀ ਵੋਟਿੰਗ ਖਤਮ, 1314 ਉਮੀਦਵਾਰਾਂ ਦੀ ਕਿਸਮਤ ਮਸ਼ੀਨਾਂ 'ਚ ਕੈਦ

**ਪਟਨਾ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਬਿਹਾਰ ਵਿਧਾਨ ਸਭਾ ਚੋਣਾਂ ਦੇ ਪਹਿਲੇ ਪੜਾਅ 'ਚ 121 ਸੀਟਾਂ 'ਤੇ ਵੋਟਿੰਗ ਖਤਮ ਹੋ ਗਈ ਹੈ। ਵੋਟਿੰਗ ਸਵੇਰੇ 7 ਵਜੇ ਤੋਂ ਲੈ ਕੇ ਸ਼ਾਮ 6 ਵਜੇ ਤਕ ਚੱਲੀ। ਸ਼ਾਮ 5 ਵਜੇ ਤਕ ਕੁੱਲ 60.13 ਫੀਸਦੀ ਵੋਟਿੰਗ ਹੋਈ। ਉਥੇ ਹੀ ਸੁਰੱਖਿਆ ਕਾਰਨਾਂ ਕਰਕੇ ਮੁੰਗੇਰ ਜ਼ਿਲ੍ਹੇ ਦੀਆਂ ਤਿੰਨ ਸੀਟਾਂ- ਤਾਰਾਪੁਰ, ਮੁੰਗੇਰ ਅਤੇ ਜਮਾਲਪੁਰ ਤੋਂ ਇਲਾਵਾ ਸਿਮਰੀ ਬਖਤਿਆਰਪੁਰ, ਮਹਿਸ਼ੀ ਅਤੇ ਸੂਰਿਆਗੜ੍ਹ ਦੇ 56 ਵੋਟਿੰਗ ਕੇਂਦਰਾਂ 'ਤੇ ਸ਼ਾਮ 5 ਵਜੇ ਤਕ ਹੀ ਹੋਈ। ਪਹਿਲੇ ਪੜਾਅ 'ਚ 1314 ਉਮੀਦਵਾਰ ਮੈਦਾਨ 'ਚ ਹਨ, ਇਨ੍ਹਾਂ 'ਚ ਸਮਰਾਟ ਚੌਧਰੀ, ਵਿਜੇ ਕੁਮਾਰ ਸਿਨਹਾ, ਤੇਜਸਵੀ ਯਾਦਵ, ਖੇਸਾਰੀ ਲਾਲ ਯਾਦਵ ਸਣੇ ਕਈ ਦਿੱਗਜ ਨੇਤਾਵਾਂ ਦੀ ਕਿਸਮਤ ਦਾਅ 'ਤੇ ਲੱਗੀ ਹੈ। ਮੁੱਖ ਚੋਣ ਦਫਤਰ ਤੋਂ ਪ੍ਰਾਪਤ ਜਾਣਕਾਰੀ ਮੁਤਾਬਕ, ਸ਼ਾਮ 5 ਵਜੇ ਤਕ ਬੇਗੂਸਰਾਏ ਵਿੱਚ 67.32 ਫੀਸਦੀ, ਭੋਜਪੁਰ ਵਿੱਚ 53.24 ਫੀਸਦੀ, ਬਕਸਰ ਵਿੱਚ 55.10 ਫੀਸਦੀ, ਦਰਭੰਗਾ ਵਿੱਚ 58.38 ਫੀਸਦੀ, ਗੋਪਾਲਗੰਜ ਵਿੱਚ 64.96 ਫੀਸਦੀ, ਖਗੜੀਆ ਵਿੱਚ 60.65 ਫੀਸਦੀ, ਲਖੀਸਰਾਏ ਵਿੱਚ 62.76 ਫੀਸਦੀ, ਮਧੇਪੁਰਾ ਵਿੱਚ 65.74 ਫੀਸਦੀ, ਮੁੰਗੇਰ ਵਿੱਚ 54.90 ਫੀਸਦੀ, ਮੁਜ਼ੱਫਰਪੁਰ ਵਿੱਚ 64.63 ਫੀਸਦੀ, ਨਾਲੰਦਾ ਵਿੱਚ 57.58 ਫੀਸਦੀ, ਪਟਨਾ ਵਿੱਚ 55.02 ਫੀਸਦੀ, ਸਹਰਸਾ ਵਿੱਚ 62.65 ਫੀਸਦੀ, ਸਮਸਤੀਪੁਰ ਵਿੱਚ 66.65 ਫੀਸਦੀ, ਸਰਨ ਵਿੱਚ 60.90 ਫੀਸਦੀ, ਸ਼ੇਖਪੁਰਾ ਵਿੱਚ 52.36 ਫੀਸਦੀ, ਸੀਵਾਨ ਵਿੱਚ 57.41 ਫੀਸਦੀ ਅਤੇ ਵੈਸ਼ਾਲੀ ਵਿੱਚ 59.45 ਫੀਸਦੀ ਵੋਟਿੰਗ ਦਰਜ ਕੀਤੀ ਗਈ ਹੈ। ਦੁਪਹਿਰ 3 ਵਜੇ ਤੱਕ ਸੂਬੇ ਦੇ ਬੇਗੂਸਰਾਏ, ਮੁਜ਼ੱਫਰਪੁਰ ਅਤੇ ਗੋਪਾਲਗੰਜ ਜ਼ਿਲ੍ਹਿਆਂ ਵਿੱਚ ਸਭ ਤੋਂ ਵੱਧ ਵੋਟਿੰਗ ਹੋਈ, ਜਦੋਂ ਕਿ ਪਟਨਾ, ਸ਼ੇਖਪੁਰਾ ਅਤੇ ਸਿਵਾਨ ਵਿੱਚ ਵੋਟਿੰਗ ਪ੍ਰਤੀਸ਼ਤਤਾ ਸਭ ਤੋਂ ਘੱਟ ਰਹੀ। ਮੁੱਖ ਚੋਣ ਦਫ਼ਤਰ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ, ਦੁਪਹਿਰ 3 ਵਜੇ ਤੱਕ ਬੇਗੂਸਰਾਏ ਵਿੱਚ 59.82 ਪ੍ਰਤੀਸ਼ਤ, ਮੁਜ਼ੱਫਰਪੁਰ ਵਿੱਚ 58.40 ਪ੍ਰਤੀਸ਼ਤ ਅਤੇ ਗੋਪਾਲਗੰਜ ਵਿੱਚ 58.17 ਪ੍ਰਤੀਸ਼ਤ ਵੋਟਿੰਗ ਦਰਜ ਕੀਤੀ ਗਈ। ਇਸ ਤੋਂ ਇਲਾਵਾ, ਮਧੇਪੁਰਾ ਵਿੱਚ 55.96 ਪ੍ਰਤੀਸ਼ਤ, ਸਹਰਸਾ ਵਿੱਚ 55.22 ਪ੍ਰਤੀਸ਼ਤ, ਦਰਭੰਗਾ ਵਿੱਚ 51.75 ਪ੍ਰਤੀਸ਼ਤ, ਸਿਵਾਨ ਵਿੱਚ 50.93 ਪ੍ਰਤੀਸ਼ਤ, ਸਾਰਨ ਵਿੱਚ 54.60 ਪ੍ਰਤੀਸ਼ਤ, ਵੈਸ਼ਾਲੀ ਵਿੱਚ 53.63 ਪ੍ਰਤੀਸ਼ਤ ਵੋਟਿੰਗ ਹੋ ਚੁੱਕੀ ਸੀ।

## ਬੈਨਰ ਵਿਵਾਦ 'ਚ ਫਸੀ ਕਾਂਗਰਸ, ਸੁਖਬੀਰ ਸਿੰਘ ਬਾਦਲ ਬੋਲੇ- ਗੁਨਾਹ ਲਈ ਸਮੁੱਚੇ ਸਿੱਖ ਪੰਥ ਤੋਂ ਮਾਫੀ ਮੰਗੀ ਜਾਵੇ

**ਤਰਨ-ਤਾਰਨ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਤਰਨ-ਤਾਰਨ ਜਿਮਨੀ ਚੋਣਾਂ ਨੂੰ ਲੈ ਕੇ ਪੰਜਾਬ ਕਾਂਗਰਸ ਬੈਨਰ ਵਿਵਾਦ 'ਚ ਫਸਦੀ ਨਜ਼ਰ ਆ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਘਟਨਾ ਦੀ ਸਖਤ ਸ਼ਬਦਾਂ 'ਚ ਨਿੰਦਾ ਕਰਦਿਆਂ ਕਾਂਗਰਸ ਨੂੰ ਸਮੁੱਚੇ ਸਿੱਖ ਪੰਥ ਤੋਂ ਮਾਫ਼ੀ ਮੰਗਣ ਲਈ ਕਿਹਾ ਹੈ। ਜਾਣਕਾਰੀ ਅਨੁਸਾਰ, ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਵੱਲੋਂ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਇੱਕ ਤਸਵੀਰ ਸਾਂਝੀ ਕੀਤੀ ਗਈ ਹੈ, ਜਿਸ ਨੂੰ ਲੈ ਕੇ ਉਨ੍ਹਾਂ ਨੇ ਕਾਂਗਰਸ ਪਾਰਟੀ ਨੂੰ ਘੇਰਿਆ ਹੈ। ਤਸਵੀਰ ਵਿੱਚ ਕਾਂਗਰਸ ਨੇ ਆਪਣੇ ਕੌਮੀ ਅਤੇ ਸੂਬਾਈ ਆਗੂਆਂ ਦੀਆਂ ਤਸਵੀਰਾਂ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਭਾਈ ਜੀਵਨ ਸਿੰਘ (ਭਾਈ ਜੈਤਾ ਜੀ) ਦੀਆਂ ਫੋਟੋਆਂ ਤੋਂ ਉੱਪਰ ਲਗਾ ਰੱਖੀਆਂ ਹਨ, ਜਿਸ ਨੂੰ ਲੈ ਕੇ ਵਿਵਾਦ ਖੜ੍ਹਾ ਹੋਇਆ ਹੈ। ਸੁਖਬੀਰ ਸਿੰਘ ਬਾਦਲ ਨੇ ਆਪਣੀ ਪੋਸਟ 'ਚ ਕਿਹਾ, "ਕਾਂਗਰਸ ਪਾਰਟੀ ਵੱਲੋਂ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਭਾਈ ਜੀਵਨ ਸਿੰਘ (ਭਾਈ ਜੈਤਾ ਜੀ ) ਦੀਆਂ ਤਸਵੀਰਾਂ ਦੇ ਕੀਤੇ ਨਿਰਾਦਰ ਦੀ ਮੈਂ ਸਖ਼ਤ ਨਿਖੇਦੀ ਕਰਦਾ ਹਾਂ। ਕਾਂਗਰਸ ਪਾਰਟੀ ਵਲੋਂ ਚੋਣ ਪ੍ਰਚਾਰ ਲਈ ਲਗਾਈ ਸਟੇਜ ਉੱਪਰ ਲੱਗੇ ਬੈਨਰ 'ਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਬਾਬਾ ਜੀਵਨ ਸਿੰਘ ਜੀ ਦੀ ਤਸਵੀਰ ਤੋਂ ਉੱਪਰ ਸੋਨੀਆ ਗਾਂਧੀ, ਰਾਹੁਲ ਗਾਂਧੀ ਤੇ ਪ੍ਰਿਅੰਕਾ ਗਾਂਧੀ ਸਮੇਤ ਹੋਰ ਕਾਂਗਰਸੀ ਆਗੂਆਂ ਦੀਆ ਤਸਵੀਰਾਂ ਲਗਾਉਣੀਆਂ ਬੇਹੱਦ ਬੱਜਰ ਗੁਨਾਹ ਹੈ।" ਉਨ੍ਹਾਂ ਅੱਗੇ ਕਿਹਾ, "ਪਹਿਲਾਂ ਕਾਂਗਰਸ ਪਾਰਟੀ ਦੇ ਪ੍ਰਧਾਨ ਰਾਜਾ ਵੜਿੰਗ ਵੱਲੋਂ ਦਲਿਤ ਭਾਈਚਾਰੇ ਦਾ ਅਪਮਾਨ ਕੀਤਾ ਗਿਆ ਤੇ ਹੁਣ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਭਾਈ ਜੀਵਨ ਸਿੰਘ ਜੀ ਦਾ ਅਪਮਾਨ ਕੀਤਾ ਹੈ। ਇਸ ਕਰਕੇ ਸਿੱਖ ਮਨਾਂ ਨੂੰ ਵੱਡੀ ਠੇਸ ਪਹੁੰਚੀ ਹੈ , ਕਾਂਗਰਸ ਪਾਰਟੀ ਇਸ ਗੁਨਾਹ ਲਈ ਸਮੁੱਚੇ ਸਿੱਖ ਪੰਥ ਤੋਂ ਮੁਆਫ਼ੀ ਮੰਗੇ।"



**ਚੋਣ ਕਮਿਸ਼ਨ ਨੂੰ ਸ਼ਿਕਾਇਤ ਕਰਾਂਗੇ :** ਉਧਰ, ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਉਹ ਇਸ ਮਾਮਲੇ ਸਬੰਧੀ ਚੋਣ ਕਮਿਸ਼ਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਕੋਲ ਸ਼ਿਕਾਇਤ ਦਰਜ ਕਰਵਾਉਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਆਗੂਆਂ ਨੇ ਪਹਿਲਾਂ ਵੀ ਸਾਬਕਾ ਗ੍ਰਹਿ ਮੰਤਰੀ ਬੂਟਾ ਸਿੰਘ ਬਾਰੇ ਇਹ ਅਪਮਾਨਜਨਕ ਟਿੱਪਣੀ ਕੀਤੀ ਸੀ। ਇਸ ਨੂੰ ਛੁਪਾਉਣ ਲਈ ਉਨ੍ਹਾਂ ਨੇ ਇਹ ਪੋਸਟਰ ਲਗਾਇਆ ਹੈ, ਜੋ ਗੁਰੂ ਸਾਹਿਬਾਨ ਦਾ ਨਿਰਾਦਰ ਕਰਦਾ ਹੈ।

## ਸਿੱਖ ਭਾਈਚਾਰੇ ਲਈ ਇਤਿਹਾਸਕ ਪਲ : ਜਲੰਧਰ ਦੇ ਸਵਰਨਜੀਤ ਸਿੰਘ ਖਾਲਸਾ ਨੌਰਵਿਚ (ਕਨੈਕਟੀਕਟ, ਯੂਐਸਏ) ਦੇ ਪਹਿਲੇ ਸਿੱਖ ਮੇਅਰ ਚੁਣੇ ਗਏ

**ਨੌਰਵਿਚ (ਕਨੈਕਟੀਕਟ), 6 ਨਵੰਬਰ (ਸਰਬਜੀਤ ਸਿੰਘ ਬਨੂੜ)**-ਸਿੱਖ ਭਾਈਚਾਰੇ ਲਈ ਮਾਣ ਵਾਲੀ ਖ਼ਬਰ ਹੈ ਕਿ ਸ. ਸਵਰਨਜੀਤ ਸਿੰਘ ਖਾਲਸਾ ਨੇ ਨੌਰਵਿਚ ਸ਼ਹਿਰ ਅਮਰੀਕਾ ਦੀ ਮੇਅਰਲ ਚੋਣ ਜਿੱਤ ਲਈ ਹੈ ਅਤੇ ਇਸ ਨਾਲ ਹੀ ਉਹ ਕਨੈਕਟੀਕਟ ਰਾਜ ਦੇ ਪਹਿਲੇ ਸਿੱਖ ਮੇਅਰ ਬਣ ਗਏ ਹਨ।



ਸ. ਖਾਲਸਾ ਮੂਲ ਰੂਪ ਵਿੱਚ ਪੰਜਾਬ ਦੇ ਜਲੰਧਰ ਜ਼ਿਲ੍ਹੇ ਨਾਲ ਸੰਬੰਧਤ ਹਨ। ਉਨ੍ਹਾਂ ਦਾ ਪਰਿਵਾਰ ਪੰਥਕ ਅਤੇ ਰਾਜਨੀਤਿਕ ਦ੍ਰਿਸ਼ਟੀ ਨਾਲ ਜਾਣਿਆ ਜਾਂਦਾ ਹੈ। ਸਵਰਨਜੀਤ ਸਿੰਘ ਨੇ ਕੰਪਿਊਟਰ ਵਿਗਿਆਨ ਵਿੱਚ ਮਾਸਟਰ ਡਿਗਰੀ ਪ੍ਰਾਪਤ ਕਰਨ ਲਈ ਅਮਰੀਕਾ ਦਾ ਰੁਖ ਕੀਤਾ ਸੀ ਅਤੇ ਬਾਅਦ ਵਿੱਚ ਨੌਰਵਿਚ ਸ਼ਹਿਰ ਵਿੱਚ ਸਫਲ ਕਾਰੋਬਾਰੀ ਵਜੋਂ ਸੈਟਲ ਹੋ ਗਏ।

ਪਿਛਲੇ ਸੱਤ ਸਾਲਾਂ ਤੋਂ ਖਾਲਸਾ ਨਗਰ ਯੋਜਨਾ ਅਤੇ ਸਿੱਖਿਆ ਬੋਰਡ ਵਿੱਚ ਕੌਂਸਲਰ ਵਜੋਂ ਸੇਵਾ ਨਿਭਾ ਰਹੇ ਹਨ। ਉਹ ਸਿੱਖ ਭਾਈਚਾਰੇ ਨਾਲ ਜੁੜੇ ਵਿਸ਼ਿਆਂ 1984 ਦੀ ਸਿੱਖ ਨਸਲਕੁਸ਼ੀ, 1986 ਦੀ ਆਜ਼ਾਦੀ ਦਾ ਐਲਾਨ ਅਤੇ ਸਰਬੱਤ ਖਾਲਸਾ ਵਰਗੇ ਅਹਿਮ ਮਾਮਲਿਆਂ 'ਤੇ ਵਿਸ਼ਵ ਪੱਧਰ 'ਤੇ ਅਵਾਜ਼ ਉਠਾਉਣ ਲਈ ਮੰਨੇ ਜਾਂਦੇ ਹਨ।

ਉਨ੍ਹਾਂ ਨੂੰ ਸਿੱਖ ਅਧਿਕਾਰਾਂ ਅਤੇ ਵਿਸ਼ਵ ਪੱਧਰੀ ਨਿਆਂ ਦੀ ਲੜਾਈ ਲਈ ਅਣਗਿਣਤ ਮਾਨਤਾ ਅਤੇ ਸਨਮਾਨ ਮਿਲੇ ਹਨ। ਸਵਰਨਜੀਤ ਸਿੰਘ ਖਾਲਸਾ ਇਸ ਵੇਲੇ ਵਿਸ਼ਵ ਸਿੱਖ ਪਾਰਲੀਮੈਂਟ ਦੀ ਸੰਯੁਕਤ ਰਾਸ਼ਟਰ ਕੌਂਸਲ ਦੇ ਕੋਆਰਡੀਨੇਟਰ ਹਨ ਅਤੇ ਸਿੱਖ ਹੋਮਲੈਂਡ ਲਈ ਅੰਤਰਰਾਸ਼ਟਰੀ ਪੱਧਰ 'ਤੇ ਵੋਕਲ ਐਡਵੋਕੇਟ ਵਜੋਂ ਜਾਣੇ ਜਾਂਦੇ ਹਨ।

ਉਨ੍ਹਾਂ ਦੇ ਪਿਤਾ ਪਰਮਿੰਦਰ ਪਾਲ ਸਿੰਘ ਪੰਜਾਬ ਵਿੱਚ ਪ੍ਰਸਿੱਧ ਪਰਉਪਕਾਰੀ ਹਨ, ਜਦਕਿ ਉਨ੍ਹਾਂ ਦੇ ਭਰਾ ਮਨਪ੍ਰੀਤ ਸਿੰਘ, ਵਿਸ਼ਵ ਸਿੱਖ ਪਾਰਲੀਮੈਂਟ ਦੇ ਜਨਰਲ ਸਕੱਤਰ ਹਨ।

ਸ. ਖਾਲਸਾ ਨੇ ਆਪਣੀ ਚੋਣੀ ਮੁਹਿੰਮ T#SinghU ਦੇ ਨਾਅਰੇ ਹੇਠ ਚਲਾਈ। ਉਨ੍ਹਾਂ ਨੇ ਜਿੱਤ ਤੋਂ ਬਾਅਦ ਕਿਹਾ ਕਿ ਉਹ ਨੌਰਵਿਚ ਨੂੰ ਹੋਰ ਕਿਫ਼ਾਇਤੀ, ਨਿਆਂਯੋਗ ਅਤੇ ਸਾਂਝੀ ਤਰੱਕੀ ਵਾਲਾ ਸ਼ਹਿਰ ਬਣਾਉਣ ਲਈ ਕੰਮ ਕਰਨਗੇ।

## ਸਿੱਖ ਫ਼ੌਜੀਆਂ ਦੀ ਕੁਰਬਾਨੀ ਨੂੰ ਸਮਰਪਤ ਕੈਨੇਡਾ ਸਰਕਾਰ ਵੱਲੋਂ ਡਾਕ ਟਿਕਟ ਜਾਰੀ




**ਓਂਟਾਰੀਓ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਓਂਟਾਰੀਓ ਵਿਚ ਇਕ ਸਮਾਰੋਹ ਦੌਰਾਨ ਕੈਨੇਡਾ ਸਰਕਾਰ ਵਲੋਂ ਸਿੱਖ ਫ਼ੌਜੀਆਂ ਦਾ ਸਨਮਾਨ ਕਰਦੇ ਹੋਏ ਇਕ ਨਵੀਂ ਕੈਨੇਡਾ ਪੋਸਟ ਯਾਦਗਾਰੀ ਦਿਵਸ ਡਾਕ ਟਿਕਟ ਜਾਰੀ ਕੀਤੀ ਗਈ ਹੈ। 18ਵੇਂ ਸਾਲਾਨਾ ਸਿੱਖ ਯਾਦਗਾਰੀ ਦਿਵਸ ਸਮਾਰੋਹ ਦੌਰਾਨ ਪਹਿਲੀ ਵਾਰ ਸਿੱਖ-ਕੈਨੇਡੀਅਨ ਫ਼ੌਜੀਆਂ ਦੇ ਯੋਗਦਾਨ ਦਾ ਸਨਮਾਨ ਕਰਦੇ ਹੋਏ ਇਕ ਨਵੀਂ ਡਾਕ ਟਿਕਟ ਨੂੰ ਜਾਰੀ ਕੀਤਾ ਗਿਆ ਹੈ। ਇਹ ਯਾਦਗਾਰੀ ਡਾਕ ਟਿਕਟ ਕੈਨੇਡੀਅਨ ਫ਼ੌਜ ਵਿਚ ਸਿੱਖਾਂ ਦੁਆਰਾ ਇਕ ਸਦੀ ਤੋਂ ਵੱਧ ਸਮੇਂ ਦੀ ਸੇਵਾ ਨੂੰ ਮਾਨਤਾ ਦਿੰਦੀ ਹੈ, ਜਿਸ ਦੀ ਸ਼ੁਰੂਆਤ ਪਹਿਲੇ ਵਿਸ਼ਵ ਯੁੱਧ ਦੌਰਾਨ ਹਥਿਆਰਬੰਦ ਫ਼ੌਜ ਵਿਚ ਭਰਤੀ ਹੋਏ 10 ਸਿੱਖ ਫ਼ੌਜੀਆਂ ਨਾਲ ਹੋਈ ਸੀ। ਸਿੱਖ ਭਾਈਚਾਰੇ ਵਲੋਂ ਹਰ ਸਾਲ ਵਾਂਗ ਇਸ ਸਾਲ ਵੀ ਇਹ ਸਮਾਰੋਹ ਓਂਟਾਰੀਓ ਦੇ ਕਿਚਨਰ ਵਿਚ ਪ੍ਰਾਈਵੇਟ ਬਕਮ ਸਿੰਘ ਦੀ ਯਾਦਗਾਰ 'ਤੇ ਆਯੋਜਿਤ ਕੀਤਾ ਗਿਆ ਸੀ। ਇਹ ਕੈਨੇਡਾ ਵਿਚ ਵਿਸ਼ਵ ਯੁੱਧਾਂ ਦੇ ਇਕ ਸਿੱਖ ਸਿਪਾਹੀ ਨੂੰ ਸਮਰਪਤ ਇਕੋ-ਇਕ ਯਾਦਗਾਰ ਹੈ। ਪਿਛਲੇ 18 ਸਾਲਾਂ ਤੋਂ ਸਿੱਖ ਭਾਈਚਾਰੇ ਦੇ ਮੈਂਬਰ ਕਿਚਨਰ ਵਿਚ ਪ੍ਰਾਈਵੇਟ ਬਕਮ ਸਿੰਘ ਦੀ ਯਾਦਗਾਰ 'ਤੇ ਇਕੱਠੇ ਹੁੰਦੇ ਰਹੇ ਹਨ।

## ਸ਼੍ਰੀ ਤਰਨ ਤਾਰਨ ਜ਼ਿਮਨੀ ਚੋਣ 2025

# ਪੰਥਕ ਹਲਕੇ ਦੇ ਵੋਟਰਾਂ ਨੂੰ ਅਪੀਲ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

# ਪਾਰਟੀਬਾਜੀ ਤੋਂ ਉੱਪਰ ਉੱਠ ਕੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਵੋਟ ਪਾਉਣ : ਇੰਟਰਨੈਸ਼ਨਲ ਪੰਥਕ ਦਲ



**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



**ਭਾਈ ਪਰਮਜੀਤ ਸਿੰਘ ਢਾਡੀ**
ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



**ਭਾਈ ਰਘਵੀਰ ਸਿੰਘ**
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.



**ਭਾਈ ਕਪਤਾਨ ਸਿੰਘ**
ਜਰਨਲ ਸਕੱਤਰ ਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ ਯੂ.ਕੇ.

**ਲਵਰਹੈਪਟਨ (ਇੰਗਲੈਂਡ)** — ਸ਼੍ਰੀ ਤਰਨ ਤਾਰਨ ਸਾਹਿਬ – ਪੰਥਕ ਏਕਤਾ ਅਤੇ ਖਾਲਸਾ ਮਰਿਆਦਾ ਦੇ ਸੁਨੇਹੇ ਨਾਲ ਜੁੜੇ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸ਼੍ਰੀ ਤਰਨ ਤਾਰਨ ਸਾਹਿਬ ਹਲਕੇ ਵਿੱਚ ਹੋ ਰਹੀ ਜ਼ਿਮਨੀ ਚੋਣ ਸਬੰਧੀ ਇੱਕ ਮਹੱਤਵਪੂਰਨ ਬਿਆਨ ਜਾਰੀ ਕੀਤਾ ਗਿਆ ਹੈ। ਦਲ ਨੇ ਪੰਥਕ ਹਲਕੇ ਦੇ ਸੂਝਵਾਨ ਅਤੇ ਜਾਗਰੂਕ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਾਰਟੀਬਾਜੀ, ਵਿਅਕਤੀਗਤ ਰੁਝਾਨਾਂ ਅਤੇ ਰਾਜਨੀਤਿਕ ਸਵਾਰਥਾਂ ਤੋਂ ਉੱਪਰ ਉੱਠ ਕੇ ਆਪਣੀ ਵੋਟ ਕੇਵਲ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਹੀ ਪਾਉਣ। ਇਹ ਸਾਂਝਾ ਬਿਆਨ ਭਾਈ ਪਰਮਜੀਤ ਸਿੰਘ ਢਾਡੀ, ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ ਇੰਟਰਨੈਸ਼ਨਲ ਪੰਥਕ ਦਲ, ਭਾਈ ਰਘਵੀਰ ਸਿੰਘ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂ.ਕੇ., ਅਤੇ ਭਾਈ ਕਪਤਾਨ ਸਿੰਘ, ਜਰਨਲ ਸਕੱਤਰ ਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਵੱਲੋਂ ਸਾਂਝੇ ਤੌਰ 'ਤੇ ਜਾਰੀ ਕੀਤਾ ਗਿਆ।

**ਵਾਰਿਸ ਪੰਜਾਬ ਅਕਾਲੀ ਦਲ ਦਾ ਪੰਥਕ ਉਮੀਦਵਾਰ :** ਇੰਟਰਨੈਸ਼ਨਲ ਪੰਥਕ ਦਲ ਦੇ ਆਗੂਆਂ ਨੇ ਦੱਸਿਆ ਕਿ ਵਾਰਿਸ ਪੰਜਾਬ ਅਕਾਲੀ ਦਲ ਨੇ ਸ਼੍ਰੀ ਤਰਨ ਤਾਰਨ ਹਲਕੇ ਤੋਂ ਹੋ ਰਹੀ ਜ਼ਿਮਨੀ ਚੋਣ ਵਿੱਚ ਆਪਣੇ ਉਮੀਦਵਾਰ ਵਜੋਂ ਭਾਈ ਸੰਦੀਪ ਸਿੰਘ ਸੱਨੀ ਦੇ ਭਰਾ ਭਾਈ ਮਨਦੀਪ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਹੈ। ਭਾਈ ਸੰਦੀਪ ਸਿੰਘ ਸੱਨੀ ਇਸ ਸਮੇਂ ਜੇਲ੍ਹ ਵਿੱਚ ਬੰਦ ਹਨ ਅਤੇ ਉਹਨਾਂ ਦਾ ਪੰਥਕ ਤੇ ਜਨਤਕ ਯੋਗਦਾਨ ਕਾਫ਼ੀ ਮਹੱਤਵਪੂਰਨ ਰਿਹਾ ਹੈ। ਉਨ੍ਹਾਂ ਦੀ ਗੈਰਹਾਜ਼ਰੀ ਵਿੱਚ, ਉਨ੍ਹਾਂ ਦੇ ਭਰਾ ਭਾਈ ਮਨਦੀਪ ਸਿੰਘ ਨੇ ਪੰਥਕ ਸਿਧਾਂਤਾਂ ਦੀ ਰੱਖਿਆ ਅਤੇ ਲੋਕ ਸੇਵਾ ਨੂੰ ਅਗੇ ਵਧਾਉਣ ਦਾ ਸੰਕਲਪ ਲਿਆ ਹੈ। ਪੰਥਕ ਦਲ ਦੇ ਆਗੂਆਂ ਨੇ ਕਿਹਾ ਕਿ ਭਾਈ ਮਨਦੀਪ ਸਿੰਘ ਇੱਕ ਸਿੱਖ ਅਦਰਸ਼ਾਂ, ਸੱਚਾਈ ਅਤੇ ਸੇਵਾ ਦੇ ਪੱਖਦਾਰ ਉਮੀਦਵਾਰ ਹਨ, ਜਿਨ੍ਹਾਂ ਨੇ ਹਮੇਸ਼ਾਂ ਗੁਰੂ ਘਰਾਂ, ਸੰਗਤਾਂ ਅਤੇ ਪੰਥਕ ਮੁਹਿੰਮਾਂ ਵਿੱਚ ਭਾਗ ਲਿਆ ਹੈ।

**ਪੰਥਕ ਏਕਤਾ ਦੀ ਲੋੜ :** ਭਾਈ ਪਰਮਜੀਤ ਸਿੰਘ ਢਾਡੀ, ਭਾਈ ਰਘਵੀਰ ਸਿੰਘ ਅਤੇ ਭਾਈ ਕਪਤਾਨ ਸਿੰਘ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥ ਅਨੇਕਾਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਹਨਾਂ ਕਿਹਾ – "ਇਹ ਚੋਣ ਸਿਰਫ਼ ਇੱਕ ਵਿਧਾਨ ਸਭਾ ਸੀਟ ਦੀ ਨਹੀਂ, ਸਗੋਂ ਪੰਥਕ ਸੋਚ ਅਤੇ ਗੁਰੂ ਸਿੱਖੀ ਅਦਰਸ਼ਾਂ ਦੀ ਜਿੱਤ ਦੀ ਚੋਣ ਹੈ। ਅਸੀਂ ਸਾਰਿਆਂ ਨੂੰ ਇਹ ਸੂਝਬੂਝ ਨਾਲ ਫੈਸਲਾ ਕਰਨਾ ਚਾਹੀਦਾ ਹੈ ਕਿ ਕਿਹੜਾ ਉਮੀਦਵਾਰ ਗੁਰੂ ਸਾਹਿਬ ਦੀ ਰਹਿਤ ਤੇ ਪੰਥ ਦੀ ਆਬਰੂ ਨੂੰ ਕਾਇਮ ਰੱਖ ਸਕਦਾ ਹੈ।" ਉਹਨਾਂ ਹੋਰ ਕਿਹਾ ਕਿ ਪੰਥਕ ਧਿਰਾਂ, ਸਮਾਜਕ ਜਥੇਬੰਦੀਆਂ ਤੇ ਗੁਰਮਤਿ ਪ੍ਰੇਮੀ ਸੰਗਤਾਂ ਵੱਲੋਂ ਵੀ ਭਾਈ ਮਨਦੀਪ ਸਿੰਘ ਦੀ ਖੁੱਲ੍ਹੀ ਹਮਾਇਤ ਕੀਤੀ ਜਾ ਰਹੀ ਹੈ, ਜੋ ਪੰਥਕ ਏਕਤਾ ਦਾ ਸਪਸ਼ਟ ਪ੍ਰਤੀਕ ਹੈ।

**ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਦਾ ਮਹੱਤਵ :** ਆਗੂਆਂ ਨੇ ਕਿਹਾ ਕਿ ਤਰਨ ਤਾਰਨ ਸਾਹਿਬ ਦੀ ਧਰਤੀ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਦੀ ਚਰਨ ਛੋਹ ਧਰਤੀ ਹੈ, ਜੋ ਖਾਲਸਾ ਰਾਜ ਦੇ ਸਮੇਂ ਸਿੱਖ ਰਾਜਧਾਨੀ ਦਾ ਮਾਣ ਰੱਖਦੀ ਆਈ ਹੈ। ਇਸ ਲਈ ਮਾਝੇ ਦੇ ਸੂਝਵਾਨ ਸਿੱਖਾਂ ਨੂੰ ਚਾਹੀਦਾ ਹੈ ਕਿ ਉਹ ਇਸ ਧਰਤੀ ਦੀ ਰਵਾਇਤ ਨੂੰ ਜ਼ਿੰਦਾ ਰੱਖਦਿਆਂ ਪੰਥਕ ਝੰਡੇ ਹੇਠ ਇਕੱਠੇ ਹੋਣ। ਉਹਨਾਂ ਕਿਹਾ ਕਿ ਇਹ ਚੋਣ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਪੰਥਕ ਆਤਮਗੌਰਵ ਦੀ ਪ੍ਰਤੀਕ ਚੋਣ ਹੈ। ਜੇ ਮਾਝੇ ਦੇ ਸਿੱਖ ਇਕਜੁੱਟ ਹੋ ਕੇ ਭਾਈ ਮਨਦੀਪ ਸਿੰਘ ਨੂੰ ਵੱਡੀ ਲੀਡ ਨਾਲ ਕਾਮਯਾਬ ਕਰਾਉਂਦੇ ਹਨ, ਤਾਂ ਇਹ 2027 ਲਈ ਇੱਕ ਮਜ਼ਬੂਤ ਪੰਥਕ ਆਵਾਜ਼ ਦੀ ਸ਼ੁਰੂਆਤ ਹੋਵੇਗੀ।

**ਪੰਥਕ ਦਲ ਦੀ ਅਪੀਲ :** ਇੰਟਰਨੈਸ਼ਨਲ ਪੰਥਕ ਦਲ ਨੇ ਸਾਰਿਆਂ ਪੰਥਕ ਵੋਟਰਾਂ ਨੂੰ ਸਾਂਝੀ ਅਪੀਲ ਕੀਤੀ – **"ਆਉ ਜੀ, 11 ਨਵੰਬਰ ਨੂੰ ਸ਼੍ਰੀ ਤਰਨ ਤਾਰਨ ਸਾਹਿਬ ਦੀ ਧਰਤੀ ਤੋਂ ਪੰਥਕ ਜਿੱਤ ਦਾ ਨਾਅਰਾ ਲਗਾਈਏ। ਆਪਣੇ ਗੁਰੂ ਦੀ ਰਹਿਤ, ਆਪਣੇ ਸ਼ਹੀਦਾਂ ਦੀ ਕੁਰਬਾਨੀ ਅਤੇ ਆਪਣੀ ਧਰਤੀ ਦੇ ਮਾਣ ਲਈ ਭਾਈ ਮਨਦੀਪ ਸਿੰਘ ਨੂੰ ਜਿੱਤਾਂ ਕੇ 2027 ਦਾ ਰਾਹ ਪੱਧਰਾ ਕਰੀਏ।"**

## ਚੋਣ ਮਿਤੀ:
## 11 ਨਵੰਬਰ 2025

**ਹਲਕਾ: ਸ਼੍ਰੀ ਤਰਨ ਤਾਰਨ ਸਾਹਿਬ**
**ਉਮੀਦਵਾਰ: ਭਾਈ ਮਨਦੀਪ ਸਿੰਘ**
**(ਵਾਰਿਸ ਪੰਜਾਬ ਅਕਾਲੀ ਦਲ)**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ

ਆਵਾਜ਼ਿ ਕੌਮ AWAZE QAUM
International Newspaper & WEB TV

--✶ ਜਾਰੀ ਕਰਤਾ ✶--

# ਇੰਟਰਨੈਸ਼ਨਲ ਪੰਥਕ ਦਲ

ਭਾਈ ਪਰਮਜੀਤ ਸਿੰਘ ਢਾਡੀ — ਅੰਤਰਰਾਸ਼ਟਰੀ ਚੀਫ ਆਰਗੇਨਾਈਜ਼ਰ
ਭਾਈ ਰਘਵੀਰ ਸਿੰਘ — ਪ੍ਰਧਾਨ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ.
ਭਾਈ ਕਪਤਾਨ ਸਿੰਘ — ਜਰਨਲ ਸਕੱਤਰ ਤੇ ਮੁੱਖ ਬੁਲਾਰਾ, ਯੂ.ਕੇ.

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar



www.damdamitaksal.net

Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੰਥਕ ਸ਼ਬਦ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



# ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ।
ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਗੁਰਮਤਿ ਸਮਾਗਮ



GURU NANAK GURDWARA WILLENHALL 65-67 WALSAL ROAD (WV13 2RD)

30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ



ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)



ਭਾਈ ਕਮਲਜੀਤ ਸਿੰਘ ਜੀ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋਂ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ



ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)



ਭਾਈ ਜਗਤਾਰ ਸਿੰਘ ਜੀ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(7 ਵਜੇ)

ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ

ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Ram Mandir
Sanjay Foods
Mirch Masala
Night Pharmacy
Ladlee Direct
HSBC
Law St
Chai Paani
Ross Walk Launderette
Shiva Shakti Foods
Buller Rd
Roopkala Beauty Salon
Cossington Recreation ground
Heena Tailor
Hyderabad Wala - Leicester
Belgrave Neighbourhood Centre
Kensington St
Belgrave Health Centre
Westbourne St
Milans
Health Centre Car Park
Dorset St
Brandon Street Surgery
Shiv Sagar Veg
Shri Siva ...n Temple
Punjabi Tarka
Shivalaya The Leicestershire Brahma...
0784 102 9416
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀਆਂ

ਲੱਖ-ਲੱਖ ਵਧਾਈਆਂ

# Guru Nanak Gurdwara Cultural & Recreational Centre, Preston



ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਧਾਰਮਿਕ ਸਮਾਗਮ

ਸ਼ੁੱਕਰਵਾਰ 7 ਨਵੰਬਰ ਤੋਂ ਐਤਵਾਰ 9 ਨਵੰਬਰ 2025 ਤੱਕ

**2–20 Tunbridge Street, Preston, Lancashire PR1 5YP**

**ਗੁਰੂ ਪਿਆਰੀ ਸਾਧ ਸੰਗਤ ਜੀਓ**

**ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ**

ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਸਿੱਖ ਧਰਮ ਦੇ ਪਹਿਲੇ ਗੁਰੂ ਹੋਏ ਹਨ। ਗੁਰੂ ਜੀ ਨੇ ਮਨੁੱਖਤਾ ਨੂੰ ਪ੍ਰੇਰਿਤ ਕੀਤਾ ਹੈ ਕਿ —ਨਾਮ ਜਪੋ, ਵੰਡ ਛਕੋ ਅਤੇ ਕਿਰਤ ਕਰੋ। ਇਨ੍ਹਾਂ ਉਪਦੇਸ਼ਾਂ ਉੱਤੇ ਚਲਦਿਆਂ ਸਿੱਖ ਕੌਮ ਅੱਜ ਵੀ ਦੁਨੀਆ ਭਰ ਵਿੱਚ ਆਪਣੇ ਗੁਰੂਆਂ ਦਾ ਨਾਮ ਰੋਸ਼ਨ ਕਰ ਰਹੀ ਹੈ। ਇਸ ਪਵਿੱਤਰ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਗੁਰੂ ਨਾਨਕ ਗੁਰਦੁਆਰਾ ਕਲਚਰਲ ਐਂਡ ਰਿਕਰੇਸ਼ਨਲ ਸੈਂਟਰ, ਪ੍ਰੈਸਟਨ ਵਿਖੇ ਵਿਸ਼ਾਲ ਧਾਰਮਿਕ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ। ਆਪ ਸਭ ਸੰਗਤਾਂ ਨੂੰ ਸਨਮਾਨ ਸਹਿਤ ਬੇਨਤੀ ਕੀਤੀ ਜਾਂਦੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਰੌਣਕਾਂ ਵਧਾਓ ਅਤੇ ਸਤਿਗੁਰੂ ਦੀਆਂ ਅਸੀਸਾਂ ਪ੍ਰਾਪਤ ਕਰੋ ਜੀ।

## ਪ੍ਰੋਗਰਾਮ:

**ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਆਰੰਭ:**
ਸ਼ੁਕਰਵਾਰ, 7 ਨਵੰਬਰ 2025 - ਸਵੇਰੇ 10:30 ਵਜੇ

**ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਭੋਗ:**
ਐਤਵਾਰ, 9 ਨਵੰਬਰ 2025 -
ਸਵੇਰੇ 10:30 ਵਜੇ **ਕੀਰਤਨ ਦਰਬਾਰ:**
11:00 ਤੋਂ 12:00 ਵਜੇ ਤੱਕ -
**ਗੁਰੂ ਘਰ ਦਾ ਹਜੂਰੀ ਜਥਾ**
12:00 ਤੋਂ 1:30 ਵਜੇ ਤੱਕ - ਭਾਈ ਗੁਰਜੀਤ ਸਿੰਘ ਕਵੈਂਟਰੀ ਵਾਲਿਆਂ ਦਾ ਕੀਰਤਨੀ ਜਥਾ

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

★ ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ★

**07958 683500**
**07424 247602**
**info.gngpreston@gmail.com**
**Charity No. 1138835**

**ਨੋਟ:**
ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਗੁਪਤ ਪਰਿਵਾਰਾਂ ਵੱਲੋਂ ਹੋਵੇਗੀ।

## ਹਲਕਾ ਤਰਨਤਾਰਨ ਦੇ ਸਮੂਹ ਵੋਟਰਾਂ ਨੂੰ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਪੁਰਜ਼ੋਰ ਅਪੀਲ ✶ ਭਾਈ ਮਨਦੀਪ ਸਿੰਘ ਨੂੰ ਜਿਤਾਓ-ਪੰਜਾਬ ਨੂੰ ਬਚਾਓ



## ਸ਼ਹੀਦੀ ਸ਼ਤਾਬਦੀ 350ਸਾਲਾ ਨੂੰ ਸਮਰਪਿਤ ਕੀਤੀਆਂ ਜਾ ਰਹੀਆਂ ਸ਼ਹੀਦੀ ਯਾਤਰਾਵਾਂ ਦਾ

# ਪੂਰੇ ਹਰਿਆਣਾ ਵਿੱਚ ਕੀਤਾ ਜਾਵੇਗਾ ਭਰਵਾਂ ਸਵਾਗਤ - ਜਥੇਦਾਰ ਦਾਦੂਵਾਲ

## ਪਹਿਲੀ ਯਾਤਰਾ 8 ਨਵੰਬਰ ਨੂੰ ਸਿਰਸਾ ਜ਼ਿਲੇ ਦੇ ਰੋੜੀ ਪਿੰਡ ਤੋਂ ਆਰੰਭ ਹੋਵੇਗੀ ਜਿਸ ਨੂੰ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸ਼ਰਧਾ ਸਤਿਕਾਰ ਸਹਿਤ ਅਰਦਾਸ ਕਰਕੇ ਰਵਾਨਾ ਕਰਨਗੇ



**ਤਲਵੰਡੀ ਸਾਬੋ, 06 ਨਵੰਬਰ (ਗੁਰਜੰਟ ਸਿੰਘ ਨਥੇਹਾ)-** ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਜੀ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸੰਸਾਰ ਭਰ ਵਿੱਚ ਬੜੀ ਸ਼ਰਧਾ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ ਇਸ ਸਮੇਂ ਹਰਿਆਣਾ ਸਰਕਾਰ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਾਂਝੇ ਤੌਰ ਤੇ ਹਰਿਆਣਾ ਵਿੱਚ 4 ਸ਼ਹੀਦੀ ਯਾਤਰਾਵਾਂ ਮਹਾਨ ਕੀਰਤਨ ਕੀਤੇ ਜਾ ਰਹੇ ਹਨ ਇਨਾਂ ਯਾਤਰਾਵਾਂ ਦਾ ਪੂਰੇ ਹਰਿਆਣਾ ਵਾਸੀਆਂ ਵਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਇੱਕ ਲਿਖਤੀ ਪ੍ਰੈਸਨੋਟ ਰਾਹੀਂ ਮੀਡੀਆ ਨਾਲ ਕੀਤਾ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਇਹ ਸ਼ਹੀਦੀ ਯਾਤਰਾਵਾਂ ਮਹਾਨ ਨਗਰ ਕੀਰਤਨ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦੀ ਛੱਤਰ ਛਾਇਆ ਅਤੇ ਪੰਜ ਪਿਆਰੇ ਸਾਹਿਬਾਨਾਂ ਦੀ ਅਗਵਾਈ ਵਿੱਚ ਚੱਲਣਗੀਆਂ ਜਿਸ ਦਾ ਸਵਾਗਤੀ ਗੇਟ ਅਤੇ ਲੰਗਰ ਲਾ ਕੇ ਹਰਿਆਣਾ ਵਾਸੀ ਸੰਗਤਾਂ ਹਰ ਸਥਾਨ ਤੇ ਸਵਾਗਤ ਕਰਨਗੀਆਂ ਪਹਿਲੀ ਯਾਤਰਾ 8 ਨਵੰਬਰ ਨੂੰ ਸਿਰਸਾ ਜ਼ਿਲੇ ਦੇ ਰੋੜੀ ਪਿੰਡ ਤੋਂ ਆਰੰਭ ਹੋਵੇਗੀ ਜਿਸ ਨੂੰ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸ਼ਰਧਾ ਸਤਿਕਾਰ ਸਹਿਤ ਅਰਦਾਸ ਕਰਕੇ ਰਵਾਨਾ ਕਰਨਗੇ ਪਹਿਲਾ ਰਾਤਰੀ ਦਾ ਵਿਸ਼ਰਾਮ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਵਿਖੇ ਹੋਵੇਗਾ ਯਾਤਰਾ 24 ਤਰੀਕ ਨੂੰ ਜਾ ਕੇ ਕੁਰੂਕਸ਼ੇਤਰ ਵਿਖੇ ਸਮਾਪਤ ਹੋਵੇਗੀ ਦੂਜੀ ਯਾਤਰਾ 11 ਨਵੰਬਰ ਨੂੰ ਕਾਲਕਾ ਪੰਚਕੂਲਾ ਤੋਂ ਤੀਜੀ ਯਾਤਰਾ14 ਨਵੰਬਰ ਨੂੰ ਫਰੀਦਾਬਾਦ ਤੋਂ ਅਤੇ ਚੌਥੀ ਯਾਤਰਾ 18 ਨਵੰਬਰ ਨੂੰ ਕਿਲਾ ਲੋਹਗੜ ਯਮੁਨਾਨਗਰ ਤੋਂ ਆਰੰਭ ਹੋਵੇਗੀ ਚਾਰੇ ਯਾਤਰਾਵਾਂ 24 ਨਵੰਬਰ ਨੂੰ ਗੁਰਦੁਅਆਰਾ ਪਾਤਸ਼ਾਹੀ ਛੇਵੀਂ ਕੁਰੂਕਸ਼ੇਤਰ ਵਿਜੇ ਸਮਾਪਤ ਹੋਣਗੀਆਂ ਜਥੇਦਾਰ ਦਾਦੂਵਾਲ ਜੀ ਨੇ ਕਿਹਾ ਕੇ ਗੁਰੂ ਤੇਗ ਬਹਾਦੁਰ ਮਹਾਰਾਜ ਜੀ ਦੀ ਕੁਰਬਾਨੀ ਲਾਸਾਨੀ ਹੈ ਇਸ ਨੂੰ ਸਮਰਪਿਤ ਹੋ ਕੇ ਸਮੂੰਹ ਦੇਸ਼ ਵਾਸੀਆਂ ਨੂੰ ਇਨਾਂ ਮਹਾਨ ਯਾਤਰਾਵਾਂ ਦਾ ਸ਼ਰਧਾ ਸਤਿਕਾਰ ਸਹਿਤ ਸਵਾਗਤ ਕਰਨਾ ਚਾਹੀਦਾ ਹੈ। ••



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਸਤਿਕਾਰਯੋਗ ਵੱਡੇ ਭਰਾਤਾ ਕੈਪਟਨ ਸ੍ਰ ਹਰਚਰਨ ਸਿੰਘ ਰੋਡੇ ਜੀ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਦੇ

# ਸੰਘਰਸ਼ਸ਼ੀਲ ਜੀਵਨ 'ਤੇ ਇੱਕ ਝਾਤ














ਸਿੱਖ ਕੌਮ ਦੇ ਨਿਧੜਕ ਆਗੂ ਸਤਿਕਾਰਯੋਗ ਬਾਬਾ ਜੋਗਿੰਦਰ ਸਿੰਘ ਜੀ ਰੋਡੇ ਦੇ ਸਪੁੱਤਰ ਵੀਹਵੀਂ ਸਦੀ ਦੇ ਮਹਾਨ ਜਰਨੈਲ ਯੋਧੇ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਸਤਿਕਾਰਯੋਗ ਵੱਡੇ ਭਰਾਤਾ ਕੈਪਟਨ ਸ੍ਰ ਹਰਚਰਨ ਸਿੰਘ ਰੋਡੇ ਜੀ ਪਿਛਲੇ ਦਿਨੀਂ ਅਕਾਲ ਪੁਰਖ ਦੇ ਹੁਕਮ ਅਨੁਸਾਰ ਅਕਾਲ ਚਲਾਣਾ ਕਰ ਗਏ ਹਨ। ਉਨ੍ਹਾਂ ਨਾਲ ਬਿਤਾਇਆ ਸਮਾਂ ਅਤੇ ਯਾਦਾਂ ਹਮੇਸ਼ਾਂ ਯਾਦ ਰਹਿਣਗੀਆਂ। ਤਸਵੀਰਾਂ ਵਿੱਚ ਦਿੱਲੀ ਕਿਸਾਨੀ ਸੰਘਰਸ਼ ਦੀ ਜਿੱਤ ਤੋਂ ਬਾਅਦ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਬਾਨੀ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਵਿਸ਼ਾਲ ਫਤਿਹ ਮਾਰਚ ਆਰੰਭ ਕੀਤਾ ਗਿਆ ਸੀ। ਜਿਸ ਵਿੱਚ ਕੈਪਟਨ ਸ੍ਰ ਹਰਚਰਨ ਸਿੰਘ ਜੀ ਰੋਡੇ ਦੇ ਨਾਲ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਉਨ੍ਹਾਂ ਦੇ ਨਾਲ ਦਾਸ ਬਾਬਾ ਸਤਨਾਮ ਸਿੰਘ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ,ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ, ਬਾਬਾ ਸਵਰਨਜੀਤ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਦੋਆਬਾ ਅਤੇ ਪੈਨਲ ਮੈਂਬਰ ਇੰਟਰਨੈਸ਼ਨਲ ਪੰਥਕ ਦਲ ਅਤੇ ਹੋਰ ਆਗੂ ਨਜ਼ਰ ਆ ਰਹੇ ਹਨ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ੴ ਸਤਿਗੁਰ ਪ੍ਰਸਾਦਿ

ਸਤਿਗੁਰੁ ਨਾਨਕ ਪ੍ਰਗਟਿਆ ਮਿਟੀ ਧੁੰਧੁ ਜਗਿ ਚਾਨਣੁ ਹੋਆ ॥
ਜਿਉ ਕਰਿ ਸੂਰਜੁ ਨਿਕਲਿਆ ਤਾਰੇ ਛਪੇ ਅੰਧੇਰੁ ਪਲੋਆ ॥

# ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਲੱਖ-ਲੱਖ ਵਧਾਈਆਂ





ਗੁਰੂ ਸਾਹਿਬ ਆਪ ਜੀ ਅਤੇ ਆਪ ਜੀ ਦੇ ਪਰਿਵਾਰ ਨੂੰ ਚੜ੍ਹਦੀ ਕਲਾ ਬਖਸ਼ਿਸ਼ ਕਰਨ।

# ਬੀਬੀ ਗੁਰਮੇਲ ਕੌਰ ਹਾਲੈਂਡ

ਆਵਾਜ਼ਿ ਕੌਮ AWAZE QAUM
International Newspaper & WEB TV

ਪੁਰਾਤਨ ਅਤੇ ਪ੍ਰਮਾਣਿਕ ਸਰੋਤਾਂ 'ਤੇ ਆਧਾਰਿਤ ਗੁਰੂ ਕੀਆਂ ਸਾਖੀਆਂ 'ਤੇ "ਕਿੰਤੂ-ਪਰੰਤੂ" ਤੇ

# ਵਿਵਾਦ ਖੜਾ ਕਰਨਾ ਮੰਦਭਾਗਾ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 6 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੰਜੀ ਸਾਹਿਬ ਦੀਵਾਨ ਹਾਲ ਵਿੱਚ ਹੋ ਰਹੀ ਕਥਾ ਸਬੰਧੀ ਖੱਬੇ ਪੱਖੀ ਵਿਚਾਰਧਾਰਾ ਨਾਲ ਜੁੜੇ ਕੁਝ ਵਿਅਕਤੀਆਂ ਵੱਲੋਂ

ਆਵਾਜ਼ਿ ਕੌਮ AWAZE QAUM International Newspaper & WEB TV

ਤਰਕ ਦੇ ਨਾਮ 'ਤੇ ਵਿਵਾਦ ਖੜਾ ਕਰਨ ਨੂੰ ਬਹੁਤ ਹੀ ਮੰਦਭਾਗਾ ਤੇ ਦੁਖਦਾਈ ਕਰਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਥਕ ਪ੍ਰਚਾਰਕਾਂ, ਲੇਖਕਾਂ ਅਤੇ ਚਿੰਤਕਾਂ ਨੂੰ ਭਾਵੇਂ ਉਹ ਕਿਸੇ ਵੀ ਵਿਚਾਰਧਾਰਾ ਨਾਲ ਸਬੰਧਤ ਹੋਣ ਗੁਰਮਤ ਦੀ ਰੌਸ਼ਨੀ ਵਿੱਚ ਸ਼ਰਧਾ ਕਾਇਮ ਰੱਖਦਿਆਂ ਆਪਸੀ ਸੰਵਾਦ ਨੂੰ ਆਧਾਰ ਬਣਾਉਣਾ ਚਾਹੀਦਾ ਹੈ, ਨਾ ਕਿ "ਕਿੰਤੂ-ਪਰੰਤੂ" ਦੇ ਰੂਪ ਵਿੱਚ ਵਿਵਾਦ ਖੜੇ ਕਰਨੇ ਚਾਹੀਦੇ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੌਕੇ ਮੰਜੀ ਸਾਹਿਬ ਦੀਵਾਨ ਹਾਲ ਵਿੱਚ ਗੁਰਦੁਆਰਾ ਅੰਬ ਸਾਹਿਬ ਮੋਹਾਲੀ ਦੇ ਹੈੱਡ ਗ੍ਰੰਥੀ ਗਿਆਨੀ ਚਰਨਜੀਤ ਸਿੰਘ ਵੱਲੋਂ ਗੁਰੂ ਸਾਹਿਬ ਦੀਆਂ ਬਾਲ ਲੀਲਾਵਾਂ ਸਬੰਧੀ ਕਥਾਵਾਂ 'ਤੇ ਦਿੱਤੇ ਵਿਖਿਆਨ ਨੂੰ ਖੱਬੀ ਵਿਚਾਰਧਾਰਾ ਨਾਲ ਜੁੜੇ ਪ੍ਰਸਿੱਧ ਸਾਹਿਤਕਾਰ ਵਰਿਆਮ ਸਿੰਘ ਸੰਧੂ ਵੱਲੋਂ "ਵਿਗਿਆਨਕ ਤਰਕ" ਦੇ ਨਾਮ 'ਤੇ ਵਿਅੰਗ ਦਾ ਨਿਸ਼ਾਨਾ ਬਣਾਉਣਾ ਅਣਉਚਿਤ ਹੈ।ਉਨ੍ਹਾਂ ਕਿਹਾ ਕਿ ਸੰਧੂ ਦੀ ਫੇਸਬੁਕ ਪੋਸਟ ਹੇਠਾਂ ਖੱਬੀ ਵਿਚਾਰਧਾਰਾ ਨਾਲ ਸਬੰਧਿਤ ਕਈ ਵਿਅਕਤੀਆਂ ਵੱਲੋਂ ਧਾਰਮਿਕ ਪਰੰਪਰਾਵਾਂ ਅਤੇ ਸ਼ਰਧਾ ਪ੍ਰਤੀ "ਵਿਦਵੱਤਾ" ਦੇ ਚੋਲੇ ਵਿੱਚ ਜ਼ਿਹਰ ਉਗਲਣਾ ਅਸਲ ਵਿੱਚ ਧਾਰਮਿਕ ਕਦਰਾਂ-ਕੀਮਤਾਂ ਤੇ ਸ਼ਰਧਾ ਦੇ ਸਨਮਾਨ ਨੂੰ ਠੇਸ ਪਹੁੰਚਾਉਣ ਵਾਲੀ ਗੱਲ ਹੈ। ਹੈਰਾਨੀ ਦੀ ਗੱਲ ਹੈ ਕਿ ਦੁਨੀਆ ਭਰ ਵਿੱਚ ਮਨੁੱਖੀ ਆਜ਼ਾਦੀ ਦੀ ਗੱਲ ਕਰਨ ਵਾਲੇ ਖੱਬੇ ਵਿਚਾਰਕ ਹੀ ਧਾਰਮਿਕ ਵਿਸ਼ਵਾਸ ਰੱਖਣ ਵਾਲਿਆਂ ਨੂੰ ਕੱਟੜ ਅਤੇ ਅੰਧਵਿਸ਼ਵਾਸੀ ਦੱਸਣ ਵਿੱਚ ਸਭ ਤੋਂ ਅੱਗੇ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਗੁਰੂ ਨਾਨਕ ਸਾਹਿਬ ਦੀਆਂ ਬਾਲ ਲੀਲਾਵਾਂ ਸਬੰਧੀ "ਗੁਰਦੁਆਰਾ ਬਾਲ ਲੀਲਾ ਸਾਹਿਬ" ਵਰਗੇ ਪੁਰਾਤਨ ਧਾਰਮਿਕ ਅਸਥਾਨ ਅਤੇ ਅਨੇਕਾਂ ਇਤਿਹਾਸਕ ਸਰੋਤ ਇਸ ਗੱਲ ਦੀ ਪੁਸ਼ਟੀ ਕਰਦੇ ਹਨ ਕਿ ਇਹ ਸਾਖੀਆਂ ਸਿਰਫ਼ ਪ੍ਰਤੀਕਾਤਮਕ ਜਾਂ ਕਲਪਨਾਤਮਕ ਨਹੀਂ, ਸਗੋਂ ਸਥੂਲ ਤੇ ਪ੍ਰਮਾਣਿਕ ਹਨ ਅਤੇ ਇਨ੍ਹਾਂ ਵਿੱਚ ਵਿਗਿਆਨ ਵਿਰੋਧੀ ਕੁਝ ਵੀ ਨਹੀਂ। "ਕੌਤਕ" ਦਾ ਅਰਥ ਕੇਵਲ ਚਮਤਕਾਰ ਨਹੀਂ ਹੁੰਦਾ, ਸਗੋਂ ਅਗਿਆਨਤਾ ਦਾ ਨਾਸ ਵੀ ਹੁੰਦਾ ਹੈ।ਉਨ੍ਹਾਂ ਕਿਹਾ ਕਿ ਗੁਰੂ ਨਾਨਕ ਸਾਹਿਬ ਨੂੰ ਤਰਕਸ਼ੀਲ ਦੱਸਣ ਵਾਲਿਆਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਤਰਕ ਦਾ ਮਤਲਬ ਅਧਿਆਤਮਕ ਅਨੁਭਵਾਂ ਦਾ ਇਨਕਾਰ ਨਹੀਂ ਹੁੰਦਾ। ਤਰਕ ਦਾ ਉਦੇਸ਼ ਸੱਚ ਦੀ ਸਮਝ ਵੱਲ ਲੈ ਜਾਣਾ ਹੈ, ਨਾ ਕਿ ਵਿਸ਼ਵਾਸ ਤੇ ਭਰੋਸੇ ਦੀ ਨੀਂਹ ਹਿਲਾਉਣਾ। ਅੱਜ ਕਈ ਬੌਧਿਕ ਵਰਗਾਂ ਵਿੱਚ ਇਹ ਰੁਝਾਨ ਵੱਧ ਰਿਹਾ ਹੈ ਕਿ ਉਹ ਗੁਰਬਾਣੀ ਦੀ ਆਤਮਿਕ ਗਹਿਰਾਈ ਨੂੰ ਸਮਝਣ ਦੀ ਕੋਸ਼ਿਸ਼ ਕੀਤੇ ਬਿਨਾ ਧਾਰਮਿਕ ਗ੍ਰੰਥਾਂ ਨੂੰ ਬੌਧਿਕ ਕਸਰਤ ਦਾ ਵਿਸ਼ਾ ਬਣਾਉਂਦੇ ਹਨ। ਵਿਗਿਆਨ ਪਦਾਰਥਾਂ ਦੀ ਖੋਜ ਕਰਦਾ ਹੈ, ਜਦਕਿ ਧਰਮ ਮਨ ਅਤੇ ਆਤਮਾ ਦੀ ਖੋਜ ਦਾ ਵਿਸ਼ਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਵਿਗਿਆਨਕ ਤਰਕ ਦੇ ਨਸ਼ੇ ਵਿੱਚ ਕੁਝ ਕਥਿਤ ਵਿਦਵਾਨ "ਹਉਮੈ" ਦੇ ਕੰਡੇ ਨਾਲ ਗ੍ਰਸੇ ਹੋਏ ਹਨ, ਜੋ ਰੂਹਾਨੀ ਤੌਰ 'ਤੇ ਕੋਰੇ ਹੋਣ ਦੇ ਬਾਵਜੂਦ ਆਪਣੀ ਬੌਧਿਕ ਚਮਕ ਨਾਲ ਅਧਿਆਤਮਿਕਤਾ ਨੂੰ ਢੱਕਣ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ, "ਜੇ ਕਿਸੇ ਨੂੰ ਕਿਸੇ ਧਰਮ ਤੋਂ ਡੇਗਣਾ ਹੋਵੇ, ਤਾਂ ਉਸ ਦੀ ਸ਼ਰਧਾ ਤੇ ਵਿਸ਼ਵਾਸ 'ਤੇ ਤਰਕਸ਼ੀਲ ਕਟਾਖਸ਼ ਕਰ ਦਿਓ, ਉਹ ਆਪਣੇ ਆਪ ਖਤਮ ਹੋ ਜਾਵੇਗਾ। ਧਰਮ ਦੀ ਜੜ੍ਹ ਸ਼ਰਧਾ ਹੈ, ਜੇ ਸ਼ਰਧਾ ਹੀ ਨਾ ਰਹੇ, ਤਾਂ ਧਰਮ ਵਿੱਚ ਕੁਝ ਨਹੀਂ ਰਹਿੰਦਾ।" ਪ੍ਰੋ. ਖਿਆਲਾ ਨੇ ਕਿਹਾ ਕਿ ਸ਼ਰਧਾ, ਵਿਸ਼ਵਾਸ ਅਤੇ ਕਰਾਮਾਤ ਹਰ ਧਰਮ ਦੀ ਬੁਨਿਆਦ ਹਨ। ਆਮ ਤੌਰ 'ਤੇ ਧਰਮ ਵਿਗਿਆਨ ਦਾ ਵਿਸ਼ਾ ਨਹੀਂ ਹੁੰਦਾ, ਪਰ ਸਿੱਖ ਧਰਮ ਆਧੁਨਿਕ ਗਿਆਨ ਤੇ ਵਿਗਿਆਨ ਦੀ ਕਸੌਟੀ 'ਤੇ ਖਰਾ ਉਤਰਦਾ ਹੈ ਅਤੇ ਇਹ ਸ਼ਰਧਾ ਦਾ ਵਿਸ਼ਾ ਵੀ ਹੈ। ਉਨ੍ਹਾਂ ਕਿਹਾ ਕਿ ਕੁਝ ਬੌਧਿਕ ਵਿਅਕਤੀ ਗੁਰਬਾਣੀ ਦੇ ਅਰਥਾਂ ਨੂੰ ਵਿਗਾੜ ਕੇ ਉਸ ਦੀ ਅੰਦਰੂਨੀ ਰੂਹ ਦੇ ਵਿਰੁੱਧ ਸਾਜ਼ਿਸ਼ ਕਰ ਰਹੇ ਹਨ, ਜੋ ਸਿੱਖ ਧਰਮ ਦੇ ਆਤਮਿਕ ਸਾਰ ਨੂੰ ਖੰਡਿਤ ਕਰਨ ਦੀ ਕੋਸ਼ਿਸ਼ ਹੈ। ਗੁਰੂ ਸਾਹਿਬ ਅਤੇ ਗੁਰਬਾਣੀ ਪ੍ਰਤੀ ਸ਼ਰਧਾ ਨਾ ਰੱਖਣ ਵਾਲਾ ਵਿਅਕਤੀ ਸਿੱਖ ਦਾ ਰੂਪ ਤਾਂ ਧਾਰ ਸਕਦਾ ਹੈ, ਪਰ ਅਸਲ ਅਰਥਾਂ ਵਿੱਚ "ਅਨਿਨ ਸਿੱਖ" ਨਹੀਂ ਹੋ ਸਕਦਾ।

ਦਿੱਲੀ ਗੁਰਦੁਆਰਾ ਕਮੇਟੀ ਨੇ ਪਹਿਲੀ ਪਾਤਸ਼ਾਹੀ ਗੁਰੂ ਨਾਨਕ ਦੇਵ ਜੀ ਦਾ

# ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



**ਨਵੀਂ ਦਿੱਲੀ, 6 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਪੂਰਨ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਮੇਟੀ ਅਧੀਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਗੁਰਮਤਿ ਸਮਾਗਮ ਹੋਏ ਜਿਹਨਾਂ ਵਿਚ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਮੁੱਖ ਸਮਾਗਮ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਹੋਇਆ ਜਿਸ ਵਿਚ ਰਾਗੀ ਸਿੰਘਾਂ ਨੇ ਗੁਰੂ ਕੀ ਇਲਾਹੀ ਬਾਣੀ ਦੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਕਮੇਟੀ ਦੇ ਮੁਖੀ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਸੰਗਤਾਂ ਨੂੰ ਗੁਰਪੁਰਬ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਗੁਰੂ ਸਾਹਿਬ ਨੇ ਸੰਗਤ ਨੂੰ ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦਾ ਸੰਦੇਸ਼ ਦਿੱਤਾ ਤੇ ਖੁਦ 18 ਸਾਲ ਤੱਕ ਕਰਤਾਰਪੁਰ ਸਾਹਿਬ ਵਿਚ ਖੇਤੀਬਾੜੀ ਕਰ ਕੇ ਇਸ ਸੰਦੇਸ਼ ਨੂੰ ਦੁਨੀਆਂ ਸਾਹਮਣੇ ਪੇਸ਼ ਕੀਤਾ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਸੰਗਤ ਨੂੰ ਪਰਮਾਤਮਾ ਦੇ ਲੜ ਵੀ ਲਾਇਆ ਤੇ ਆਖਿਆ ਕਿ ਗੁਰੂ ਨੂੰ ਧਾਰਨ ਕਰ ਕੇ ਹੀ ਇਸ ਭਵ ਸਾਗਰ ਤੋਂ ਪਾਰ ਲੰਘਿਆ ਜਾ ਸਕਦਾ ਹੈ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਕਰਮ ਕਾਂਡਾ ਦਾ ਵਿਰੋਧ ਕੀਤਾ ਤੇ ਕੂੜ ਪ੍ਰਚਾਰ ਦਾ ਵਿਰੋਧ ਕੀਤਾ ਅਤੇ ਮਨੁੱਖਤਾ ਨੂੰ ਇਕੋ ਸੰਦਸ਼ ਦਿੱਤਾ ਅਸੀਂ ਸਾਰੇ ਇਕ ਪਰਮਾਤਮਾ ਵੱਲੋਂ ਪੈਦਾ ਕੀਤੇ ਮਨੁੱਖ ਹਾਂ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਦੁਨੀਆਂ ਦੇ ਵੱਖ-ਵੱਖ ਕੋਨਿਆਂ ਵਿਚ ਸਿੱਖੀ ਦਾ ਪ੍ਰਚਾਰ ਕੀਤਾ ਤੇ ਲੋਕਾਂ ਨੇ ਗੁਰੂ ਸਾਹਿਬ ਨੂੰ ਆਪਣਾ ਰਹਿਬਰ ਮੰਨਿਆ। ਉਹਨਾਂ ਕਿਹਾ ਕਿ ਗੁਰੂ ਸਾਹਿਬ ਨੇ ਸਿੱਖ ਧਰਮ ਦੀ ਨੀਂਹ ਰੱਖੀ ਜਿਸ 'ਤੇ ਚਲਦਿਆਂ ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਖਾਲਸਾ ਪੰਥ ਦੀ ਸਾਜਨਾ ਕੀਤੀ ਤੇ ਸਿੱਖਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਾਇਆ। ਉਹਨਾਂ ਕਿਹਾ ਕਿ ਅਸੀਂ ਵਡਭਾਗੇ ਹਾਂ ਕਿ ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਅੱਜ ਸਮੁੱਚੀ ਮਨੁੱਖਤਾ ਦੀ ਸੇਵਾ ਵਿਚ ਲੱਗੇ ਹਾਂ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦੀ ਮੌਜੂਦਾ ਟੀਮ ਨੇ ਵੀ ਮਨੁੱਖਤਾ ਦੀ ਸੇਵਾ ਵਾਸਤੇ ਪੂਰਾ ਜ਼ੋਰ ਲਗਾਇਆ ਹੈ। ਜਿਥੇ ਅਸੀਂ ਪਹਿਲਾਂ ਗੁਰਦੁਆਰਾ ਬੰਗਲਾ ਸਾਹਿਬ ਸਥਿਤ ਗੁਰੂ ਹਰਿਕ੍ਰਿਸ਼ਨ ਪੋਲੀ ਕਲੀਨਿਕ ਵਿਚ ਐਮ ਆਰ ਆਈ ਤੇ ਸੀ ਟੀ ਸਕੈਨ ਦੀ ਸਹੂਲਤ ਸ਼ੁਰੂ ਕੀਤੀ, ਉਥੇ ਹੀ ਬਾਅਦ ਵਿਚ ਬਾਲਾ ਸਾਹਿਬ ਹਸਪਤਾਲ ਵਿਚ ਮੁਫਤ ਡਾਇਲਸਿਸ ਦੀ ਸੇਵਾ ਸ਼ੁਰੂ ਕੀਤੀ ਜਿਥੇ ਹੁਣ ਤੱਕ 1 ਲੱਖ ਤੋਂ ਜ਼ਿਆਦਾ ਮਰੀਜ਼ ਇਸ ਸਹੂਲਤ ਦਾ ਲਾਭ ਲੈ ਚੁੱਕੇ ਹਨ। ਉਹਨਾਂ ਕਿਹਾ ਕਿ ਇਸ ਉਪਰੰਤ ਅਸੀਂ ਪੈਟ ਸਕੈਨ ਦੀ ਸਹੂਲਤ ਸ਼ੁਰੂ ਕੀਤੀ ਜਿਸ ਰਾਹੀਂ ਲੋਕ ਕੈਂਸਰ ਬਿਮਾਰੀ ਦਾ ਪਤਾ ਲਾਉਣ ਵਾਸਤੇ ਆਪਣੇ ਟੈਸਟ ਕਰਵਾ ਰਹੇ ਹਨ। ਇਸ ਉਪਰੰਤ ਅਸੀਂ ਗੁਰੂ ਹਰਿਕ੍ਰਿਸ਼ਨ ਹਸਪਤਾਲ ਦੀ ਸ਼ੁਰੂਆਤ ਕੀਤੀ ਜਿਸਦਾ ਲਾਭ ਸੰਗਤ ਲੈ ਰਹੀ ਹੈ। ਉਹਨਾਂ ਕਿਹਾ ਕਿ ਹੁਣ ਅਗਲੇ ਪੜਾਅ ਵਿਚ ਅਸੀਂ ਗੁਰੂ ਹਰਿਕ੍ਰਿਸ਼ਨ ਹਸਪਤਾਲ ਵਿਚ ਇਥੇ ਕਾਰਡੀਓਲਾਜੀ ਵਿਭਾਗ ਸ਼ੁਰੂ ਕਰਨ ਜਾ ਰਹੇ ਹਾਂ ਜਿਥੇ ਦਿਲ ਦੇ ਰੋਗਾਂ ਦੇ ਅਪਰੇਸ਼ਨ ਤੇ ਇਲਾਜ ਦੀ ਸਹੂਲਤ ਸ਼ੁਰੂ ਹੋਵੇਗੀ। ਉਹਨਾਂ ਕਿਹਾ ਕਿ ਇਹ ਸਾਰੇ ਕਾਰਜ ਸੰਗਤਾਂ ਦੇ ਸਹਿਯੋਗ ਨਾਲ ਹੀ ਚਲ ਰਹੇ ਹਨ। ਉਹਨਾਂ ਕਿਹਾ ਕਿ ਅਸੀਂ ਸਾਰੇ ਵਡਭਾਗੇ ਹਾਂ ਕਿ ਸਾਡੇ ਸਮੇਂ ਵਿਚ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਆਇਆ ਹੈ ਜਿਸਨੂੰ ਅਸੀਂ ਸਾਰੇ ਸੰਗਤ ਨਾਲ ਰਲ ਕੇ ਮਨਾ ਰਹੇ ਹਾਂ। ਉਹਨਾਂ ਕਿਹਾ ਕਿ ਇਹ ਦਿਹਾੜਾ ਮਨਾਉਣ ਵਾਸਤੇ ਅਸੀਂ ਸਾਰੀਆਂ ਪੰਥਕ ਸੰਸਥਾਵਾਂ, ਸਿੰਘ ਸਭਾਵਾਂ, ਗੁਰੂ ਅਰਜਨ ਕੀਰਤਨ ਮੰਡਲ, ਅਫਗਾਨ ਭਰਾਵਾਂ ਸਮੇਤ ਸਾਰੀਆਂ ਹੀ ਸਿੱਖ ਸੰਸਥਾਵਾਂ ਨੂੰ ਨਾਲ ਲਿਆ ਹੈ। ਉਹਨਾਂ ਕਿਹਾ ਕਿ 23 ਤੋਂ 25 ਨਵੰਬਰ ਤੱਕ ਲਾਲ ਕਿਲ੍ਹੇ 'ਤੇ ਇਤਿਹਾਸਕ ਸਮਾਗਮ ਹੋ ਰਹੇ ਹਨ ਜੋ ਰਹਿੰਦੇ ਸਮੇਂ ਤੱਕ ਯਾਦ ਰੱਖੇ ਜਾਣਗੇ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਹਨਾਂ ਸਮਾਗਮਾਂ ਵਿਚ ਵੱਧ ਚੜ੍ਹ ਕੇ ਸ਼ਾਮਲ ਹੋਣ ਤੇ ਇਸ ਵਾਸਤੇ ਦਿੱਲੀ ਗੁਰਦੁਆਰਾ ਕਮੇਟੀ ਨੂੰ ਵੱਧ ਚੜ੍ਹ ਕੇ ਸਹਿਯੋਗ ਦੇਣ। ਸਮਾਗਮ ਵਿਚ ਲੋਕ ਸਭਾ ਦੇ ਸਪੀਕਰ ਸ੍ਰੀ ਓਮ ਬਿੜਲਾ, ਦਿੱਲੀ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਅਤੇ ਐਮ ਪੀ ਬੰਸੁਰੀ ਸਵਰਾਜ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਤਲਵੰਡੀ ਸਾਬੋ ਦੀ ਹੋਈ ਮਹੀਨਾਵਾਰ ਮੀਟਿੰਗ



**ਤਲਵੰਡੀ ਸਾਬੋ, 06 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ ਬਲਾਕ ਤਲਵੰਡੀ ਸਾਬੋ ਦੀ ਮੀਟਿੰਗ ਪ੍ਰਧਾਨ ਗੁਰਮੇਲ ਸਿੰਘ ਘਈ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਕਈ ਅਹਿਮ ਮੁੱਦਿਆਂ 'ਤੇ ਵਿਚਾਰਾਂ ਕੀਤੀਆਂ ਗਈਆਂ ਅਤੇ ਵੱਖ-ਵੱਖ ਵਿਸ਼ਿਆਂ 'ਤੇ ਸਾਥੀਆਂ ਨੂੰ ਸਿਹਤ ਸਹੂਲਤਾਂ ਬਾਰੇ ਦੱਸਿਆ ਗਿਆ। ਖਾਸ ਕਰਕੇ ਡੇਂਗੂ ਤੋਂ ਬਚਾਅ ਰੱਖਣ ਲਈ ਵੀ ਸੁਝਾਅ ਦਿੱਤੇ ਗਏ ਅਤੇ ਕਲੀਨਿਕਾਂ ਵਿੱਚ ਸਫਾਈ ਰੱਖਣ ਲਈ ਕਿਹਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਤੋਂ ਉਪਰੰਤ ਸੀਨੀਅਰ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ ਵੱਖ-ਵੱਖ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ ਅਤੇ ਅਖੀਰ ਵਿੱਚ ਜਿਹੜੇ ਸਾਥੀ ਤਿੰਨ ਮੀਟਿੰਗਾਂ ਤੋਂ ਗੈਰ ਹਾਜ਼ਰ ਚੱਲਦੇ ਆ ਰਹੇ ਹਨ ਉਹਨਾਂ ਨੂੰ ਮੀਟਿੰਗ ਵਿੱਚ ਹਾਜ਼ਰ ਹੋਣ ਲਈ ਕਿਹਾ ਗਿਆ ਗੈਰ ਹਾਜ਼ਰ ਸਾਥੀਆਂ ਨੂੰ ਨਾ ਹਾਜ਼ਰ ਹੋਣ ਦਾ ਕਾਰਨ ਦੱਸੋ ਨੋਟਿਸ ਤਿਆਰ ਕੀਤਾ ਗਿਆ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜ਼ਿਲਾ ਕਾਰਜਕਾਰੀ ਮੈਂਬਰ ਲਛਮਣ ਕੁਮਾਰ ਜਗਾ, ਚੇਅਰਮੈਨ ਜੋਗਿੰਦਰ ਸਿੰਘ ਜਗਾ, ਭਰਪੂਰ ਸਿੰਘ ਸੀਂਗੋ, ਗੁਰਨਾਮ ਸਿੰਘ ਖੋਖਰ, ਬਸੰਤ ਸਿੰਘ ਲੇਲੇਵਾਲਾ, ਤਾਲਮੇਲ ਕਮੇਟੀ ਦੇ ਪ੍ਰਧਾਨ ਗੁਲਾਬ ਸਿੰਘ ਫੁੱਲੋਖਾਰੀ, ਬਲਵੰਤ ਸਿੰਘ ਕਣਕਵਾਲ, ਕੈਸ਼ੀਅਰ ਬਿੱਕਰ ਸਿੰਘ ਧਿੰਗੜ, ਮੋਦਨ ਸਿੰਘ ਸੁਖਲੱਧੀ, ਕੇਵਲ ਸਿੰਘ ਸੁਖਲੱਧੀ, ਗੁਰਪ੍ਰੀਤ ਸਿੰਘ ਸੁਖਲੱਧੀ, ਨਾਜਰ ਸਿੰਘ ਸੁਖਲੱਧੀ, ਗੁਰਪ੍ਰੀਤ ਸਿੰਘ ਸਰਾਂ ਤਲਵੰਡੀ ਸਾਬੋ, ਗੁਰਪ੍ਰੀਤ ਸਿੰਘ ਤਲਵੰਡੀ ਸਾਬੋ, ਰਛਪਾਲ ਸਿੰਘ ਤਲਵੰਡੀ ਸਾਬੋ, ਰੇਸ਼ਮ ਸਿੰਘ ਭਾਗੀਵਾਂਦਰ, ਰਾਜਾ ਵੈਦ ਤਲਵੰਡੀ ਸਾਬੋ, ਗੱਗੜ ਸਿੰਘ ਗਹਿਲੇਵਾਲਾ, ਸੁਖਵਿੰਦਰ ਸਿੰਘ ਮਾਨ ਰਾਮਾਂ, ਸੁਖਮੰਦਰ ਸਿੰਘ ਰੁੱਘੂ ਬੰਗੀ, ਜਗਸੀਰ ਸਿੰਘ ਰਾਮਸਰਾ, ਮੇਜ਼ਰ ਸਿੰਘ ਰਾਮਸਰਾ, ਗੁਰਦੀਪ ਸਿੰਘ ਲੇਲੇਵਾਲਾ, ਗੁਰਮੀਤ ਸਿੰਘ ਜਗਾ, ਸਤਿਨਾਮ ਸਿੰਘ, ਵਰਿੰਦਰ ਕੁਮਾਰ, ਜਗਰੂਪ ਸਿੰਘ ਗੋਲੇਵਾਲਾ, ਗੁਰਤੇਜ ਸਿੰਘ ਤਿਉਣਾ, ਵਿੱਕੀ ਸੇਠ ਰਾਮਾਂ ਮੰਡੀ, ਅਮਨ ਧਾਲੀਵਾਲ , ਗਗਨ ਮਾਨ ਸੀਂਗੋ ਮੰਡੀ, ਗੁਰਵਿੰਦਰ ਸਿੰਘ ਬੰਗੀ ਦੀਪਾ, ਤਰਸੇਮ ਸਿੰਘ ਸ਼ੇਖਪੁਰਾ, ਰਛਪਾਲ ਸਿੰਘ, ਗੁਰਲਾਲ ਸਿੰਘ ਬਹਿਮਣ, ਬਾਬੂ ਸਿੰਘ ਬਹਿਮਣ, ਰੌਸ਼ਨ ਲਾਲ ਰਾਮਾਂ ਮੰਡੀ, ਜਰਨੈਲ ਸਿੰਘ ਕੌਰੇਆਣਾ, ਹਰਪ੍ਰੀਤ ਸਿੰਘ ਕੋਟ ਭਾਰਾ, ਜਗਪਾਲ ਸਿੰਘ, ਬਲੌਰ ਸਿੰਘ ਭਾਗੀਵਾਂਦਰ, ਅੰਤਰ ਸਿੰਘ ਮਾਨ ਵਾਲਾ, ਅਨਮੋਲ ਗਗਨਪ੍ਰੀਤ ਸ਼ੇਖਪੁਰਾ, ਨੇਕ ਸਿੰਘ ਨੰਗਲਾ, ਬਲਵੰਤ ਸਿੰਘ ਤਲਵੰਡੀ ਸਾਬੋ, ਗੁਰਮੇਲ ਸਿੰਘ ਬਹਿਣੀਵਾਲ, ਪ੍ਰਿਤਪਾਲ ਸਿੰਘ ਬੰਗੇਹਰ, ਸੁਖਪਾਲ ਸਿੰਘ ਬਹਿਮਣ ਜੱਸਾ, ਅਮਰੀਕ ਸਿੰਘ ਨਵਾਂ ਪਿੰਡ, ਅਮ੍ਰਿਤਪਾਲ ਸਿੰਘ ਤਲਵੰਡੀ ਸਾਬੋ, ਤਰਸੇਮ ਸਿੰਘ ਤਲਵੰਡੀ ਸਾਬੋ ਸੁਭਾਸ਼ ਚੰਦਰ ਸੀਂਗੋ, ਦੇਸ ਰਾਜ, ਗੁਰਦੀਪ ਸਿੰਘ ਸੀਂਗੋ, ਸੁਖਚਰਨ ਸਿੰਘ ਲੇਲੇਵਾਲਾ, ਜਸਵੰਤ ਸਿੰਘ ਨਸੀਬਪੁਰਾ, ਨਰੇਸ਼ ਸਿੰਘ, ਦਰਸਨ ਕੁਮਾਰ ਰਾਮਾਂ ਮੰਡੀ, ਜਗਸੀਰ ਸਿੰਘ ਆਦਿ ਸਾਥੀਆਂ ਨੇ ਭਾਗ ਲਿਆ।

# ਸਭਿਆਚਾਰਕ ਗੀਤ "ਪੁੱਤ ਪ੍ਰਦੇਸੀ" ਦਾ ਪੋਸਟਰ ਲੋਕ ਅਰਪਿਤ ਕੀਤਾ



**ਮਹਿਤਾ ਚੌਂਕ, 6 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਇੱਥੇ ਅੱਜ ਇੱਥੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀ: ਸੈ: ਸਕੂਲ, ਚੂੰਗ ਵਿਖੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਮਾਂ ਬੋਲੀ ਨੂੰ ਸਮਰਪਿਤ ਇਕ ਸਾਹਿਤਕ ਸਮਾਗਮ ਕਰਵਾਇਆ ਗਿਆ । ਇਸ ਮੌਕੇ ਸਭਾ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ ਦਾ ਲਿਖਿਆ , ਸੀ: ਮੀਤ ਪ੍ਰਧਾਨ ਮੱਖਣ ਭੈਣੀਵਾਲਾ ਦਾ ਗਾਇਆ ਅਤੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਰਾਜਨ ਦੀ ਪੇਸ਼ਕਸ਼ ਗੀਤ "ਪੁੱਤ ਪ੍ਰਦੇਸੀ" ਦਾ ਪੋਸਟਰ ਲੋਕ ਅਰਪਿਤ ਕੀਤਾ ਗਿਆ । ਇਸ ਮੌਕੇ ਕੇਂਦਰੀ ਪੰਜਾਬੀ ਲੇਖਖ ਸਭਾ ਦੇ ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ ਅਤੇ ਸਕੂਲ ਦੇ ਪ੍ਰਿੰਸੀਪਲ ਤੇਜਬੀਰ ਸਿੰਘ ਸੋਹਲ ਨੇ ਇਹ ਪੋਸਟਰ ਲੋਕ ਅਰਪਿਤ ਕਰਦਿਆਂ ਜਿੱਥੇ ਲੇਖਕ/ਗਾਇਕ ਨੂੰ ਵਧਾਈ ਦਿੱਤੀ, ਉਥੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਨਿਰੰਤਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ । ਉਨ੍ਹਾਂ ਕਿਹਾ ਕਿ ਅੱਜ ਰੋਜੀ ਰੋਟੀ ਦੀ ਤਲਾਸ਼ ਲਈ ਸਾਡੇ ਬੱਚੇ ਵਿਦੇਸ਼ਾਂ ਵਿੱਚ ਧੱਕੇ ਖਾ ਰਹੇ ਹਨ, ਜੋ ਅਜੋਕੇ ਸਮੇਂ ਦੀ ਵੱਡੀ ਤ੍ਰਾਸਦੀ ਹੈ ਅਤੇ ਇਹੋ ਜਿਹੇ ਗੀਤ ਜਿੱਥੇ ਸਾਨੂੰ ਭਾਵੁਕ ਕਰਦੇ ਹਨ, ਉਥੇ ਨੌਜਵਾਨਾਂ ਲਈ ਆਪਣੇ ਦੇਸ਼ ਵਿੱਚ ਰਹਿਕੇ ਆਪਣੇ ਸਸਕਾਰਾਂ ਨਾਲ ਜੁੜੇ ਰਹਿਣ ਦਾ ਵੱਡਾ ਸੁਨੇਹਾ ਦਿੰਦੇ ਹਨ । ਇਸ ਮੌਕੇ ਕਵੀ ਅਜੀਤ ਸਿੰਘ ਸਠਿਆਲਾ, ਮੁਖਤਾਰ ਸਿੰਘ ਗਿੱਲ, ਸੰਤੋਖ ਸਿੰਘ ਭੋਮਾ, ਮੈਡਮ ਜਸਪ੍ਰੀਤ ਕੌਰ ਸੋਹਲ, ਪ੍ਰਿੰਸੀਪਲ ਮੰਤੇਸ਼ ਕੁਮਾਰ, ਪ੍ਰਿੰਸੀਪਲ ਮਨਪ੍ਰੀਤ ਕੌਰ ਛੀਨਾ, ਮੈਡਮ ਹਰਪ੍ਰੀਤ ਕੌਰ, ਮੈਡਮ ਬਲਜੀਤ ਕੌਰ ਆਦਿ ਵੀ ਹਾਜ਼ਰ ਸਨ।

# ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦਾ ਜਨਰਲ ਕੌਂਸਲ ਦਾ ਇਜਲਾਸ 8 ਨੂੰ

**ਅੰਮ੍ਰਿਤਸਰ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ 17ਵੀਂ ਜਨਰਲ ਕੌਂਸਲ ਦਾ ਇਜਲਾਸ 8 ਨਵੰਬਰ 2025 ਨੂੰ ਦੇਸ਼ ਭਗਤ ਯਾਦਗਾਰੀ ਹਾਲ ਜਲੰਧਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁੱਚਾ ਸਿੰਘ ਟਰਪਈ ਅਤੇ ਸੂਬਾ ਮੀਤ ਪ੍ਰਧਾਨ ਗੁਰਦੀਪ ਸਿੰਘ ਬਾਜਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜਨਤਕ ਸਿੱਖਿਆ ਨੂੰ ਤਬਾਹੀ ਦੇ ਕੰਢੇ ਪਹੁੰਚਾ ਦਿੱਤਾ ਹੈ ।ਇਸ ਤੋਂ ਇਲਾਵਾ ਇਸ ਸਰਕਾਰ ਕਰਮਚਾਰੀ ਵਿਰੋਧੀ ਸਾਬਤ ਹੋਈ ਹੈ। ਅਧਿਆਪਕਾਂ ਦੀਆਂ ਮੁੱਖ ਮੰਗਾਂ ਵਿੱਚ ਸ਼ਾਮਿਲ 2020 ਦੀ ਸਿੱਖਿਆ ਨੀਤੀ ਰੱਦ ਕੀਤੀ ਜਾਵੇ, ਸਿੱਖਿਆ ਦੇ ਨਿੱਜੀਕਰਨ ਅਤੇ ਵਪਾਰੀਕਰਨ ਤੁਰੰਤ ਬੰਦ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, 16 ਪ੍ਰਤੀਸ਼ਤ ਮਹਿੰਗਾਈ ਭੱਤਾ ਤੁਰੰਤ ਜਾਰੀ ਕੀਤਾ ਜਾਵੇ, ਕੇਂਦਰੀ ਸਕੇਲ ਰੱਦ ਕੀਤਾ ਜਾਵੇ ਅਤੇ ਪੰਜਾਬ ਸਕੇਲ ਲਾਗੂ ਕੀਤੇ ਜਾਣ ਅਤੇ ਸੋਧਾਂ ਦੇ ਨਾਮ ਤੇ ਪੇਂਡੂ ਭੱਤਾ ਅਤੇ ਹੋਰ ਭੱਤੇ ਜੋ ਰੋਕੇ ਗਏ ਹਨ ਉਹਨਾਂ ਨੂੰ ਤੁਰੰਤ ਬਹਾਲ ਕੀਤਾ ਜਾਵੇ ।ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਸਿੰਘ ਸੁਲਤਾਨਵਿੰਡ ਅਤੇ ਵਿੱਤ ਸਕੱਤਰ ਹਰਪ੍ਰੀਤ ਸਿੰਘ ਸੋਹੀਆਂ ਨੇ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਸਾਰੇ ਅਧਿਆਪਕਾਂ ਨੂੰ ਹਰ ਮਹੀਨੇ ਦੀ ਪਹਿਲੀ ਤਰੀਕ ਨੂੰ ਤਨਖਾਹ ਦਿੱਤੀ ਜਾਵੇ ਅਤੇ ਅਧਿਆਪਕਾਂ ਦੇ ਬਕਾਇਆ ਬਿੱਲ ਤੁਰੰਤ ਪਾਸ ਕੀਤੇ ਜਾਣ। ਵੱਖ ਵੱਖ ਅਧਿਆਪਕਾਂ ਦੇ ਹੱਕ ਵਿੱਚ ਕੋਰਟ ਵੱਲੋਂ ਲਏ ਗਏ ਫੈਸਲਿਆਂ ਨੂੰ ਜਨਰਲਾਈਜ ਕੀਤਾ ਜਾਵੇ।

### ਪਿੰਡ ਰਸੂਲਪੁਰ (ਮੱਲ੍ਹਾ) ਦੇ ਗੁਰਦੁਆਰਾ ਸੰਤੋਖਸਰ ਸਾਹਿਬ ਵਿਖੇ

# ਸ੍ਰੀ ਸਹਿਜ ਪਾਠਾਂ ਦੇ ਭੋਗ ਉਪਰੰਤ ਕਵੀਸ਼ਰੀ ਦਰਬਾਰ ਸਜਾਇਆ







**ਜਗਰਾਉਂ (ਵਰਿਆਮ ਹਠੂਰ)**-ਸਿੱਖ ਧਰਮ ਦੇ ਬਾਨੀ ਪਹਿਲੇ ਪਾਤਸ਼ਾਹ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਰਸੂਲਪੁਰ (ਮੱਲ੍ਹਾ) ਦੇ ਗੁਰਦੁਆਰਾ ਸੰਤੋਖਸਰ ਸਾਹਿਬ ਵਿਖੇ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਵੱਲੋਂ ਨਗਰ ਦੀਆਂ ਸੰਗਤਾਂ ਅਤੇ ਐੱਨ ਆਰ ਆਈ ਗੁਰਸੰਗਤਾਂ ਦੇ ਸਹਿਯੋਗ ਸਦਕਾ ਵੱਡਾ ਧਾਰਮਿਕ ਸਮਾਗਮ ਕਰਵਾਇਆ ਗਿਆ, ਜਿੱਥੇ ਬੀਤੇ ਦਿਨੀਂ ਗੁਰਦੁਆਰਾ ਸੰਤੋਖਸਰ ਸਾਹਿਬ ਤੋਂ ਜੈਕਾਰਿਆਂ ਦੀ ਗੂੰਜ ਵਿੱਚ ਪੁਰਾਤਨ ਰਵਾਇਤਾਂ ਅਨੁਸਾਰ ਮਹਾਨ ਨਗਰ ਕੀਰਤਨ ਸਜਾਇਆ ਗਿਆ ਸੀ ਉੱਥੇ ਗੁਰਦੁਆਰਾ ਸੰਤੋਖਸਰ ਸਾਹਿਬ ਵਿਖੇ ਸਵੇਰੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਤੇ ਪ੍ਰਕਾਸ਼ ਕੀਤੇ ਸ਼੍ਰੀ ਸਹਿਜ ਪਾਠਾਂ ਦੇ ਭੋਗ ਪਾਏ ਗਏ, ਉਪਰੰਤ ਕਵੀਸ਼ਰੀ ਦਰਬਾਰ ਸਜਾਇਆ ਗਿਆ, ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਆਪਣੀ ਹਾਜ਼ਰੀ ਭਰੀ ਤੇ ਜੁੱਗੋ ਜੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਸੇਵਾਦਾਰਾਂ ਨੇ ਤਨ ਮਨ ਧਨ ਨਾਲ ਸੇਵਾਵਾਂ ਕੀਤੀਆਂ, ਸਮਾਗਮ ਵਿੱਚ ਭਾਈ ਜਗਤਾਰ ਸਿੰਘ ਧਾਂਦਰਾ ਦੇ ਪ੍ਰਸਿੱਧ ਕਵੀਸ਼ਰੀ ਜੱਥੇ ਨੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਸਬੰਧੀ ਇਕੱਤਰ ਗੁਰਸੰਗਤਾਂ ਨੂੰ ਚਾਨਣਾ ਪਾਇਆ, ਤੇ ਗੁਰਸੰਗਤਾਂ ਦਾ ਇਤਿਹਾਸ ਸੁਣਾ ਕੇ ਦਿਲ ਮੋਹ ਲਿਆ, ਕਵੀਸ਼ਰ ਭਾਈ ਜਗਤਾਰ ਸਿੰਘ ਜੀ ਧਾਂਦਰਾ ਨੇ ਗੁਰਸੰਗਤਾਂ ਨੂੰ ਬਾਣੀ ਅਤੇ ਬਾਣੇ ਨਾਲ ਜੁੜ ਕੇ ਆਪਣਾ ਮਨੁੱਖਾ ਜੀਵਨ ਸਫ਼ਲਾ ਕਰਨ ਲਈ ਅਪੀਲ ਕੀਤੀ, ਇਸ ਮੌਕੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ ਅਤੇ ਸਮੂਹ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਵੱਲੋਂ ਨਗਰ ਕੀਰਤਨ ਅਤੇ ਸਮਾਗਮ ਵਿੱਚ ਸਹਿਯੋਗ ਕਰਨ ਵਾਲੇ ਸੇਵਾਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਮੌਕੇ ਗੱਲਬਾਤ ਕਰਦਿਆਂ ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਨਗਰ ਦੀਆਂ ਸੰਗਤਾਂ ਅਤੇ ਐੱਨ ਆਰ ਆਈ ਗੁਰਸੰਗਤਾਂ ਨੇ ਨਗਰ ਕੀਰਤਨ ਅਤੇ ਸਮਾਗਮ ਲਈ ਵਧ ਚੜ੍ਹ ਕੇ ਸਹਿਯੋਗ ਦਿੱਤਾ, ਅਤੇ ਵੱਡੀ ਗਿਣਤੀ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਨਾਲ ਆਪਣੇ ਪਿਆਰ ਅਤੇ ਸਤਿਕਾਰ ਦਾ ਸਬੂਤ ਦਿੱਤਾ, ਅਜਿਹੇ ਸਮਾਗਮ ਅਤੇ ਮਹਾਨ ਨਗਰ ਕੀਰਤਨ ਗੁਰਸੰਗਤਾਂ ਦੇ ਸਹਿਯੋਗ ਨਾਲ ਨਾਲ ਹੀ ਹੋਇਆ ਕਰਦੇ ਹਨ। ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦਾ ਸਹਿਯੋਗ ਲਈ ਅਤੇ ਹਾਜ਼ਰੀਆਂ ਭਰਨ ਲਈ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ, ਇਸ ਮੌਕੇ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ।

**ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੇ ਕੀਤਾ ਸਮੂਹ ਗੁਰਸੰਗਤਾਂ ਦਾ ਧੰਨਵਾਦ**

### ਬੰਗਲੂਰੂ ’ਚ ਭਿੜਨਗੇ ਗੱਤਕਾ ਯੋਧੇ : ਨੈਸ਼ਨਲ ਗੱਤਕਾ ਐਸੋਸੀਏਸ਼ਨ ਵੱਲੋਂ

# ਦੂਜਾ ਫੈਡਰੇਸ਼ਨ ਗੱਤਕਾ ਕੱਪ 7 ਤੋਂ 9 ਨਵੰਬਰ ਤੱਕ

**ਚੰਡੀਗੜ੍ਹ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਵਿਸ਼ਵ ਗੱਤਕਾ ਫੈਡਰੇਸ਼ਨ ਤੋਂ ਮਾਨਤਾ ਪ੍ਰਾਪਤ ਦੇਸ਼ ਦੀ ਸਰਵਉੱਚ ਕੌਮੀ ਗੱਤਕਾ ਸੰਸਥਾ, ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ (ਐਨ.ਜੀ.ਏ.ਆਈ.) ਵੱਲੋਂ 7 ਤੋਂ 9 ਨਵੰਬਰ ਤੱਕ ਬੰਗਲੂਰੂ ਸਿਟੀ ਯੂਨੀਵਰਸਿਟੀ, ਬੰਗਲੂਰੂ, ਕਰਨਾਟਕਾ ਵਿਖੇ ਦੂਜਾ ਫੈਡਰੇਸ਼ਨ ਗੱਤਕਾ ਕੱਪ-2025 ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਭਾਰਤ ਦੇ ਬਿਹਤਰੀਨ ਨੌਜਵਾਨ ਗੱਤਕਈ ਯੋਧੇ ਰੋਮਾਂਚਕ ਜੰਗਜੂ ਮੁਕਾਬਲਿਆਂ ਦੌਰਾਨ ਆਪਣੀ ਕਲਾ ਦੇ ਜੌਹਰ ਦਿਖਾਉਣਗੇ।

ਐਨ.ਜੀ.ਏ.ਆਈ. ਦੇ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਅਤੇ ਇੰਟਰਨੈਸ਼ਨਲ ਸਿੱਖ ਮਾਰਸ਼ਲ ਆਰਟ ਕੌਂਸਲ ਦੇ ਉਪ-ਪ੍ਰਧਾਨ ਸੁਖਚੈਨ ਸਿੰਘ ਕਲਸਾਨੀ ਨੇ ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੰਨਾਂ ਸਲਾਨਾ ਕੌਮੀ ਮੁਕਾਬਲਿਆਂ ਵਿੱਚ 19 ਸਾਲ ਤੋਂ ਘੱਟ ਉਮਰ ਵਰਗ ਵਿੱਚ ਦਸ ਰਾਜਾਂ ਦੀਆਂ ਟੀਮਾਂ ਗੱਤਕਾ ਸੋਟੀ ਅਤੇ ਫੱਰੀ-ਸੋਟੀ ਈਵੈਂਟਾਂ ਵਿੱਚ ਵਿਅਕਤੀਗਤ ਅਤੇ ਟੀਮ ਮੁਕਾਬਲਿਆਂ ਵਿੱਚ ਹਿੱਸਾ ਲੈਣਗੀਆਂ।ਉਨ੍ਹਾਂ ਦੱਸਿਆ ਕਿ ਵਿਸ਼ਵ ਗੱਤਕਾ ਫੈਡਰੇਸ਼ਨ (ਡਬਲਿਊ.ਜੀ.ਐਫ.) ਅਤੇ ਏਸ਼ੀਅਨ ਗੱਤਕਾ ਫੈਡਰੇਸ਼ਨ (ਏ.ਜੀ.ਐਫ.) ਦੀ ਅਗਵਾਈ ਹੇਠ ਆਯੋਜਿਤ ਇਹ ਸਮਾਗਮ ਦੂਜੀਆਂ ਰਾਸ਼ਟਰੀ ਸੱਭਿਆਚਾਰਕ ਪਾਈਥੀਅਨ ਖੇਡਾਂ ਦੇ ਨਾਲ-ਨਾਲ ਆਯੋਜਿਤ ਹੋਵੇਗਾ ਜਿੱਥੇ ਭਾਰਤ ਦੇ ਸੱਭਿਆਚਾਰ ਅਤੇ ਵਿਰਾਸਤ ਦਾ ਵੱਡਾ ਮੁਜੱਸਮਾ ਦੇਖਣ ਨੂੰ ਮਿਲੇਗਾ।

ਗੱਤਕਾ ਪ੍ਰਮੋਟਰ ਗਰੇਵਾਲ ਅਤੇ ਕਲਸਾਣੀ ਨੇ ਕਿਹਾ ਕਿ ਇਹ ਦੂਜਾ ਫੈਡਰੇਸ਼ਨ ਗੱਤਕਾ ਕੱਪ ਨਵੀਂ ਪੀੜ੍ਹੀ ਦੇ ਗੱਤਕਾ ਖਿਡਾਰੀਆਂ ਪ੍ਰਤਿਭਾ ਨੂੰ ਉਜਾਗਰ ਕਰੇਗਾ। ਉਨ੍ਹਾਂ ਦੱਸਿਆ ਕਿ ਬੰਗਲੂਰੂ ਦੇ ਸੋਨ ਤਗਮਾ ਜੇਤੂ ਮਾਸਕੋ ਵਿਖੇ ਅਗਲੇ ਸਾਲ 2026 ਵਿੱਚ ਹੋਣ ਵਾਲੀਆਂ ਪਹਿਲੀਆਂ ਕੌਮਾਂਤਰੀ ਪਾਈਥੀਅਨ ਸੱਭਿਆਚਾਰਕ ਖੇਡਾਂ ਵਿੱਚ ਭਾਰਤ ਦੀ ਨੁਮਾਇੰਦਗੀ ਕਰਨ ਲਈ ਸਿੱਧੀ ਟਿਕਟ ਹਾਸਲ ਕਰਨਗੇ ਜੋ ਕਿ ਗੱਤਕੇ ਦੀ ਵਿਸ਼ਵ ਯਾਤਰਾ ਵਿੱਚ ਇੱਕ ਵੱਡਾ ਕਦਮ ਸਾਬਤ ਹੋਵੇਗਾ।



ਐਡਵੋਕੇਟ ਗਰੇਵਾਲ ਨੇ ਕਿਹਾ ਕਿ ਐਨ.ਜੀ.ਏ.ਆਈ. ਨੂੰ ਡਬਲਿਊ.ਜੀ.ਐਫ. ਅਤੇ ਏ.ਜੀ.ਐਫ. ਤੋਂ ਮਾਨਤਾ ਮਿਲਣ ਕਰਕੇ ਦੇਸ਼ ਦੀ ਸਭ ਤੋਂ ਪੁਰਾਣੀ ਗੱਤਕਾ ਸੰਸਥਾ ਇਸ ਖੇਡ ਨੂੰ ਵਿਸ਼ਵ ਪੱਧਰ ’ਤੇ ਲਿਜਾਣ ਦੇ ਯੋਗ ਬਣੀ ਹੈ। ਇਸੇ ਅਗਵਾਈ ਸਦਕਾ ਹੀ ਐਨ.ਜੀ.ਏ.ਆਈ. ਵੱਲੋਂ ਇਸ ਖੇਡ ਨੂੰ ਕੌਮੀ ਪਾਈਥੀਅਨ ਸੱਭਿਆਚਾਰਕ ਖੇਡਾਂ, ਖੇਲੋ ਇੰਡੀਆ ਯੂਥ ਗੇਮਜ਼, ਨੈਸ਼ਨਲ ਗੇਮਜ਼, ਆਲ ਇੰਡੀਆ ਅੰਤਰ-ਯੂਨੀਵਰਸਿਟੀ ਟੂਰਨਾਮੈਂਟ ਅਤੇ ਨੈਸ਼ਨਲ ਸਕੂਲ ਖੇਡਾਂ ਵਿੱਚ ਮਾਨਤਾ ਮਿਲੀ ਹੈ। ਹੋਰ ਵੇਰਵੇ ਦਿੰਦਿਆਂ ਐਨ.ਜੀ.ਏ.ਆਈ. ਦੇ ਜਨਰਲ ਸਕੱਤਰ ਹਰਜਿੰਦਰ ਕੁਮਾਰ ਅਤੇ ਗੱਤਕਾ ਐਸੋਸੀਏਸ਼ਨ ਆਫ਼ ਪੰਜਾਬ ਦੇ ਸੰਯੁਕਤ ਸਕੱਤਰ ਬਲਜੀਤ ਸਿੰਘ ਸੈਣੀ ਨੇ ਦੱਸਿਆ ਕਿ ਇਸ ਹਫਤੇ ਬੰਗਲੂਰੂ ਸ਼ਹਿਰ ਭਾਰਤੀ ਮਾਰਸ਼ਲ ਆਰਟਸ ਦਾ ਕੇਂਦਰ ਬਣੇਗਾ ਗਿਆ ਜਿੱਥੇ ਕੌਮੀ ਪੱਧਰੀ ਚੈਂਪੀਅਨਸ਼ਿਪ ਨੌਜਵਾਨ ਐਥਲੀਟਾਂ ਨੂੰ ਜੰਗਜੂ ਕਲਾ ਅਤੇ ਵਿਰਾਸਤੀ ਕਦਰਾਂ-ਕੀਮਤਾਂ ਨਾਲ ਜੋੜਨ ਲਈ ਇੱਕ ਪਲੇਟਫਾਰਮ ਹੋ ਨਿੱਬੜੇਗੀ। ਉਨ੍ਹਾਂ ਦੱਸਿਆ ਕਿ ਸਾਲ 2004 ਵਿੱਚ ਸਥਾਪਿਤ ਹੋਈ ਐਨ.ਜੀ.ਏ.ਆਈ. ਗੱਤਕਾ ਖੇਡ ਨੂੰ ਇੱਕ ਮਾਨਤਾ ਪ੍ਰਾਪਤ ਕੌਮਾਂਤਰੀ ਖੇਡ ਵਜੋਂ ਪ੍ਰਫੁੱਲਿਤ ਕਰਨ ਲਈ ਯਤਨਸ਼ੀਲ ਹੈ। ਹਰਜੀਤ ਗਰੇਵਾਲ, ਜੋ ਕਿ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਵੀ ਹਨ, ਨੇ ਐਲਾਨ ਕੀਤਾ ਕਿ ਤੀਜੇ ਫੈਡਰੇਸ਼ਨ ਗੱਤਕਾ ਕੱਪ ਤੋਂ ਪਹਿਲਾਂ ਡਬਲਯੂਜੀਐਫ ਅਤੇ ਏਜੀਐਫ ਵੱਲੋਂ ਅਗਲੇ ਸਾਲ ਸਾਂਝੇ ਤੌਰ ’ਤੇ ਪਹਿਲਾ ਕੌਮਾਂਤਰੀ ਫੈਡਰੇਸ਼ਨ ਗੱਤਕਾ ਕੱਪ ਕਰਵਾਇਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਹ ਕੌਮਾਂਤਰੀ ਮੁਕਾਬਲੇ ਦੋ ਦਹਾਕੇ ਪਹਿਲਾਂ ਗੱਤਕੇ ਦੀ ਪ੍ਰਫੁੱਲਤਾ ਲਈ ਸ਼ੁਰੂ ਹੋਈ ਯਾਤਰਾ ਬਾਰੇ ਪ੍ਰਤੀਬੱਧਤਾ ਨੂੰ ਦਰਸਾਉਂਦੇ ਹਨ ਜਿਸ ਵਿੱਚ ਇਸ ਪੁਰਾਤਨ ਮਾਰਸ਼ਲ ਆਰਟ ਨੂੰ ਦੁਨੀਆ ਭਰ ਵਿੱਚ ਇੱਕ ਮਾਨਤਾ ਪ੍ਰਾਪਤ ਖੇਡ ਵਜੋਂ ਮਾਨਤਾ ਦਿਵਾਉਣ ਦਾ ਬੀੜਾ ਚੁੱਕਿਆ ਗਿਆ ਸੀ।

**ਗੱਤਕਾ ਪਹੁੰਚਣ ਲੱਗਾ ਵਿਸ਼ਵ ਪੱਧਰ ’ਤੇ : ਬੈਂਗਲੂਰੂ ’ਚ ਕਰਾਂਗੇ ਕੌਮਾਂਤਰੀ ਕੱਪ ਲਈ ਭਾਰਤੀ ਗੱਤਕਾ ਟੀਮ ਦੀ ਚੋਣ - ਗਰੇਵਾਲ**

## ਕਾਂਗਰਸ ਪਾਰਟੀ ਵੱਲੋਂ ਰਾਜਸੀ ਲਾਹੇ ਲਈ ਗੁਰੂ ਸਾਹਿਬ ਦੀ ਤਸਵੀਰ ਵਰਤਣਾ ਸਿੱਖ ਭਾਵਨਾਵਾਂ ਨਾਲ ਖਿਲਵਾੜ, ਪਰਚਾ ਦਰਜ ਕਰਣ ਦੀ ਮੰਗ- ਐਡਵੋਕੇਟ ਧਾਮੀ



ਨਵੀਂ ਦਿੱਲੀ, 6 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਾਂਗਰਸ ਪਾਰਟੀ ਵੱਲੋਂ ਆਪਣੇ ਸਿਆਸੀ ਪ੍ਰਚਾਰ ਲਈ ਲਗਾਏ ਬੈਨਰਾਂ ’ਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਲੈ ਕੇ ਆ ਰਹੇ ਭਾਈ ਜੀਵਨ ਸਿੰਘ ਦੀ ਤਸਵੀਰ ਵਰਤਣ ਦਾ ਨੋਟਿਸ ਲੈਂਦਿਆਂ ਦੋਸ਼ੀਆਂ ਖਿਲਾਫ਼ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਲਈ ਪਰਚਾ ਦਰਜ ਕਰਨ ਦੀ ਮੰਗ ਕੀਤੀ ਹੈ। ਦਫ਼ਤਰ ਤੋਂ ਜਾਰੀ ਬਿਆਨ ’ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰੂ ਸਾਹਿਬ ਦੀ ਤਸਵੀਰ ਉੱਪਰ ਕਿਸੇ ਸਖ਼ਸ ਦੀ ਫੋਟੋ ਲਗਾਉਣਾ ਵੱਡੀ ਕੁਤਾਹੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਬੇਹੱਦ ਦੁਖਦਾਈ ਹੈ ਕਿ ਕਾਂਗਰਸ ਪਾਰਟੀ ਨੇ ਆਪਣੇ ਰਾਜਨੀਤਕ ਮਨੋਰਥ ਲਈ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਭਾਈ ਜੀਵਨ ਸਿੰਘ ਜੀ ਵਰਗੀਆਂ ਮਹਾਨ ਸ਼ਖ਼ਸੀਅਤਾਂ ਦੀਆਂ ਤਸਵੀਰਾਂ ਦੇ ਉੱਪਰ ਆਪਣੇ ਸਿਆਸੀ ਨੇਤਾਵਾਂ ਦੀਆਂ ਫੋਟੋਆਂ ਲਗਾ ਕੇ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਸੱਟ ਮਾਰੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਰਾਜਸੀ ਪਾਰਟੀ ਵੱਲੋਂ ਲੋਕਾਂ ਨੂੰ ਪ੍ਰਭਾਵਿਤ ਕਰਨ ਲਈ ਸਿੱਖ ਗੁਰੂਆਂ ਦੀਆਂ ਤਸਵੀਰਾਂ ਵਰਤਣਾ ਤਾਂ ਗੁਨਾਹ ਹੈ, ਪਰ ਤਸਵੀਰਾਂ ਦੇ ਉੱਪਰ ਆਪਣੇ ਸਿਆਸੀ ਆਗੂਆਂ ਦੀਆਂ ਫੋਟੋ ਛਾਪਣੀਆਂ ਉਸ ਤੋਂ ਵੀ ਵੱਡੀ ਗ਼ਲਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਹਰਕਤ ਲਈ ਜਿਥੇ ਕਾਂਗਰਸ ਪਾਰਟੀ ਨੂੰ ਤੁਰੰਤ ਸਿੱਖ ਕੌਮ ਪਾਸੋਂ ਮੁਆਫ਼ੀ ਮੰਗਣ ਲਈ ਆਖਿਆ, ਉਥੇ ਹੀ ਪੁਲਿਸ ਪ੍ਰਸ਼ਾਸਨ ਪਾਸੋਂ ਜ਼ੁੰਮੇਵਾਰ ਵਿਅਕਤੀਆਂ ’ਤੇ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਲਈ ਪਰਚਾ ਦਰਜ ਕਰਨ ਦੀ ਮੰਗ ਵੀ ਕੀਤੀ।

### ਭੋਗ ’ਤੇ ਵਿਸ਼ੇਸ਼

## ਸ੍ਰ ਇਕਬਾਲ ਸਿੰਘ ਹਾਡਾ ਸਬ ਇੰਸਪੈਕਟਰ



**ਚੌਕ ਮਹਿਤਾ, 6 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰ ਇਕਬਾਲ ਸਿੰਘ ਹਾਡਾ ਸਬ ਇੰਸਪੈਕਟਰ ਤਰਨਤਾਰਨ ਦਾ ਜਨਮ ਮਿਤੀ 15,7,1966 ਨੂੰ ਮਾਤਾ ਹਰਬੰਸ ਕੌਰ ਅਤੇ ਪਿਤਾ ਊਧਮ ਸਿੰਘ ਦੇ ਗ੍ਰਹਿ ਵਿਖੇ ਪਿੰਡ ਪਲਾਸੌਰ ਜ਼ਿਲਾ ਤਰਨਤਾਰਨ ਵਿਖੇ ਹੋਇਆ ਉਨ੍ਹਾਂ ਨੇ ਦਸਵੀਂ ਜਮਾਤ ਦੀ ਪੜ੍ਹਾਈ ਖਾਲਸਾ ਸਕੂਲ ਤਰਨਤਾਰਨ ਤੇ ਬੀ ਏ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਖਾਲਸਾ ਕਾਲਜ ਕਰਨ ਉਪਰੰਤ1989 ਵਿੱਚ ਪੰਜਾਬ ਪੁਲਿਸ ਭਰਤੀ ਹੋਏ, ਸ੍ਰ ਇਕਬਾਲ ਸਿੰਘ ਦੀ ਸ਼ਾਦੀ ਸੁਖਵਿੰਦਰ ਕੌਰ ਪੁੱਤਰੀ ਗੁਰਜੀਤ ਸਿੰਘ ਵਾਸੀ ਕੰਬੋਜ ਜ਼ਿਲਾ ਅੰਮ੍ਰਿਤਸਰ ਨਾਲ ਹੋਈ ਅਤੇ ਦੇ ਘਰ ਬੇਟੇ ਕੋਮਲਪ੍ਰੀਤ ਸਿੰਘ ਇੰਜੀਨੀਅਰ ਕਨੇਡਾ, ਬੇਟੀ ਮਨਪ੍ਰੀਤ ਕੌਰ ਕਨੇਡਾ ਨੇਂ ਜ਼ਨਮ ਲਿਆ ਸ੍ਰ ਇਕਬਾਲ ਸਿੰਘ ਹਾਡਾ ਪੰਜਾਬ ਪੁਲਿਸ ਵਿੱਚ ਡਿਊਟੀ ਦੌਰਾਨ ਵੱਖ ਵੱਖ ਥਾਨਿਆਂ ਵਿੱਚ ਬਤੌਰ ਐਸ ਐਚ ਓ ਸੇਵਾ ਨਿਭਾਈ, ਸ੍ਰ ਹਾਡਾ ਮਿਤੀ 29 ਅਕਤੂਬਰ ਨੂੰ ਸਾਨੂੰ ਸਦੀਵੀ ਵਿਛੋੜਾ ਦੇ ਗਏ ਉਨ੍ਹਾਂ ਦੇ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਿਤੀ 7ਨਵੰਬਰ ਨੂੰ ਪਿੰਡ ਪਲਾਸੌਰ ਖੁਰਦ ਵਿਖੇ ਪਾਏ ਜਾਣਗੇ ਉਪਰੰਤ ਕੀਰਤਨ ਤੇ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਬਾਬਾ ਸੋਹਣ ਸਿੰਘ ਜੀ ਜਰਮਸਤਪੁਰ ਰੋਡ ਵਿਖੇ 12 ਤੋ1ਵਜੇ ਤੱਕ ਹੋਵੇਗੀ ਆਪ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕਿਰਪਾਲਤਾ ਕਰਨੀ ਜੀ।

## ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਵਿਖੇ ਗੁਰਪੁਰਬ ਸਮਾਗਮ ਮਨਾਇਆ



ਤਲਵੰਡੀ ਸਾਬੋ, 06 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸੁਦੇਸ਼ ਵਾਟਿਕਾ ਕਾਨਵੈਂਟ ਸਕੂਲ ਭਾਗੀਵਾਂਦਰ ਵਿਖੇ ਸ਼ਰਧਾ ਤੇ ਭਾਵਨਾ ਨਾਲ ਗੁਰਪੁਰਬ ਦਾ ਸਮਾਗਮ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸ੍ਰੀ ਜਪੁਜੀ ਸਾਹਿਬ ਦੇ ਪਵਿੱਤਰ ਪਾਠ ਨਾਲ ਹੋਈ, ਜਿਨ੍ਹਾਂ ਦੀ ਰਸਮ ਅਨੁਸਾਰ ਵਿਦਿਆਰਥੀ ਅਤੇ ਅਧਿਆਪਕਾਂ ਵੱਲੋਂ ਬੜੀ ਨਿਮਰਤਾ ਨਾਲ ਸੁਣਵਾਈ ਕੀਤੀ ਗਈ। ਗੁਰਬਾਣੀ ਦੀਆਂ ਸੁਰੀਲੀਆਂ ਧੁਨੀਆਂ ਨਾਲ ਸਕੂਲ ਦਾ ਮਾਹੌਲ ਸ਼ਾਂਤੀਮਈ ਤੇ ਰੱਬੀ ਰੰਗਾਂ ਨਾਲ ਰੰਗਿਆ ਦਿਖਾਈ ਦਿੱਤਾ। ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਉਨ੍ਹਾਂ ਨੂੰ ਸੱਚ, ਨਾਮ, ਵੰਡ ਛਕਣ, ਤੇ ਮਨੁੱਖਤਾ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਗਿਆ। ਸਕੂਲ ਚੇਅਰਮੈਨ ਵਿਨੋਦ ਖੁਰਾਣਾ ਨੇ ਆਪਣੇ ਸੰਬੋਧਨ ਵਿੱਚ ਗੁਰੂ ਨਾਨਕ ਸਾਹਿਬ ਦੇ ਲਾਗੂ ਕੀਤੇ ਗਏ ਜੀਵਨ-ਮੁੱਢਾਂ ਨੂੰ ਅਪਣਾਉਣ ਲਈ ਬੱਚਿਆਂ ਨੂੰ ਉਤਸ਼ਾਹਿਤ ਕੀਤਾ। ਸਮਾਗਮ ਦੇ ਅੰਤ ਵਿੱਚ ਸਮੂਹ ਵਿਦਿਆਰਥੀਆਂ ਨੂੰ ਪ੍ਰਸ਼ਾਦ ਵੰਡਿਆ ਗਿਆ ਅਤੇ ਸ਼ਾਂਤੀ ਤੇ ਸਮਰੱਥਾ ਲਈ ਅਰਦਾਸ ਕੀਤੀ ਗਈ। ਇਸ ਮੌਕੇ ਤੇ ਵਿਦਿਆਰਥੀਆਂ ਤੋਂ ਕੁਇੱਜ ਮੁਕਾਬਲੇ ਵੀ ਕਰਵਾਏ ਗਏ ਅਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੀ ਦਿੱਤੇ ਗਏ ।ਸਕੂਲ ਸਮਾਗਮ ਦੌਰਾਨ ਪ੍ਰਿੰਸੀਪਲ ਮੈਡਮ ਮੀਨੂੰ ਗਰਗ ਨੇ ਵਿਦਿਆਰਥੀਆਂ ਨੂੰ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੇ ਵਚਨਬੱਧ ਰਹਿਣ ਲਈ ਪ੍ਰੇਰਿਆ ।ਇਸ ਮੌਕੇ ਤੇ ਸਕੂਲ ਕੋਆਰਡੀਨੇਟਰ ਮੈਡਮ ਬੇਅੰਤ ਕੌਰ ਅਤੇ ਜੂਨੀਅਰ ਕੋਆਰਡੀਨੇਟਰ ਮੈਡਮ ਕਿਰਨਦੀਪ ਕੌਰ ਵਿਸ਼ੇਸ਼ ਭੂਮਿਕਾ ਨਿਭਾਈ। ਪਰਮਿੰਦਰ ਕੌਰ ਕੁਲਵਿੰਦਰ ਕੌਰ, ਅੰਨੂ ਬਾਲਾ, ਜਸਪ੍ਰੀਤ ਕੌਰ, ਜਤਿੰਦਰ ਕੌਰ, ਗੁਰਪ੍ਰੀਤ ਕੌਰ, ਰਣਦੀਪ ਕੌਰ, ਸਿੰਪਲ ,ਕਿਰਨਦੀਪ ਕੌਰ, ਰਮਨਦੀਪ ਕੌਰ, ਡਿੰਪਲ ਰਾਣੀ,ਪਵਨਦੀਪ ਕੌਰ, ਮੇਘਾ, ਅਮਰਜੀਤ ਸਿੰਘ, ਕਰਮਜੀਤ ਕੌਰ,ਸੁਖਪ੍ਰੀਤ ਕੌਰ, ਰਿਪੇਤਾ ਲਵਪ੍ਰੀਤ ਸਿੰਘ , ਇੰਦਰਜੀਤ ਸਿੰਘ ਅਤੇ ਵਿਵੇਕ ਬਾਂਸਲ ਆਦਿ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

### ਪਿੰਡ ਬੁਰਜ ਕਲਾਰਾ ਦੇ ਗੁਰਦੁਆਰਾ ਤਪ ਅਸਥਾਨ ਬਾਬਾ ਸਾਈਂ ਲੋਕ ਵਿਖੇ

# ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ













**ਹਠੂਰ/ਜਗਰਾਉਂ -(ਵਰਿਆਮ ਹਠੂਰ)**-ਸਿੱਖ ਧਰਮ ਦੇ ਬਾਨੀ ਪਹਿਲੇ ਪਾਤਸ਼ਾਹ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਜ਼ਿਲ੍ਹਾ ਲੁਧਿਆਣਾ ਦੇ ਆਖਰੀ ਪਿੰਡ ਬੁਰਜ ਕਲਾਰਾ ਦੇ ਗੁਰਦੁਆਰਾ ਤਪ ਅਸਥਾਨ ਬਾਬਾ ਸਾਈਂ ਲੋਕ ਵਿਖੇ ਬੜੀ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ, ਜਿੱਥੇ ਰਾਤ ਦੇ ਦੀਵਾਨਾਂ ਵਿੱਚ ਸੁਰੀਲੇ ਕੀਰਤਨੀ ਜੱਥੇ ਸਵਰਜੀਤ ਸਿੰਘ ਰਬਾਬੀ ਬ੍ਰਦਰਜ਼ ਲੋਪੋ ਵਾਲਿਆਂ ਨੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਤੇ ਸੰਗਤਾਂ ਵੱਲੋਂ ਸਤਿਗੁਰਾਂ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਆਤਸ਼ਬਾਜ਼ੀ ਕੀਤੀ ਉੱਥੇ ਅੱਜ ਸਵੇਰੇ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਉੱਥੇ ਪ੍ਰਕਾਸ਼ ਕੀਤੇ ਗਏ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਛੋਟੇ ਛੋਟੇ ਬੱਚਿਆਂ ਵੱਲੋਂ ਕਵੀਸ਼ਰੀ ਅਤੇ ਧਾਰਮਿਕ ਸ਼ਬਦਾਂ ਦੀ ਪੇਸ਼ਕਾਰੀ ਕੀਤੀ, ਪ੍ਰਬੰਧਕਾਂ ਵੱਲੋਂ ਗੁਰੂ ਘਰ ਕੀਤੀਆਂ ਸਜਾਵਟਾਂ ਵੇਖਣ ਯੋਗ ਸਨ। ਪ੍ਰਧਾਨ ਕਵੀਸ਼ਰੀ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ ਅਤੇ ਗੁਰੂ ਘਰ ਦੇ ਵਜੀਰ ਬਾਬਾ ਗੁਰਨਾਇਬ ਸਿੰਘ ਜੀ ਨੇ ਵੀ ਸ਼ਾਨਦਾਰ ਕਵੀਸ਼ਰੀ ਦੀ ਪੇਸ਼ਕਾਰੀ ਕੀਤੀ ਅਤੇ ਦੋਵਾਂ ਨੇ ਆਪੋ ਆਪਣੇ ਵਿਚਾਰਾਂ ਦੀ ਸਾਂਝ ਪਾਈ ਤੇ ਸੰਗਤਾਂ ਨੂੰ ਸ਼੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਰਸਾਏ ਮਾਰਗ ਤੇ ਚੱਲਣ ਲਈ ਕਿਹਾ, ਪ੍ਰਧਾਨ ਵਾਹਿਗੁਰੂ ਪਾਲ ਸਿੰਘ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਰਪੰਚ ਚਮਕੌਰ ਸਿੰਘ ਕੈਨੇਡਾ ਵੱਲੋਂ ਸ਼ਬਦ ਅਤੇ ਕਵੀਸ਼ਰੀ ਪੇਸ਼ ਕਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ, ਬਾਬਾ ਗੁਰਨਾਇਬ ਸਿੰਘ ਜੀ ਰਾਮਾ ਨੇ ਕਿਹਾ ਬੱਚਿਆਂ ਨੂੰ ਸਿੱਖੀ ਦਾ ਜਾਗ ਲਾਉਣ ਲਈ ਗੁਰੂ ਘਰ ਬੱਚਿਆਂ ਦੀਆਂ ਕਲਾਸਾਂ ਲਗਵਾਈਆਂ ਜਾਂਦੀਆਂ ਹਨ। ਬੱਚਿਆਂ ਨੂੰ ਸ਼ਬਦ ਕੀਰਤਨ, ਕਵੀਸ਼ਰੀ, ਦੀ ਜਿੱਥੇ ਸਿਖਲਾਈ ਦਿੱਤੀ ਜਾਂਦੀ ਹੈ। ਉੱਥੇ ਹੁਣ ਚਾਹਵਾਨ ਬੱਚਿਆਂ ਨੂੰ ਗੱਤਕੇ ਦੀ ਸਿਖਲਾਈ ਵੀ ਸ਼ੁਰੂ ਕਰਾਂਗੇ, ਅੰਤ ਵਿੱਚ ਪ੍ਰਧਾਨ ਕਵੀਸ਼ਰ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ ਨੇ ਸਮੂਹ ਗੁਰਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ, ਗੁਰੂ ਘਰ ਚਾਹ ਪਕੌੜਿਆਂ ਜਲੇਬੀਆਂ, ਅਤੇ ਹੋਰ ਲੰਗਰ ਅਤੁੱਟ ਵਰਤਿਆ, ਇਸ ਮੌਕੇ ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ, ਮਿਸਤਰੀ ਪਰਮਜੀਤ ਸਿੰਘ, ਹੈੱਡ ਗ੍ਰੰਥੀ ਬਾਬਾ ਗੁਰਨਾਇਬ ਸਿੰਘ, ਸਰਪੰਚ ਚਮਕੌਰ ਸਿੰਘ ਕੈਨੇਡਾ, ਮਿੱਠੂ ਸਿੰਘ, ਅਵਤਾਰ ਸਿੰਘ ਸਿੱਧੂ, ਗੁਰਪ੍ਰੀਤ ਸਿੰਘ, ਲਛਮਣ ਸਿੰਘ, ਨੌਜਵਾਨ ਸੇਵਾਦਾਰਾਂ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਫਿਰੋਜ਼ਪੁਰ ਤੋਂ ਪੰਥਕ ਉਮੀਦਵਾਰ

# ਮਨਦੀਪ ਸਿੰਘ ਦੇ ਹੱਕ ਵਿੱਚ ਜਥਾ ਹੋਇਆ ਰਵਾਨਾ



**ਫ਼ਿਰੋਜ਼ਪੁਰ, 06 ਨਵੰਬਰ (ਮਨੋਹਰ ਲਾਲ) :—** ਅੱਜ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਭਾਰੀ ਗਿਣਤੀ ਵਿੱਚ ਕਾਰਾਂ ਦਾ ਕਾਫਲਾ, ਤਰਨਤਾਰਨ ਜ਼ਿਮਨੀ ਚੋਣ ਵਿੱਚ ਸਰਦਾਰ ਮਨਦੀਪ ਸਿੰਘ ਦੇ ਹੱਕ ਵਿੱਚ ਪ੍ਰਚਾਰ ਕਰਨ ਲਈ ਰਵਾਨਾ ਹੋਇਆ । ਇਹ ਜੱਥਾ ਤਰਨਤਾਰਨ ਦੇ ਹਲਕੇ ਵਿੱਚ ਆਪਣੇ ਰਿਸ਼ਤੇਦਾਰਾਂ, ਦੋਸਤ ਮਿੱਤਰਾਂ ਅਤੇ ਆਮ ਜੰਤਾ ਨੂੰ ਬੇਨਤੀ ਕਰੇਗਾ ਕਿ ਭਾਈ ਮਨਦੀਪ ਸਿੰਘ ਦੇ ਭਰਾ ਸੰਦੀਪ ਸੰਨੀ ਨੇ ਸਿੱਖ ਕੌਮ ਲਈ ਬੜੀ ਵੱਡੀ ਕੁਰਬਾਨੀ ਕੀਤੀ ਹੈ। ਇਸ ਲਈ ਇਸ ਪੰਥਕ ਪਰਿਵਾਰ ਦੇ ਹੱਕ ਵਿੱਚ ਚੋਣ ਨਿਸ਼ਾਨ ਬਾਲਟੀ ਨੂੰ ਵੋਟਾਂ ਪਾਉਣੀਆਂ ਚਾਹੀਦੀਆਂ ਹਨ। ਪੰਥਕ ਗਦਾਰਾਂ ਨੂੰ ਪਛਾਣਨ ਦੀ ਲੋੜ ਹੈ। ਇਹ ਲੋਕ ਪੰਥਿਕ ਵੋਟਾਂ ਦੇ ਹੱਕਦਾਰ ਨਹੀਂ ਹਨ। ਤਰਨਤਾਰਨ ਪੰਥਕ ਹਲਕਾ ਹੈ, ਇਥੋਂ ਦੇ ਲੋਕ ਬਹੁਤ ਸਿਆਣੇ ਹਨ ,ਭਾਈ ਮਨਦੀਪ ਸਿੰਘ ਨੂੰ ਬੜੀ ਵੱਡੀ ਲੀਡ ਨਾਲ ਜਿਤਾਉਣ ਗੇ। ਅੱਜ ਦੇ ਜਥੇ ਵਿਚ ਜਾਣਵਾਲੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਆਗੂ ਸਹਿਬਾਨ ਗੁਰਬੀਰ ਸਿੰਘ ਬੱਬੂ, ਸਰਬਜੀਤ ਸਿੰਘ, ਜਥੇਦਾਰ ਕਰਨੈਲ ਸਿੰਘ ਭਾਵੜਾ, ਦਰਸ਼ਨ ਸਿੰਘ, ਸ਼ੰਗਾਰਾ ਸਿੰਘ ਹਰਜਿੰਦਰ ਸਿੰਘ ਪੱਲਾ ਮੇਘਾ ,ਸਾਰਜ ਸਿੰਘ ਪ੍ਰਧਾਨ ਸਰਪੰਚ ਯੂਨੀਅਨ, ਕਰਮਪਾਲ ਸਿੰਘ ਬੈਰਕਾਂ, ਸੁਰਜੀਤ ਸਿੰਘ ਅਲਫੂਕੇ, ਹਰਦੇਵ ਸਿੰਘ ਹਾਮਦ ,ਸਵਰਨ ਸਿੰਘ ਚੱਕਸੋਮੀਆ, ਲਵਦੀਪ ਸਿੰਘ ਬਾਰੇ ਕੇ, ਪ੍ਰਕਾਸ਼ ਸਿੰਘ ਟੇਡੀਵਾਲਾ, ਜਸਪਾਲ ਸਿੰਘ ਮਲਕੀਤ ਸਿੰਘ ,ਸਾਰਜ ਸਿੰਘ ਭੰਮਾ ਸਿੰਘ ਵਾਲਾ, ਬਲਜਿੰਦਰ ਸਿੰਘ ਮੈਨੇਜਰ, ਜਸਪਾਲ ਸਿੰਘ ਮੈਨੇਜਰ, ਡਾਕਟਰ ਮੁਖਤਿਆਰ ਸਿੰਘ ਭੁੱਲਰ ਆਦਿ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

# ਲੋਕਾਂ ਨੇ ਪੰਥਕ ਏਕਤਾ ਅਤੇ ਕੌਮੀ ਹਿੱਤਾਂ ਦੇ ਹੱਕ ਵਿੱਚ ਦਿੱਤਾ ਇਤਿਹਾਸਕ ਸਮਰਥਨ : ਭਾਈ ਮਨਦੀਪ ਸਿੰਘ ਖ਼ਾਲਸਾ

### ਹਲਕਾ ਤਰਨਤਾਰਨ ਵਿੱਚ ਬਦਲੇ ਸਿਆਸੀ ਸਮੀਕਰਨ, ਮਨਦੀਪ ਖਾਲਸਾ ਦੇ ਹੱਕ ’ਚ ਉੱਠੀ ਇਕ-ਇਕ ਆਵਾਜ਼





**ਤਰਨਤਾਰਨ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਖ਼ਾਲਸਾ ਅਤੇ ਪਾਰਟੀ ਦੇ ਕੋਆਰਡੀਨੇਟਰ ਭਾਈ ਪਰਮਜੀਤ ਸਿੰਘ ਜੌਹਲ ਦੀ ਅਗਵਾਈ ਵਿੱਚ ਅੱਜ ਤਰਨਤਾਰਨ ਹਲਕੇ ਦੇ 20 ਤੋਂ 22 ਵੱਖ-ਵੱਖ ਪਿੰਡਾਂ ਇਕ ਵਿਸ਼ਾਲ ਰੋਡ ਸ਼ੋਅ ਨਿਕਲਿਆ। ਇਸ ਰੋਡ ਸ਼ੋਅ ਦੌਰਾਨ ਸੈਂਕੜਿਆਂ ਵਾਹਨਾਂ ਦਾ ਕਾਫਲਾ ਜਦੋਂ ਪਿੰਡਾਂ ਦੀਆਂ ਗਲੀਆਂ ਵਿੱਚੋਂ ਲੰਘਿਆ, ਤਾਂ ਸੰਗਤਾਂ ਨੇ ਫੁੱਲਾਂ ਦੀ ਵਰਖਾ ਕਰਕੇ, ਸਿਰੋਪਾਓ ਪਾ ਕੇ ਸਵਾਗਤ ਕਰਕੇ ਆਪਣਾ ਪੰਥਕ ਜੋਸ਼ ਪ੍ਰਗਟਾਇਆ।

ਇਹ ਵਕਤ ਉਹਨਾਂ ਦੇ ਨਾਲ ਮੁੱਖ ਤੌਰ ਤੇ ਭਾਈ ਮਨਦੀਪ ਸਿੰਘ ( ਭਰਾਤਾ ਸ਼ਹੀਦ ਭਾਈ ਦੀਪ ਸਿੱਧੂ ), ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਚਮਕੌਰ ਸਿੰਘ ਧੁੰਨ ਅਤੇ ਹੋਰ ਸੈਕੜੇ ਆਗੂ ਅਤੇ ਵਰਕਰ ਹਾਜਰ ਸਨ।

ਪਿੰਡਾਂ ਵਿੱਚੋਂ ਨਿਕਲੇ ਇਸ ਵਿਸ਼ਾਲ ਕਾਫਲੇ ਨੇ ਸਾਬਤ ਕੀਤਾ ਕਿ ਪੰਜਾਬ ਦੇ ਲੋਕ ਹੁਣ ਝੂਠੇ ਵਾਅਦਿਆਂ, ਖਾਲੀ ਦਾਵਿਆਂ ਤੇ ਭਰਮਾਂ ਤੋਂ ਤੰਗ ਆ ਚੁੱਕੇ ਹਨ ਅਤੇ ਸੱਚੇ ਪੰਥਕ ਅਤੇ ਕੌਮੀਂ ਹਿੱਤਾਂ ਦੇ ਹੱਕ ਵਿੱਚ ਇਕਜੁੱਟ ਹੋ ਰਹੇ ਹਨ। ਭਾਈ ਮਨਦੀਪ ਸਿੰਘ ਖ਼ਾਲਸਾ ਨੇ ਇਸ ਮੌਕੇ ਤੇ ਕਿਹਾ ਕਿ ਤਰਨਤਾਰਨ ਦੀ ਧਰਤੀ ਹਮੇਸ਼ਾਂ ਪੰਥਕ ਜਾਗਰੂਕਤਾ ਦਾ ਕੇਂਦਰ ਰਹੀ ਹੈ ਅਤੇ ਅੱਜ ਇਹ ਸਪਸ਼ਟ ਹੋ ਗਿਆ ਹੈ ਕਿ ਲੋਕ ਗੁਰੂ ਸਾਹਿਬਾਨ ਦੇ ਸਿਧਾਂਤਾਂ ’ਤੇ ਚਲਣ ਵਾਲੀ ਰਾਜਨੀਤੀ ਨੂੰ ਹੀ ਆਪਣਾ ਸਮਰਥਨ ਦੇਣਗੇ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮੁਹਿੰਮ ਕਿਸੇ ਇਕ ਵਿਅਕਤੀ ਦੀ ਨਹੀਂ, ਸਗੋਂ ਪੰਥਕ ਸੱਚਾਈ ਤੇ ਇਨਸਾਫ਼ ਦੀ ਲੜਾਈ ਹੈ। ਉਨ੍ਹਾਂ ਅੱਗੇ ਕਿਹਾ ਕਿ ਜਿਹੜੀਆਂ ਸਰਕਾਰਾਂ ਨੇ ਪੰਜਾਬ ਦੀ ਜਵਾਨੀ ਨੂੰ ਨਸ਼ੇ, ਬੇਰੁਜ਼ਗਾਰੀ ਤੇ ਕਰਜ਼ੇ ਦੇ ਖੂਹ ਵਿੱਚ ਧੱਕਿਆ, ਉਹ ਹੁਣ ਕਿਸੇ ਵੀ ਹਾਲਤ ਵਿੱਚ ਲੋਕਾਂ ਦੇ ਵਿਸ਼ਵਾਸ ਦੇ ਹੱਕਦਾਰ ਨਹੀਂ ਰਹੀਆਂ। “ਅੱਜ ਦਾ ਇਹ ਰੋਡ ਸ਼ੋਅ ਇਸ ਗੱਲ ਦਾ ਐਲਾਨ ਹੈ ਕਿ ਪੰਜਾਬ ਦੀ ਜਾਗਦੀ ਜਨਤਾ ਹੁਣ ਉਹਨਾਂ ਸਾਰੀਆਂ ਤਾਕਤਾਂ ਨੂੰ ਰੱਦ ਕਰੇਗੀ ਜੋ ਪੰਥ ਅਤੇ ਪੰਜਾਬ ਦੀ ਜੜ੍ਹਾਂ ਕੱਟਣ ਤੇ ਤੁੱਲੀਆਂ ਹੋਈਆਂ ਹਨ,” ਉਨ੍ਹਾਂ ਕਿਹਾ। ਭਾਈ ਪਰਮਜੀਤ ਸਿੰਘ ਜੌਹਲ ਨੇ ਕਿਹਾ ਕਿ ਇਹ ਸਮਰਥਨ ਕੇਵਲ ਚੋਣੀ ਸਮਰਥਨ ਨਹੀਂ, ਸਗੋਂ ਇਕ ਨਵੀਂ ਪੰਥਕ ਚੇਤਨਾ ਦਾ ਪ੍ਰਤੀਕ ਹੈ ਜੋ ਤਰਨਤਾਰਨ ਤੋਂ ਉੱਠ ਕੇ ਸਾਰੇ ਪੰਜਾਬ ਵਿੱਚ ਫੈਲ ਰਹੀ ਹੈ। ਉਨ੍ਹਾਂ ਕਿਹਾ ਕਿ ਜਿੱਥੇ ਜਿੱਥੇ ਕਾਫਲਾ ਗਿਆ, ਉੱਥੇ ਸੰਗਤ ਨੇ ਜੋ ਪਿਆਰ ਤੇ ਵਿਸ਼ਵਾਸ ਦਿੱਤਾ, ਉਹ ਸਾਨੂੰ ਹੋਰ ਮਜਬੂਤੀ ਨਾਲ ਪੰਥਕ ਸਿਧਾਂਤਾਂ ਉੱਤੇ ਡਟੇ ਰਹਿਣ ਦੀ ਤਾਕਤ ਦਿੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੱਸੇ ਮਾਰਗ ਤੇ ਚਲ ਕਿ ਸੰਸਾਰ ਦੇ ਜੀਵਾਂ ਨੂੰ

# ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ-ਬਾਬਾ ਸੁੱਖਾ ਸਿੰਘ



**ਜੰਡਿਆਲਾ ਗੁਰੂ 6 ਨਵੰਬਰ ( ਕੁਲਵੰਤ ਸਿੰਘ ਵਿਰਦੀ )**-ਬੀਤੇ ਦਿਨ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਤੇ ਸਮੂਹ ਜੋਤੀਸਰ ਕਲੋਨੀ ਦੀਆਂ ਸੰਗਤਾਂ,ਦੇਸ ਵਿਦੇਸ ਦੀਆਂ ਸੰਗਤਾਂ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਗਿਆ ਅਵਤਾਰ ਪੁਰਬ ਨੂੰ ਸਮਰਪਿਤ ਸਾਮ ਦੇ ਸਮੇਂ ਧਾਰਮਿਕ ਸਮਾਗਮ ਕਰਵਾਏ ਗਏ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਮ ਨੂੰ ਸੰਧਿਆ ਦੇ ਸਮੇ ਰਹਿਰਾਸ ਸਾਹਿਬ ਜੀ ਦੇ ਪਾਠ ਦੇ ਭੋਗ ਤੋਂ ਉਪਰੰਤ ਸ੍ਰੋਮਣੀ ਪ੍ਰਚਾਰਕ ਸ੍ਰੀ ਅੰਮ੍ਰਿਤਸਰ ਸਾਹਿਬ ਭਾਈ ਅੰਮ੍ਰਿਤਪਾਲ ਸਿੰਘ ਸਰਲੀ ਜੀ ਵੱਲੋਂ ਧੰਨ ਗੁਰੂ ਨਾਨਕ ਨਿਰੰਕਾਰ ਜੀ ਦੇ ਇਤਿਹਾਸ ਬਾਰੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ ! ਅਤੇ ਸਮਾਪਤੀ ਤੋਂ ਉਪਰੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਗੁਰੂ ਚਰਨਾਂ ਵਿੱਚ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਅਤੇ ਅਰਦਾਸ ਉਪਰੰਤ ਹੁਕਮਨਾਮਾ ਲਿਆ ਗਿਆ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਚਖੰਡ ਸੁਖਆਸਨ ਸਾਹਿਬ ਤੇ ਬਿਰਾਜਮਾਨ ਕਰਕੇ ਸੰਗਤਾਂ ਨੂੰ ਕੜਾਹ ਪ੍ਰਸ਼ਾਦਿ ਵਰਤਾਇਆ ਗਿਆ! ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਕੜੀ ਚੌਲ ਦੇ ਲੰਗਰ ਛਕਾਏ ਗਏ ! ਇਸ ਮੌਕੇ ਗੱਲਬਾਤ ਦੌਰਾਨ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਕਲਯੁੱਗ ਦੇ ਜੀਵਾਂ ਨੂੰ ਤਾਰਨ ਲਈ ਅਤੇ ਭੈਣ ਨਾਨਕੀ ਜੀ ਦੀ ਪੁਕਾਰ ਤੇ ਧੰਨ ਗੁਰੂ ਨਾਨਕ ਦੇਵ ਨਿਰੰਕਾਰ ਜੀ ਨੇ ਮਾਤਾ ਤ੍ਰਿਪਤਾ ਜੀ ਦੇ ਕੁੱਖੋਂ ਅਵਤਾਰ ਧਾਰਿਆ ਅਤੇ ਛੋਟੀ ਅਵਸਥਾ ਵਿੱਚ ਹੀ ਇਕ ਨਿਰੰਕਾਰ ਆਕਾਲ ਪੁਰਖ ਦੀ ਉਸਤਤ ਕਰਦਿਆਂ ਹੋਇਆ ਸੰਸਾਰ ਦੇ ਭਟਕੇ ਹੋਏ ਲੋਕਾਂ ਨੂੰ ਸਿਧਾ ਰਸਤਾ ਦਿਖਾਇਆ ਅਤੇ ਪਿਤਾ ਮਹਿਤਾ ਕਾਲੂ ਜੀ ਦੀ ਕਿਰਤ ਕਮਾਈ ਦੇ ਵੀਹ ਰੁਪਇਆ ਦਾ ਸੱਚਾ ਸੌਦਾ ਕਰਕੇ ਭੁੱਖੇ ਸਾਧੂਆਂ ਨੂੰ ਭੋਜਨ ਛਕਾਇਆ ਜੋ ਅੱਜ ਤੱਕ ਉਨਾਂ ਵੀਹਾਂ ਰੁਪਇਆ ਦਾ ਚਲਾਇਆ ਹੋਇਆ ਲੰਗਰ ਚਲ ਰਿਹਾ ਹੈ ਇਸ ਲਈ ਸਾਨੂੰ ਸਭ ਨੂੰ ਆਪਣੀ ਕਿਰਤ ਕਮਾਈ ਨੂੰ ਸਫਲ ਬਣਾਉਣ ਲਈ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਉਪਦੇਸ ਕਿਰਤ ਕਰੋ ਵੰਡ ਛਕੋ ਨੂੰ ਆਪਣੇ ਜੀਵਨ ਵਿੱਚ ਧਾਰ ਕੇ ਆਪਣੇ ਜੀਵਨ ਨੂੰ ਸਫ਼ਲ ਬਣਾਉਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਵਿਖੇ ਪ੍ਰਕਾਸ਼ ਪੁਰਬ ਮਨਾਇਆ ਗਿਆ**

### ਪੰਜਾਬ ਦੇ ਲੋਕਾਂ ਨੇ ਲੋਟੂ ਸਰਕਾਰਾਂ ਤੇ

# ਪੰਥ ਦੋਖੀਆਂ ਨੂੰ ਚਲਦਿਆਂ ਕਰਨ ਦਾ ਬਣਾਇਆ ਮਨ : ਬਾਪੂ ਤਰਸੇਮ ਸਿੰਘ





ਤਰਨਤਾਰਨ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਾਂਝੇ ਪੰਥਕ ਉਮੀਦਵਾਰ ਭਾਈ ਮਨਦੀਪ ਸਿੰਘ ਖਾਲਸਾ ਦੇ ਹੱਕ ਵਿੱਚ ਅੱਜ ਤਰਨਤਾਰਨ ਹਲਕੇ ਵਿੱਚ ਵੱਖ-ਵੱਖ ਦੋ ਵਿਸ਼ਾਲ ਰੋਡ ਸ਼ੋਅ ਕਰਵਾਏ ਗਏ, ਜਿਨ੍ਹਾਂ ਨੇ ਇਲਾਕੇ ਦਾ ਪੂਰਾ ਰਾਜਨੀਤਿਕ ਮਾਹੌਲ ਬਦਲ ਦਿੱਤਾ।ਸੈਂਕੜਿਆਂ ਗੱਡੀਆਂ ਦੇ ਕਾਫਲੇ ਨਾਲ ਜਦੋਂ ਇਹ ਰੋਡ ਸ਼ੋਅ ਵੱਖ-ਵੱਖ ਪਿੰਡਾਂ ਵਿਚੋਂ ਲੰਘੇ, ਤਾਂ ਲੋਕਾਂ ਵੱਲੋਂ ਜਗਾ-ਜਗਾ ਬਾਪੂ ਤਰਸੇਮ ਸਿੰਘ ਜੀ ਅਤੇ ਹੋਰ ਆਗੂਆਂ ਦਾ ਸਿਰੋਪਾਓ ਪਾ ਕੇ ਤੇ ਗੁਲਾਬਾਂ ਦੇ ਫੁੱਲਾਂ ਨਾਲ ਸਵਾਗਤ ਕੀਤਾ ਗਿਆ।ਇਸ ਵਿਸ਼ਾਲ ਕਾਫਲੇ ਦੀ ਅਗਵਾਈ ਪ੍ਰਸਿੱਧ ਪੰਥਕ ਆਗੂ ਬਾਪੂ ਤਰਸੇਮ ਸਿੰਘ ਜੀ ਕਰ ਰਹੇ ਸਨ। ਉਨ੍ਹਾਂ ਦੇ ਨਾਲ ਮੁੱਖ ਆਗੂਆਂ ਵਿੱਚ ਭਾਈ ਹਰਦੀਪ ਸਿੰਘ ( ਭਰਾਤਾ ਭਾਈ ਸੰਦੀਪ ਸਿੰਘ ਸੰਨੀ ), ਲੱਖਾ ਸਿੰਘ ਸਿਧਾਣਾਂ, ਨਵਦੀਪ ਸਿੰਘ ਜਲਬੇੜਾ (ਵਾਟਰ ਕੈਨਨ ਵਾਲੇ) ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਭਾਈ ਹਰਭਜਨ ਸਿੰਘ ਤੁੜ, ਬਾਪੂ ਹਰਜਿੰਦਰ ਸਿੰਘ ਬਾਜੇਕੇ (ਪ੍ਰਧਾਨ ਮੰਤਰੀ ਬਾਜੇਕੇ ਦੇ ਪਿਤਾ ਜੀ), ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਦਇਆ ਸਿੰਘ, ਭਾਈ ਬਲਦੇਵ ਸਿੰਘ ਬਿੱਟਾ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਜਸਵਿੰਦਰ ਸਿੰਘ ਡਰੋਲੀ, ਭਾਈ ਕੁਲਬੀਰ ਸਿੰਘ ਗੰਡੀਵਿੰਡ, ਐਮ.ਪੀ. ਸਰਬਜੀਤ ਸਿੰਘ ਖਾਲਸਾ ਪੀ.ਏ. ਭਾਈ ਦਲੇਰ ਸਿੰਘ ਡੋਡ, ਭਾਈ ਅਜੇਪਾਲ ਸਿੰਘ ਢਿਲੋਂ, ਭਾਈ ਕਰਨਵੀਰ ਸਿੰਘ, ਭਾਈ ਨਾਥਵਿੰਦਰ ਸਿੰਘ ਮਜੀਠਾ, ਭਾਈ ਨਿਰਵੈਰ ਸਿੰਘ ਖਾਲਸਾ, ਭਾਈ ਜਰਮਨਜੀਤ ਸਿੰਘ ਸਰਾਂ, ਅਮਰਜੀਤ ਸਿੰਘ ਸੋਨੂੰ ਪੰਡੋਰੀ, ਰਣਜੀਤ ਸਿੰਘ ਰਾਣਾਂ, ਹਰਜੀਤ ਸਿੰਘ ਅੱਲੋਵਾਲ, ਭਾਈ ਪਰਮਜੀਤ ਸਿੰਘ, ਭਾਈ ਸੁਖਚੈਨ ਸਿੰਘ ਜੱਲੂਪੁਰ, ਭਾਈ ਸੁਖਬੀਰ ਸਿੰਘ ਚੀਮਾਂ, ਭਾਈ ਮਹਿੰਦਰਪਾਲ ਸਿੰਘ ਤੁੰਗ ਸਮੇਤ ਸੈਂਕੜੇ ਆਗੂ ਤੇ ਵਰਕਰ ਹਾਜ਼ਰ ਸਨ। ਇਹ ਕਾਫਲਾ ਤਰਨਤਾਰਨ ਹਲਕੇ ਦੇ 20 ਤੋਂ ਵੱਧ ਪਿੰਡਾਂ ਵਿੱਚੋਂ ਗੁਜਰਿਆ। ਹਰ ਪਿੰਡ ਵਿੱਚ ਸੰਗਤਾਂ ਵੱਲੋਂ ਭਾਈ ਮਨਦੀਪ ਸਿੰਘ ਖਾਲਸਾ ਦੇ ਹੱਕ ਵਿੱਚ ਭਾਰੀ ਜੋਸ਼, ਉਤਸ਼ਾਹ ਅਤੇ ਸਮਰਥਨ ਦੇ ਨਜ਼ਾਰੇ ਵੇਖਣ ਨੂੰ ਮਿਲੇ। ਬਾਪੂ ਤਰਸੇਮ ਸਿੰਘ ਜੀ ਨੇ ਇਸ ਮੌਕੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਮਝ ਚੁੱਕੇ ਹਨ ਕਿ ਲੋਟੂ ਸਰਕਾਰਾਂ ਤੇ ਪੰਥ ਦੋਖੀਆਂ ਨੇ ਸਿਰਫ਼ ਸਿੱਖ ਕੌਮ ਦਾ ਨੁਕਸਾਨ ਕੀਤਾ ਹੈ। ਲੋਕਾਂ ਨੇ ਹੁਣ ਮਨ ਬਣਾ ਲਿਆ ਹੈ ਕਿ ਅਸਲੀ ਪੰਥਕ ਸੋਚ ਵਾਲਿਆਂ ਨੂੰ ਹੀ ਅਗੇ ਲਿਆਂਦਾ ਜਾਵੇ।ਅਕਾਲੀ ਦਲ ਵਾਰਿਸ ਪੰਜਾਬ ਦੇ ਹੀ ਉਹ ਤਾਕਤ ਹੈ ਜੋ ਸੱਚਮੁੱਚ ਸਰਬੱਤ ਦੇ ਭਲੇ ਲਈ ਖੜ੍ਹੀ ਹੈ। ਰੋਡ ਸ਼ੋਅ ਦੌਰਾਨ ਲੋਕਾਂ ਦਾ ਉਤਸ਼ਾਹ ਇਹ ਦਰਸਾਉਂਦਾ ਸੀ ਕਿ ਤਰਨਤਾਰਨ ਹਲਕੇ ਵਿੱਚ ਪੰਥਕ ਇਕਤਾ ਦੀ ਲਹਿਰ ਚੱਲ ਪਈ ਹੈ ਅਤੇ ਲੋਕ ਪੂਰੇ ਜੋਸ਼ ਨਾਲ ਭਾਈ ਮਨਦੀਪ ਸਿੰਘ ਖਾਲਸਾ ਦੇ ਹੱਕ ਵਿੱਚ ਖੜ੍ਹੇ ਹੋ ਰਹੇ ਹਨ। ਅੰਤ ਵਿੱਚ ਸਾਰੇ ਆਗੂਆਂ ਵੱਲੋਂ ਇਹ ਅਹਿਸਾਸ ਕਰਵਾਇਆ ਗਿਆ ਕਿ ਇਹ ਸਿਰਫ਼ ਚੋਣੀ ਜੰਗ ਨਹੀਂ, ਸਗੋਂ ਪੰਥਕ ਅਸਲੀਅਤ ਅਤੇ ਸਿੱਖ ਸਵਰਾਜ ਦੀ ਲੜਾਈ ਹੈ, ਜਿਸ ਵਿੱਚ ਹਰ ਪੰਥਕ ਸੁਰਵੀਰ ਆਪਣਾ ਯੋਗਦਾਨ ਪਾ ਰਿਹਾ ਹੈ।

**ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਮਨਦੀਪ ਸਿੰਘ ਦੇ ਹੱਕ ਵਿੱਚ ਦੋ ਵਿਸ਼ਾਲ ਰੋਡ ਸ਼ੋਅ, ਲੋਕਾਂ ਵੱਲੋਂ ਜਗਾ ਜਗਾ ਸਿਰੋਪਾਓ ਤੇ ਫੁੱਲਾਂ ਦੀ ਵਰਖਾ**

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰਾਂ ਦੀ ਨਲਾਇਕੀ ਨੇ ਲੋਕ ਡੋਬੇ ਜਥੇਬੰਦੀਆਂ ਨੇ ਫੜੀ ਬਾਂਹ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਹੜ੍ਹ ਪੀੜਤਾਂ ਲਈ ਕਣਕ ਤੇ ਬੀਜ ਦੀ ਦੂਜੀ ਵਾਰ ਵੰਡ

**☛ ਆਪਣੇ ਪੈਰਾਂ ਤੇ ਖੜ੍ਹੇ ਹੋਵੋ ਅਤੇ ਸੰਘਰਸ਼ ਦੀ ਤਿਆਰੀ ਕਰੋ–ਮਨਜੀਤ ਧਨੇਰ ☛ ਹੜਾਂ ਦੇ ਪੱਕੇ ਪ੍ਰਬੰਧ ਕਵਾਉਣ ਤੇ ਮੁਆਵਜ਼ਾ ਲੈਣ ਲਈ ਜਥੇਬੰਦਕ ਸੰਘਰਸ਼ ਜ਼ਰੂਰੀ–ਗੁਰਦੀਪ ਰਾਮਪੁਰਾ**



ਫ਼ਿਰੋਜ਼ਪੁਰ, 06 ਨਵੰਬਰ (ਮਨੋਹਰ ਲਾਲ) :– ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਅੱਜ ਫਿਰੋਜ਼ਪੁਰ ਦੇ ਕਸਬਾ ਮੱਲਾਂਵਾਲਾ ਵਿਖੇ ਹੜ੍ਹ ਪੀੜਤ ਕਿਸਾਨਾਂ ਨੂੰ ਕਣਕ ਦਾ ਬੀਜ ਅਤੇ ਖਾਦ ਵੰਡੀ ਗਈ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿੰਦਾਂ ਅੰਗਰੇਜ਼ ਸਿੰਘ ਭਦੌੜ ਨੇ ਦੱਸਿਆ ਕਿ ਇਸ ਸਮੇਂ ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਦੱਸਿਆ ਕਿ ਉਹਨਾਂ ਦੀ ਜਥੇਬੰਦੀ ਵੱਲੋਂ ਪਹਿਲਾਂ ਵੀ ਹੁਸੈਨੀਵਾਲਾ ਦੇ ਪੰਜ ਪਿੰਡਾਂ ਵਿੱਚ ਕਣਕ ਦਾ ਬੀਜ ਅਤੇ ਖਾਦ ਵੰਡੀ ਗਈ ਸੀ। ਅੱਜ ਉਹ ਜੀਰਾ ਅਤੇ ਮਖੂ ਬਲਾਕ ਦੇ ਪਿੰਡਾਂ ਲਈ ਸਹਾਇਤਾ ਦੀ ਦੂਜੀ ਖੇਪ ਲੈ ਕੇ ਆਏ ਹਨ। ਜਥੇਬੰਦੀ ਦੀ ਸੂਬਾ ਕਮੇਟੀ ਜ਼ਿਲਿਆਂ ਦੇ ਆਗੂ ਅਤੇ ਫਿਰੋਜ਼ਪੁਰ ਜ਼ਿਲ੍ਹੇ ਦੇ ਆਗੂਆਂ ਨੇ ਅੱਜ ਮੱਲਾਂਵਾਲਾ ਦੇ ਬਾਹਰਵਾਰ ਐਚ ਡੀ ਪੈਟਰੋਲ ਪੰਪ ਤੇ ਕੈਂਪ ਲਗਾ ਕੇ ਕਿਸਾਨਾਂ ਨੂੰ ਇਹ ਰਾਹਤ ਸਮਗਰੀ ਵੰਡੀ। ਇਸ ਬਾਰੇ ਜਥੇਬੰਦੀ ਦੀ ਜ਼ਿਲਾ ਕਮੇਟੀ ਵੱਲੋਂ ਬਲਾਕ ਦੇ ਪਿੰਡਾਂ ਵਿੱਚ ਪੰਜ ਏਕੜ ਤੋਂ ਘੱਟ ਵਾਲੇ ਕਿਸਾਨਾਂ ਦੀਆਂ ਲਿਸਟਾਂ ਪਹਿਲਾਂ ਹੀ ਤਿਆਰ ਕਰ ਲਈਆਂ ਗਈਆਂ ਸਨ। ਮੌਕੇ ਤੇ ਦੋਵਾਂ ਬਲਾਕਾਂ ਦੇ ਪਿੰਡਾਂ ਦੇ ਕਿਸਾਨ ਇਕੱਠੇ ਹੋਏ ਅਤੇ ਉਹਨਾਂ ਨੂੰ ਉਹਨਾਂ ਦੀ ਜ਼ਮੀਨ ਦੇ ਹਿਸਾਬ ਨਾਲ ਕਣਕ ਦਾ ਬੀਜ ਅਤੇ ਖਾਦ ਵੰਡੀ ਗਈ। ਆਗੂਆਂ ਨੇ ਦੱਸਿਆ ਕਿ ਜਲਦੀ ਹੀ ਤੀਜੀ ਖੇਪ ਵੀ ਵੰਡੀ ਜਾਵੇਗੀ ਇਸ ਮੌਕੇ ਤੇ ਸੂਬੇ ਦੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਸੂਬਾ ਖਜ਼ਾਨਚੀ ਗੁਰਦੇਵ ਸਿੰਘ ਮਾਂਗੇਵਾਲ ਅਤੇ ਪ੍ਰੈਸ ਸਕੱਤਰ ਅੰਗਰੇਜ਼ ਸਿੰਘ ਭਦੌੜ ਹਾਜ਼ਰ ਸਨ। ਆਗੂਆਂ ਨੇ ਕਿਹਾ ਕਿ ਹੜ੍ਹ ਕੁਦਰਤ ਦੀ ਕਰੋਪੀ ਨਹੀਂ ਸਗੋਂ ਕਾਰਪੋਰੇਟ ਘਰਾਣਿਆਂ ਦੇ ਮੁਨਾਫਿਆਂ ਦੀ ਭੁੱਖ ਕਾਰਨ ਵਾਤਾਵਰਨ ਵਿੱਚ ਤਬਦੀਲੀਆਂ ਆ ਰਹੀਆਂ ਹਨ। ਜਿਸ ਕਾਰਨ ਕਿਤੇ ਹੜ੍ਹ ਅਤੇ ਕਿਤੇ ਸੋਕਾ ਪੈ ਰਿਹਾ ਹੈ। ਸਰਕਾਰਾਂ ਦਾ ਧਿਆਨ ਵੀ ਕਾਰਪੋਰੇਟ ਘਰਾਣਿਆਂ ਦੀ ਦਲਾਲੀ ਕਰਨ ਵੱਲ ਹੈ। ਉਹਨਾਂ ਦਾ ਹੜਾਂ ਦੀ ਰੋਕਥਾਮ ਕਰਨ ਵੱਲ ਕੋਈ ਧਿਆਨ ਨਹੀਂ ਹੈ। ਸਰਕਾਰ ਦੀਆਂ ਇਹਨਾਂ ਨਲਾਇਕੀਆਂ ਕਾਰਨ ਹੀ ਹੜਾਂ ਦੀ ਸਮੱਸਿਆ ਇਨੀ ਵਿਕਰਾਲ ਹੋਈ ਹੈ ਅਤੇ ਲੋਕਾਂ ਦੇ ਘਰ ਘਾਟ ਡੁੱਬ ਗਏ ਹਨ।

ਆਗੂਆਂ ਨੇ ਦੱਸਿਆ ਕਿ ਹੜ੍ਹ ਪੀੜਤਾਂ ਨੂੰ ਮੁਆਵਜ਼ਾ ਦਿਵਾਉਣ, ਹੜਾਂ ਦੇ ਪੱਕੇ ਪ੍ਰਬੰਧ ਕਰਵਾਉਣ ਅਤੇ ਸੰਯੁਕਤ ਕਿਸਾਨ ਮੋਰਚੇ ਦੀਆਂ ਹੋਰ ਮੰਗਾਂ ਮਨਵਾਉਣ ਲਈ 26 ਨਵੰਬਰ ਨੂੰ ਚੰਡੀਗੜ੍ਹ ਵੱਲ ਕੂਚ ਕੀਤਾ ਜਾਵੇਗਾ। ਜਿਸ ਵਿੱਚ ਜਥੇਬੰਦੀ ਦੇ ਆਗੂ ਅਤੇ ਵਰਕਰ ਵੱਧ ਚੜ੍ਹ ਕੇ ਭਾਗ ਲੈਣਗੇ। ਇਸ ਤੋਂ ਇਲਾਵਾ 18 ਨਵੰਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਵਸ ਸਬੰਧੀ ਬਰਨਾਲਾ ਦੇ ਤਰਕਸ਼ੀਲ ਭਵਨ ਵਿਖੇ ਸੈਮੀਨਾਰ ਕਰਵਾਇਆ ਜਾਵੇਗਾ। ਜਥੇਬੰਦੀ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਅਤੇ ਸਿੰਡੀਕੇਟ ਭੰਗ ਕਰਨਾ ਸੂਬਿਆਂ ਦੇ ਅਧਿਕਾਰਾਂ ਤੇ ਇੱਕ ਹੋਰ ਡਾਕਾ ਹੈ। ਉਹਨਾਂ ਦੀ ਜਥੇਬੰਦੀ ਵਿਦਿਆਰਥੀਆਂ ਅਤੇ ਹੋਰ ਲੋਕਾਂ ਦੇ ਇਸ ਸਬੰਧੀ ਚੱਲ ਰਹੇ ਸੰਘਰਸ਼ ਵਿੱਚ ਵੱਧ ਚੜ ਕੇ ਸਾਥ ਦੇਵੇਗੀ। ਇਸ ਸਮੇਂ ਸੂਬਾ ਕਮੇਟੀ ਤੋਂ ਇਲਾਵਾ ਜ਼ਿਲਾ ਫਿਰੋਜ਼ਪੁਰ ਦੇ ਪ੍ਰਧਾਨ ਜਗੀਰ ਸਿੰਘ ਖਹਿਰਾ, ਗੁਲਜ਼ਾਰ ਸਿੰਘ ਕਬਰ ਵੱਛਾ, ਲਖਵੀਰ ਸਿੰਘ ਡੋਡ, ਤਾਰਾ ਚੰਦ ਬਰੇਟਾ, ਜ਼ਿਲਾ ਸੰਗਰੂਰ ਦੇ ਪ੍ਰਧਾਨ ਰਣਧੀਰ ਸਿੰਘ ਭੱਟੀਵਾਲ, ਜਗਤਾਰ ਸਿੰਘ ਦੁੱਗਾਂ, ਜੁਗਰਾਜ ਸਿੰਘ ਹਰਦਾਸਪੁਰਾ, ਹਰਵਿੰਦਰ ਸਿੰਘ ਕੋਟਲੀ, ਗੁਰਨਾਮ ਸਿੰਘ ਮਹਿਰਾਜ, ਬਾਬੂ ਸਿੰਘ ਖੁੱਡੀ ਕਲਾਂ, ਦੇਵੀ ਰਾਮ ਰੰਘੜਿਆਲ, ਫਰੀਦਕੋਟ ਦੇ ਜਸਪ੍ਰੀਤ ਸਿੰਘ ਕੋਹਾਰ ਵਾਲਾ, ਮੋਹਾਲੀ ਤੋਂ ਪ੍ਰਦੀਪ ਮੁਸਾਹਿਬ, ਸਤਨਾਮ ਸਿੰਘ ਬਰਨਾਲਾ, ਜ਼ਿਲਾ ਫਿਰੋਜ਼ਪੁਰ ਦੇ ਖਜ਼ਾਨਚੀ ਜਤਿੰਦਰ ਸਿੰਘ ਕੜਮਾ, ਜੀਰਾ ਬਲਾਕ ਦੇ ਮੀਤ ਪ੍ਰਧਾਨ ਬਲਜਿੰਦਰ ਸਿੰਘ ਬੁੜੇਵਾਲਾ, ਮਖੂ ਬਲਾਕ ਦੇ ਪ੍ਰਧਾਨ ਬਗੀਚਾ ਸਿੰਘ, ਕਪੂਰਥਲਾ ਤੋਂ ਸੁਖਚੈਨ ਸਿੰਘ ਨੱਥੂ ਚਾਹਲ ਅਤੇ ਜਸਵਿੰਦਰ ਸਿੰਘ ਤੋਂ ਇਲਾਵਾ ਹੋਰ ਵੀ ਕਿਸਾਨ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਏ ਸਮਾਗਮ



ਫ਼ਿਰੋਜ਼ਪੁਰ, 06 ਨਵੰਬਰ (ਮਨੋਹਰ ਲਾਲ) :– ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ ,ਵਾਇਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ ਰੇਖ ਵਿੱਚ ਚੱਲ ਰਿਹਾ ਹੈ। ਸਕੂਲ ਵਿੱਚ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਜਪਜੀ ਸਾਹਿਬ ਦੇ ਪਾਠ ਦਾ ਉਚਾਰਨ ਕੀਤਾ ਗਿਆ, ਸਕੂਲ ਸਭਾ ਵਿੱਚ ਵਿਦਿਆਰਥੀਆਂ ਦੁਆਰਾ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੇ ਆਪਣੇ ਵਿਚਾਰ ਪੇਸ਼ ਕੀਤੇ ਗਏ, ਵਿਦਿਆਰਥੀਆਂ ਦੁਆਰਾ ਸ਼ਬਦ ਕੀਰਤਨ ਕੀਤਾ ਗਿਆ।ਸਾਰਾ ਮਾਹੌਲ ਭਗਤੀ ਭਾਵਨਾ ਵਾਲਾ ਹੋ ਗਿਆ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਦੁਆਰਾ ਵਿਦਿਆਰਥੀਆਂ ਨੂੰ ਸ਼੍ਰੀ ਗੁਰੂ ਨਾਨਕ ਦੇਵ ਜੀ ਦੀ ਸਿੱਖਿਆ ਅਤੇ ਉਨ੍ਹਾਂ ਦੇ ਦੱਸੇ ਰਾਹ ਤੇ ਚੱਲਣ ਲਈ ਪ੍ਰੇਰਿਆ ਗਿਆ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਮਹਾਪੁਰਸ਼ ਦੇ ਮਾਰਗ ਤੇ ਚੱਲਦੇ ਹੋਏ ਅਸੀਂ ਮਨੁੱਖੀ ਮੁੱਲ ਪ੍ਰਾਪਤ ਕਰ ਸਕਦੇ ਹਾਂ। ਵਿਦਿਆਰਥੀਆਂ ਵਿੱਚ ਇੱਕ ਨਵਾਂ ਉਤਸ਼ਾਹ ਅਤੇ ਸ਼ਾਂਤੀ ਦੀ ਪ੍ਰਵਿਰਤੀ ਦਾ ਵਿਕਾਸ ਹੁੰਦਾ ਹੈ, ਇੱਕ ਵਿਦਿਆਰਥੀ ਨੂੰ ਉਸ ਦੀ ਬਹੁਤ ਲੋੜ ਹੈ ਅਤੇ ਇਹ ਸਾਨੂੰ ਸਭ ਨੂੰ ਪਰਮਾਤਮਾ ਦੇ ਨੇੜੇ ਰਹਿਣ ਦੀ ਸ਼ਕਤੀ ਵੀ ਪ੍ਰਦਾਨ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਅੰਮ੍ਰਿਤਧਾਰੀ ਸਿੱਖ ਤਰਲੋਚਨ ਸਿੰਘ ਦਾ ਗੁਰੂ ਕਾਸ਼ੀ ਯੂਨੀਵਰਸਿਟੀ ਵਿਖੇ ਮਾਂ-ਬੋਲੀ ਪੰਜਾਬੀ ਅਤੇ ਸਿੱਖ ਧਰਮ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਵਾਈਸ ਚਾਂਸਲਰ ਵੱਲੋਂ ਸਨਮਾਨ

## ਸਿੱਖ ਧਰਮ ਅਤੇ ਮਾਂ-ਬੋਲੀ ਪੰਜਾਬੀ ਨੂੰ ਸ਼ਰਧਾ ਭਾਵਨਾ ਨਾਲ ਪਿਆਰ ਨਾਲ ਪਾਣੀ ਪਾਉਂਦੇ ਰਹਿੰਦੇ ਹਨ : ਵਿਰਕ




















**ਬਠਿੰਡਾ • ਆਵਾਜ਼ਿ ਕੌਮ ਬਿਊਰੋ ਵਿਸ਼ੇਸ਼ ਰਿਪੋਰਟ**

ਪੰਜਾਬੀ ਲਿਸਨਰਜ ਕਲੱਬ ਦੇ ਸੰਚਾਲਕ ਅੰਮ੍ਰਿਤਧਾਰੀ ਸਿੱਖ ਤਰਲੋਚਨ ਸਿੰਘ ਵਿਰਕ ਦਾ ਸਿੱਖ ਧਰਮ ਅਤੇ ਮਾਂ-ਬੋਲੀ ਪੰਜਾਬੀ ਲਈ 30 ਸਾਲਾਂ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਗੁਰੂ ਕਾਸ਼ੀ ਯੂਨਿਵਰਸਿਟੀ, ਬਠਿੰਡਾ, ਪੰਜਾਬ, ਇੰਡੀਆ ਵਿਖੇ 15 ਅਕਤੂਬਰ ਨੂੰ ਸਨਮਾਨ ਕੀਤਾ ਗਿਆ। ਬੀਬੀਸੀ ਰੇਡੀਓ ਲੈਸਟਰ ਦੇ ਪੰਜਾਬੀ ਪ੍ਰੋਗਰਾਮ ਦੇ ਤੀਸਰੀ ਵਰੇਗੰਢ 9 ਸਤੰਬਰ 1995 ਨੂੰ ਅਰੰਭ ਹੋਇਆ ਪੰਜਾਬੀ ਲਿਸਨਰਜ ਕਲੱਬ ਨੇ ਆਪਣੀ ਪਹਿੱਲੀ ਵਰੇਗੰਢ ਸਮੇ ਲੈਸਟਰ ਦੇ ਪ੍ਰਸਿੱਧ ਗੁਰੂ ਨਾਨਕ ਗੁਰਦਵਾਰਾ ਵਿਖੇ ਦੇਗ ਅਤੇ ਗੁਰੂ ਕੇ ਲੰਗਰ ਦੀ ਸੇਵਾ ਕਰਕੇ ਮਨਾਈ। ਇਸ ਸਮੇ ਪੰਜਾਬੀ ਸਕੂਲ ਦੇ 100 ਵਿਦਆਥੀਆਂ ਵਿਚੋਂ ਸੱਭ ਤੋਂ ਛੋਟੀ ਉਮਰ ਦੀ ਬੱਚੀ ਨੇ ਬੀਬੀਸੀ ਰੇਡੀਓ ਲੈਸਟਰ ਦੈ ਪੰਜਾਬੀ ਪ੍ਰੋਗਰਾਮ ਦੀ ਪੇਸ਼ ਕਰਤਾ ਗੁਰਪ੍ਰੀਤ ਕੋਰ ਜੀ ਨੂੰ ਸਟੇਜ ਤੇ ਸ਼ਾਨਦਾਰ ਟਰੋਫੀ ਨਾਲ ਸਨਮਾਨਿੱਤ ਕੀਤਾ। ਇਹ ਰੇਡੀਓ ਪ੍ਰੋਗਰਾਮ ਸਿੱਖ ਧਰਮ, ਸਿੱਖ ਇਤਿਹਾਸ, ਪੰਜਾਬੀ ਸਾਹਿਤ, ਅਤੇ ਸਮਾਜ ਨਾਲ ਜੋੜਨ ਵਿੱਚ ਮਿਡਲੈਂਡ ਦੇ ਕਵੈਂਟਰੀ, ਡਰਬੀ, ਨੋਰਥੈਂਪਟੰਨ, ਨੌਟਿੰਘਮ, ਪੀਟਰਬੋਰੋ, ਬਰਮਿੰਘੰਮ ਅਤੇ ਵੌਲਵਰਹੈਂਪਟੰਨ ਸ਼ਹਿਰਾਂ ਵਿੱਚ ਬਹੁੱਤ ਸ਼ਰਧਾ ਭਾਵਨਾ ਨਾਲ ਸੁਣਿਆ ਜਾਂਦਾ ਸੀ ਅਤੇ ਸਰੋਤੇ ਚਿੱਠੀਆਂ ਰਾਹੀਂ ਆਪਣੇ ਵਿਚਾਰ, ਕਹਾਣੀਆਂ, ਕਵਿੱਤਾ, ਗੀਤ ਲਿਖ ਕੇ ਭੇਜਦੇ ਹੁੰਦੇ ਸਨ ਅਤੇ ਬੇ-ਹੱਦ ਖੁਸ਼ੀ ਮਿਹਸੂਸ ਕਰਦੇ ਹੁੰਦੇ ਸਨ ਜਦੋਂ ਉਨ੍ਹਾ ਦੇ ਸੁਨੇਹੇ ਗੀਤ ਪੇਸ਼ ਕੀਤੇ ਜਾਂਦੇ ਸਨ।

ਵਾਹਿਗੁਰੂ ਜੀ ਦੀ ਕਿਰਪਾ ਨਾਲ ਪੰਜਾਬਾਂ ਲਿਸਨਰਜ ਕਲੱਬ ਨੇ ਹੇਠ ਲਿਖੇ ਸਮਾਗਮਾਂ ਦਾ ਪ੍ਰਬੰਧ ਕੀਤਾ: ਬਰਤਾਨੀਆ ਓਤੇ ਪੰਜਾਬ ਵਿੱਚ 7-18 ਸਾਲ ਦੇ ਬੱਚਿਆਂ ਲਈ ਦਸਤਾਰ ਸਜਾਉਣ ਦੇ ਮੁਕਾਬਲੇ। ਪੰਜਾਬ ਅਤੇ ਬਰਤਾਨੀਆ ਵਿਖੇ ਸਕੂਲ ਦੇ ਵਿਦਆਰਥੀਆਂ ਦੇ ਪੰਜਾਬੀ ਲਿਖਣ ਦੇ ਮੁਕਾਬਲੇ ਜਿਸ ਵਿੱਚ 350 ਬੱਚਿਆਂ ਨੇ ਹਿੱਸਾ ਲਿਆ। ਸਿੱਖਾਂ ਦੀ ਦੁਨੀਆ ਦੇ ਯੰਗਾਂ ਵਿੱਚ ਯੋਗਦਾਨ ਦੀ ਪ੍ਰਦਰਸ਼ਨੀ ਲੰਡਨ ਯੂਨਿਵਰਸਿਟੀ ਅਤੇ ਮਹਾਰਾਜਾ ਰਣਜੀਤ ਸਿੰਘ ਜੀ ਦੀ ਸੋਨੇ ਦੀ ਕੁਰਸੀ। ਯਾਤਰਾ ਸਿੱਖ ਨੈਸਨਲ ਅਜਾਇਬ ਘਰ ਡਰਬੀ। ਸਲਾਨਾ ਅੰਤਰਾਸ਼ਟਰੀ ਮਾਂ-ਬੋਲੀ ਦਿਵਸ ਜਿੱਸ ਵਿੱਚ 2023 ਫਰਵਰੀ ਨੂੰ ਮੁੱਖ ਮਿਹਮਾਨ ਰਾਜਾ ਚਾਰਲਜ ਦੇ ਲੈਸਟਰਸ਼ਾਇਰ ਦੇ ਨੁਮਾਉਂਦੇ ਲੁਧਿਆਣੇ ਸ਼ਹਿਰ ਦੇ ਰਹਿਣ ਵਾਲੇ ਲੋਰਡ ਲਿਉਟੈਂਨਟ ਔਫ ਲੈਸਟਰਸ਼ਾਇਰ ਮਾਈਕ ਕਾਪੂਰ ਜੋ ਇਸ ਸੇਵਾ ਦੇ ਲ਼ੇਸਟਰਸ਼ਾਇਰ ਦੇ ਪਹਿੱਲੇ ਪੰਜਾਬੀ ਹਨ ਲਾਇਬਰੇਰੀਆਂ, ਸਕੂਲਾਂ, ਕੌਉਨਿਟੀ ਸੈਂਟਰਾਂ ਅਤੇ ਵੱਖ ਵੱਖ ਗੁਰਦਵਾਰਾ ਸਾਹਿਬ ਵਿਖੇ ਸਮਾਗਮ ਕਰਾਓਣੇ। ਓਵਡੇਲ ਪੰਜਾਬੀ ਸਕੂਲ ਦੀ ਸਥਾਪਨਾ। ਗੌਵਰਮਿੰਟ ਸਕੂਲ਼ਾਂ ਦੇ ਵਿਦਿਆਰਥੀਆਂ, ਕੱਬਜ, ਸਕਾਉਟ ਅਤੇ ਹੋਰਨਾ ਧਰਮਾ ਦੀ ਸੰਗਤਾਂ ਲਈ ਗੁਰਦਵਾਰਾ ਸਾਹਿਬ ਦੀ ਯਾਤਰਾ ਦਾ ਪ੍ਰਬੰਧ। ਗੁਰਦਵਾਰਾ ਸਾਹਿਬ ਵਿਖੇ ਸਿਹਤ ਸਬੰਧੀ ਸਮਾਗਮ ਤ ਾਂਕਿ ਸੰਗਤ ਆਪਣੀ ਸਿਹਤ ਦਾ ਹੋਰ ਵੀ ਜਿਅਦਾ ਸਹੀ ਖਿਆਲ ਰੱਖ ਸਕਣ। 101 ਨਿਤਨੇਮ ਗੁਟਕਾ ਸਾਹਿਬ ਜੀ ਦੇ ਲੈਸਟਰ ਦੇ ਹਸਪਤਾਲਾਂ ਨੂੰ ਦਾਨ ਤਾਂ ਕਿ ਸਿੱਖ ਸੰਗਤਾਂ ਔਖੇ ਵੇਲੇ ਵਾਹਿਗੁਰੂ ਜੀ ਦਾ ਆਸਰਾ ਲੈ ਸਕਣ।

ਕੁੱਝ ਖਾਸ ਸਮਾਗਮ ਜਿਨ੍ਹਾ ਦਾ ਕਲੱਬ ਨੇ ਪ੍ਰਬੰਧ ਕੀਤਾ: 410ਵੇਂ ਵਰੇਗੰਢ ਪਹਿਲੇ ਪ੍ਰਕਾਸ਼ ਜੀ ਦੀ ਸ਼੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਵਿਖੈ ਸਥਾਪਨਾ ਗੁਰੂ ਤੇਗ ਬਹਾਦਰ ਗੁਰਦਵਾਰਾ ਸਾਹਿਬ ਵਿਖੇ ਜਿਸ ਸਮੇ ਲੈਸਟਰ ਦੇ ਪਹਿਲੇ ਗੁਰਦਵਾਰਾ ਸਾਹਿਬ ਦੇ ਮੁੱਖ ਸੇਵਾਦਾਰ ਦਾ ਦਰਬਾਰ ਸਾਹਿਬ ਦੇ ਮੌਡਲ ਨਾਲ ਸਨਮਾਨ ਕੀਤਾ ਗਿਆ ਅਤੇ 6 ਸਾਲ ਦੇ ਮਨਸੁਖਪ੍ਰੀਤ ਕੋਰ ਖਾਲਸਾ ਜੀ ਦਾ 24 ਕੈਰਟ ਸੋਨੇ ਦੇ ਖੰਡੇ ਨਾਲ ਸਨਮਾਨ ਕੀਤਾ ਗਿਆ ਜਿਸ ਤੇ ਵਾਹਿਗੁਰੂ ਜੀ ਦੀ ਅਪਾਰ ਕਿਰਪਾ ਸਦਕਾ ਉਨਾ ਨੇ ਸਾਹਿਜ ਪਾਠ ਪੂਰਾ ਕਰ ਲਿਆ ਜਿਸ ਦਾ ਭੋਗ ਮੰਜੀ ਸਾਹਿਬ ਗੁਰਦਵਾਰਾ ਸ੍ਰੀ ਅੰਮ੍ਰਿਤਸਰ ਵਿਖੇ ਪਾਇਆ ਗਿਆ। ਕਲੱਬ ਦੀ 20ਵੀਨ ਅਤੇ 30ਵੀਂ ਵਰੇਗੰਢ ਸਮੇ ਰਾਸ਼ਟਰੀ ਮਾ-ਬੋਲੀ ਪੰਜਾਬੀ ਸੈਮੀਨਾਰ ਕਰਵਾਏ ਸਥਾਨਿੱਕ ਵਪਾਰਿੱਕ ਕੌਮਉਨਿਟੀ ਲਈ ਡਿਨਰ ਜਿਸ ਸਮੇ ਨਰਿੰਦਰ ਸਿੰਘ ਨੰਦਾ ਪ੍ਰਧਾਨ ਹੋਟਿਲਜ ਅਤੇ ਰੈਸਟਰੌਂਟ ਮੁੱਖ ਮਿਹਮਾਨ ਸਨ ਅਤੇ ਗੁਰਜੀਤ ਕੌਰ ਬੈਂਸ ਜੀ ਈਸਟਰਨ ਮੀਡੀਆ ਗਰੁੱਪ ਦਾ ਬਰਮਿੰਘਮ ਵਿਚੋਂ ਬਹੁੱਤ ਕਾਮਯਾਬ ਔਰਤ ਕਾਰਨ ਸਨਮਾਨ ਕੀਤਾ ਗਿਆ। ਪੰਜਾਬ ਯੁਨਾਟਿੱਡ ਡਰਬੀ ਅੰਡਰ 13 ਅਤੇ ਜੀ ਐਂ ਜੀ ਲੈਸਟਰ ਅੰਡਰ 9 ਫੁਟਬਾਲ ਟੀਮਾਂ ਦਾ ਡਰਬੀ ਅਤੇ ਲੈਸਟਰ ਦੇ ਗੁਰਦਵਾਰਾ ਸਾਹਿਬ ਵਿਖੇ ਸਨਮਾਨ ਜਿਨਾਂ ਨੇ ਗਰਮੀਆਂ ਦੀਆਂ ਛੁਟੀਆਂ ਦੀਆਂ ਰਾਸ਼ਟਰੀ ਫੁਟਬਾਲ ਟੂਰਨਮੈਂਟਾਂ ਦੀਆਂ ਸਾਰੀਆਂ ਪੰਜ ਟੂਰਨਾਮੈਂਟ ਜਿਤੀਆਂ ਪਿਛਲੇ 30 ਸਾਲਾਂ ਵਿੱਚ ਇਸ ਕਲੱਬ ਨੇ ਹਜਾਰਾਂ ਹੀ ਪੌਂਡ ਯੂ ਕੇ ਦੀਆਂ ਚੈਰਿਟੀਆਂ ਲਈ ਦਾਨ ਕੀਤੇ ਜਿਵੇਂ ਚਿਲਡਰਨ ਇਨ ਨੀਡ, ਵਿਸ਼ਸ਼4ਕਿਡਜ, ਅਲਜ਼ਾਇਮਰਜ ਸੋਸਾਇਟੀ, ਬਰਿਟਸ਼ ਹਾਰਟ ਫਾਂਉਡੇਸ਼ਨ, ਰੋਕੋ ਕੈਨਸਰ, ਲੋਰਡ ਮੇਅਰ ਔਫ ਲੈਸਟਰ ਦੀਆਂ ਚੈਰਿਟੀਆਂ, ਲੋਰੋਸ ਹੌਸਪਿਸ, ਖਾਲਸਾ ਏਡ ਇੰਟਰਨੈਸ਼ਨਲ। ਪੰਜਾਬੀ ਲਿਸਨਰਜ ਕਲੱਬ ਨੇ ਜਿੰਦਗੀ ਭਰ ਦੀਆਂ ਦਾਇਨਾਮ ਚੰਨੀ ਸਿਘ ਅਲਾਪ {ਓਬੀਈ}, ਗਿਆਨੀ ਬਲਵਿੰਦਰ ਸਿੰਘ ਰੰਗੀਲਾ ਅਤੇ ਡਾ: ਜਗਤ ਸਿੰਘ ਨਾਗਰਾ ਜੀ ਨੂੰ ਪੇਸ਼ ਕੀਤਾ। ਕਵੀ, ਲੇਖਕ ਤਰਲੋਚਨ ਸਿੰਘ ਵਿਰਕ ਜੋ ਫੁੱਟਬਾਲ ਖੇਡ ਦੇ ਪ੍ਰੇਮੀ ਹਨ ਨੂੰ ਪੰਜਾਬੀ ਭਵਨ ਲੁਧਿਆਣਾ ਵਿਖੇ ਡਾ: ਸੁਰਜੀਤ ਪਾਤਰ ਦੀ ਹਾਜਰੀ ਵਿੱਚ ਸਨਮਾਨ ਕੀਤਾ ਗਿਆ। ਪੰਜਾਬੀ ਇੰਨ ਬਰਿਟੰਨ ਆਲ ਪਾਰਲੀਆਂਮੈਂਟਰੀ ਗਰੁੱਪ ਵਲੋਂ ਹਾਉਸ ਓੌਫ ਕੌਮਨਜ ਲੰਡਨ ਵਿਖੇ ਸਨਮਾਨ ਰਾਣੀ ਇਲਾਜਾਬੈਥ ਨੂੰ ਮਿਲਣ ਲਈ ਚੁਣਿਆ ਗਿਆ ਜਦੋਂ ਉਹ ਆਪਣਾ ਗੋਲਡਨ ਜੂਬਲੀ ਸਮੇ ਲੈਸਟਰ ਆਏ ਸਨ 2001 ਨੂੰ ਯੂ ਕੇ ਦੇ ਸਿੱਖਾਂ ਦੇ ਹੱਕਾਂ ਲਈ ਐਥਨਿੱਨ ਮੌਨਿਟਰਿੰਗ ਦੇ ਸਬੰਧ ਲਈ ਪਰਾਈਮ ਮਿਨਸਟਰ ਦੀ ਰਿਹਾਇਸ਼ 10 ਡਾਉਨਿੰਗ ਸਟਰੀਟ ਜਾਣ ਲਈ ਚੁਣੇ ਜਾਣਾ 6ਵੇਂ ਸਿੱਖ ਐਮੈਰੀਕਨ ਹੈਰੀਟੇਜ ਡਿਨਰ ਲਈ ਵਾਈਟ ਹਾਊਸ, ਕੈਪੀਟਲ ਹਿੱਲ, ਵਾਸ਼ਿੰਗਟੰਨ, ਡੀ ਸੀ , ਯੂ ਐਸ ਏ 2009 ਨੂੰ ਬੁਲਾਇਆ ਗਿਆ ਵਿਰਕ ਜੀ ਦੇ ਤਖਤ ਸ੍ਰੀ ਦਮ ਦਮਾ ਸਾਹਿਬ {ਗੁਰੂ ਕਾਸ਼ੀ} ਯਾਤਰਾ ਸਮੇ ਉਨ੍ਹਾ ਨੇ ਗੁਰਦਵਾਰਾ ਲਿਖਣਸਾਰ ਪਾਤਸ਼ਾਹੀ 10ਵੀਂ, ਮੰਜੀ ਸਾਹਿਬ ਪਾਤਸ਼ਾਹੀ 9ਵੀਂ, ਗੁਰਦਵਾਰਾ ਸ੍ਰੀ ਦਮ ਦਮਾ ਸਾਹਿਬ ਪਾਤਸ਼ਾਹੀ 10ਵੀਂ ਦੇ ਦਰਸ਼ਨ ਕੀਤੇ।

# ਪੰਜਾਬ ਯੂਨੀਵਰਸਿਟੀ ਬਚਾਓ ਮੋਰਚੇ 'ਚ ਪੁੱਜੇ

## MP ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ



**ਚੰਡੀਗੜ੍ਹ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪੰਜਾਬ ਯੂਨੀਵਰਸਿਟੀ ਨੂੰ ਕੇਂਦਰ ਦੇ ਕਬਜ਼ੇ ਤੋਂ ਬਚਾਉਣ ਅਤੇ ਇਸਦੀ ਸਵੈ-ਪ੍ਰਬੰਧਤਾ ਕਾਇਮ ਰੱਖਣ ਲਈ ਚੱਲ ਰਹੇ ਵਿਦਿਆਰਥੀ ਮੋਰਚੇ ਨੂੰ ਅੱਜ ਵੱਡਾ ਸਮਰਥਨ ਮਿਲਿਆ ਜਦੋਂ ਐਮ.ਪੀ. ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਮੋਰਚੇ ਵਿੱਚ ਪਹੁੰਚੇ। ਉਨ੍ਹਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਪੰਜਾਬ ਦੀ ਧਰੋਹਰ ਹੈ, ਜਿਸਦਾ ਸਵੈ-ਵਜੂਦ ਕਾਇਮ ਰੱਖਣਾ ਹਰ ਪੰਜਾਬੀ ਦੀ ਜ਼ਿੰਮੇਵਾਰੀ ਹੈ। ਮੋਰਚੇ ਵਿੱਚ ਕਈ ਵਿਦਿਆਰਥੀ, ਪ੍ਰੋਫੈਸਰ ਅਤੇ ਪੰਥਕ ਸੰਗਠਨਾਂ ਦੇ ਮੈਂਬਰ ਵੀ ਹਾਜ਼ਰ ਸਨ। ਯਾਦ ਰਹੇ ਕਿ ਪੰਜਾਬ ਸਰਕਾਰ ਅਤੇ ਵਿਦਿਆਰਥੀ ਸੰਗਠਨ ਲੰਮੇ ਸਮੇਂ ਤੋਂ ਪੰਜਾਬ ਯੂਨੀਵਰਸਿਟੀ ਦੇ ਕੇਂਦਰੀਕਰਨ ਦੇ ਵਿਰੋਧ ਵਿੱਚ ਆਵਾਜ਼ ਉਠਾ ਰਹੇ ਹਨ।

# ਸਰਕਾਰ ਦੇ ਤਾਜਾ ਹੁਕਮਾਂ ਨਾਲ ਪੈਨਸ਼ਨਰਜ਼ ਭੰਬਲਭੂਸੇ

**ਫ਼ਿਰੋਜ਼ਪੁਰ, 06 ਨਵੰਬਰ (ਮਨੋਹਰ ਲਾਲ) :—** ਪੰਜਾਬ ਸਰਕਾਰ ਦੇ ਵਿੱਤ ਵਿਭਾਗ ਦੇ ਪੱਤਰ ਨੇ ਪੈਨਸ਼ਨਰਾਂ ਅੰਦਰ ਰੋਸ ਤੇ ਗੁੱਸੇ ਦੀ ਲਹਿਰ ਪੈਦਾ ਹੋ ਗਈ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦੀਵਾਨ ਚੰਦ ਸੁਖੀਜਾ, ਮੀਤ ਪ੍ਰਧਾਨ ਰਾਜਪਾਲ ਸਿੰਘ ਅਤੇ ਸਾਥੀ ਪੈਨਸ਼ਨਰਾਂ ਨੇ ਦੱਸਿਆ ਕਿ ਵਿੱਤ ਵਿਭਾਗ ਦੇ 31 ਅਕਤੂਬਰ 2025 ਨੂੰ ਜਾਰੀ ਹੋਏ ਪੱਤਰ ਰਾਹੀਂ ਆਦੇਸ਼ ਕੀਤੇ ਹਨ ਕਿ ਇਸ ਵਾਰ ਤੋਂ ਪੈਨਸ਼ਨਰਾਂ ਅਤੇ ਫੈਮਲੀ ਪੈਨਸ਼ਨਰਾਂ ਵੱਲੋਂ ਹਰ ਸਾਲ ਨਵੰਬਰ ਮਹੀਨੇ ਵਿਚ ਜਮ੍ਹਾਂ ਕਰਵਾਏ ਜਾਂਦੇ ਜੀਵਨ ਪ੍ਰਮਾਣ ਪੱਤਰ ਨੂੰ ਇਸ ਵਾਰ ਆਨ—ਲਾਈਨ ਜਮ੍ਹਾਂ ਕਰਵਾਉਣ ਦੇ ਹੁਕਮ ਜਾਰੀ ਕੀਤੇ ਹਨ, ਜਿਸ ਨਾਲ ਪੈਨਸ਼ਨਰਾਂ ਵਿਚ ਸਰਕਾਰ ਅਤੇ ਬੈਂਕ ਅਧਿਕਾਰੀਆਂ ਪ੍ਰਤੀ ਬੇਹੱਦ ਰਜੋਸ ਹੈ। ਉਨ੍ਹਾਂ ਕਿਹਾ ਕਿ 31 ਅਕਤੂਬਰ ਨੂੰ ਜਾਰੀ ਪੱਤਰ ਰਾਹੀਂ ਇਹ ਦੱਸਿਆ ਗਿਆ ਹੈ ਕਿ ਪੱਤਰ ਦੇ 10 ਸਾਲ ਬਾਅਦ ਸਰਕਾਰ (ਵਿੱਤ ਵਿਭਾਗ) ਨੇ ਪੈਨਸ਼ਨਰ ਸੇਵਾ ਪੋਰਟਲ ਜਾਰੀ ਕੀਤਾ ਹੈ, ਜਿਸ ਦੀ ਇਨਟੈਗਰੇਸ਼ਨ ਜੀਵਨ ਪ੍ਰਮਾਣ ਪੱਤਰ ਨਾਲ ਕੀਤੀ ਹੈ, ਇਸ ਵਾਰ ਜੀਵਨ ਪ੍ਰਮਾਣ ਪੱਤਰ ਇਸ ਪੋਰਟਲ ਰਾਹੀਂ ਆਨ—ਲਾਈਨ ਭਰਨ ਲਈ ਆਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਇਥੇ ਇਹ ਵੀ ਸਪੱਸ਼ਟ ਕੀਤਾ ਹੈ ਜੇਕਰ ਵਾਰ—ਵਾਰ ਕੋਸ਼ਿਸ਼ ਕਰਨ ਦੇ ਬਾਵਜੂਦ ਵੀ ਫਿੰਗਰ ਪ੍ਰਿਟ ਜਾਂ ਚਿਹਰੇ ਦਾ ਪ੍ਰਿੰਟ ਨਹੀਂ ਹੁੰਦਾ ਤਾਂ ਇਸ ਸੂਰਤ ਵਿਚ ਪਹਿਲਾਂ ਦੀ ਤਰ੍ਹਾਂ ਮੈਨੂਅਲ ਤਰੀਕੇ ਨਾਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਇਆ ਜਾ ਸਕਦਾ ਹੈ। ਗੱਲਬਾਤ ਕਰਦਿਆਂ ਪੈਨਸ਼ਨਰਾਂ ਨੇ ਦੱਸਿਆ ਕਿ ਗਿਣਤੀ ਹਰ ਜ਼ਿਲ੍ਹੇ ਦੇ ਪੈਨਸ਼ਨਰਾਂ ਦੀ ਗਿਣਤੀ 2 ਫੀਸਦੀ ਤੋਂ ਕਿਸੇ ਵੀ ਕੀਮਤ ਤੋਂ ਵੱਧ ਨਹੀਂ ਹੋਣੀ ਚਾਹੀਦੀ।

# ਤਖ਼ਤ ਪਟਨਾ ਸਾਹਿਬ ਵਿਖੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਹੋਈ ਨਤਮਸਤਕ

**ਨਵੀਂ ਦਿੱਲੀ, 6 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਤਖ਼ਤ ਪਟਨਾ ਸਾਹਿਬ ਵਿਖੇ ਨਤਮਸਤਕ ਹੋਈ। ਇਸ ਮੌਕੇ 'ਤੇ ਉਨ੍ਹਾਂ ਨਾਲ ਕੇਂਦਰੀ ਮੰਤਰੀ ਅਨੁਰਾਗ ਠਾਕੁਰ ਵੀ ਹਾਜ਼ਰ ਸਨ। ਤਖ਼ਤ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਬਲਦੇਵ ਸਿੰਘ ਵਲੋਂ ਉਨ੍ਹਾਂ ਨੂੰ ਸਿਰੋਪਾ ਭੇਟ ਕੀਤਾ ਗਿਆ। ਤਖ਼ਤ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਮਹਾਂਸਚਿਵ ਇੰਦਰਜੀਤ ਸਿੰਘ, ਉਪ ਪ੍ਰਧਾਨ ਗੁਰਵਿੰਦਰ ਸਿੰਘ, ਸਕੱਤਰ ਹਰਬੰਸ ਸਿੰਘ ਤੇ ਮੈਂਬਰ ਹਰਪਾਲ ਸਿੰਘ ਜੌਹਲ ਵਲੋਂ ਉਨ੍ਹਾਂ ਨੂੰ ਸਮ੍ਰਿਤੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਜੋੜਾ ਸਾਹਿਬ ਦੇ ਦਰਸ਼ਨ ਵੀ ਕੀਤੇ। ਮੁੱਖ ਮੰਤਰੀ ਰੇਖਾ ਗੁਪਤਾ ਨੇ ਕਿਹਾ ਕਿ ਉਨ੍ਹਾਂ ਦੇ ਮਨ ਵਿੱਚ ਬਹੁਤ ਚਾਹਤ ਸੀ ਕਿ ਉਹ ਤਖ਼ਤ ਪਟਨਾ ਸਾਹਿਬ ਨਤਮਸਤਕ ਹੋਣ, ਅਤੇ ਅੱਜ ਗੁਰੂ ਮਹਾਰਾਜ ਨੇ ਉਨ੍ਹਾਂ ਦੀ ਬੇਨਤੀ ਸਵੀਕਾਰ ਕਰਦੇ ਹੋਏ ਦਰਸ਼ਨਾਂ ਦਾ ਸੌਭਾਗ ਪ੍ਰਾਪਤ ਕਰਵਾਇਆ। ਤਖ਼ਤ ਪਟਨਾ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਦੱਸਿਆ ਕਿ ਸਵੇਰੇ ਅੰਮ੍ਰਿਤ ਵੇਲੇ ਤੋਂ ਹੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਦੀਵਾਨ ਤਖ਼ਤ ਸਾਹਿਬ ਵਿੱਚ ਸਜੇ, ਜਿਹਨਾਂ ਦੀ ਸਮਾਪਤੀ ਦੇਰ ਰਾਤ ਹੋਵੇਗੀ। ਇਸ ਵਿੱਚ ਪੰਥ ਪ੍ਰਸਿੱਧ ਕੀਰਤਨੀ ਜਥਿਆਂ ਵਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਅਨੰਦ ਪ੍ਰਦਾਨ ਕੀਤਾ ਗਿਆ। ਤਖ਼ਤ ਸਾਹਿਬ ਦੇ ਜਥੇਦਾਰ ਵਲੋਂ ਸੰਗਤਾਂ ਨੂੰ ਗੁਰੂ ਮਹਾਰਾਜ ਦੇ ਸ਼ਸਤ੍ਰਾਂ ਦੇ ਦਰਸ਼ਨ ਵੀ ਕਰਵਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਰਕਾਰ ਦੇ ਝੂਠੇ ਵਾਅਦਿਆਂ ਤੋਂ ਲੋਕ ਤੰਗ ਆ ਚੁੱਕੇ ਹਨ : ਭਾਈ ਪਰਮਜੀਤ ਸਿੰਘ ਜੌਹਲ

### ਭਾਈ ਜੌਹਲ ਨੇ ਕਿਹਾ ਹੁਣ ਲੋਕਾਂ ਨੇ ਸੱਚ ਤੇ ਖੜ੍ਹੀ ਤਾਕਤ 'ਅਕਾਲੀ ਦਲ ਵਾਰਿਸ ਪੰਜਾਬ ਦੇ' ਨਾਲ ਜੁੜਨਾ ਸ਼ੁਰੂ ਕਰ ਦਿੱਤਾ ਹੈ



**ਤਰਨਤਾਰਨ, 6 ਨਵੰਬਰ (ਆਵਾਜ਼ਿ ਕੌਮ ਬਿਊਰੋ)-**ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਸੀਨੀਅਰ ਆਗੂ ਭਾਈ ਪਰਮਜੀਤ ਸਿੰਘ ਜੌਹਲ ਨੇ ਅੱਜ ਹਲਕੇ ਵਿੱਚ ਹੋਏ ਭਰਵੀਂ ਰੋਡ ਸ਼ੋਅ ਦੌਰਾਨ ਕਿਹਾ ਕਿ ਮੌਜੂਦਾ ਸਰਕਾਰ ਨੇ ਜਿਨ੍ਹਾਂ ਸੁਪਨਿਆਂ ਤੇ ਵਾਅਦਿਆਂ ਨਾਲ ਪੰਜਾਬ ਦੇ ਲੋਕਾਂ ਤੋਂ ਵੋਟਾਂ ਮੰਗੀਆਂ ਸਨ, ਉਹ ਸਾਰੇ ਸੁਪਨੇ ਝੂਠ ਤੇ ਧੋਖੇ ਦਾ ਸਬੂਤ ਬਣ ਚੁੱਕੇ ਹਨ। ਇਸ ਮੌਕੇ ਤੇ ਮੁੱਖ ਤੌਰ ਤੇ ਮਾਤਾ ਬਲਵਿੰਦਰ ਕੌਰ ਤੋਂ ਇਲਾਵਾ ਮਨਦੀਪ ਸਿੰਘ ( ਭਰਾਤਾ ਸ਼ਹੀਦ ਭਾਈ ਦੀਪ ਸਿੱਧੂ ), ਭਾਈ ਚਮਕੌਰ ਸਿੰਘ ਧੁੰਨ ਅਤੇ ਅਮਨਦੀਪ ਸਿੰਘ ਡੱਡੂਆਣਾਂ ਵੀ ਮੌਜੂਦ ਸਨ। ਉਹਨਾਂ ਨਾਲ ਮੌਜੂਦ ਸਨਸਰਕਾਰ ਨੇ ਹਰ ਵਰਗ ਨਾਲ ਵਿਸ਼ਵਾਸਘਾਤ ਕੀਤਾ ਹੈ ਕਿਸਾਨ, ਮਜ਼ਦੂਰ, ਨੌਜਵਾਨ, ਅਧਿਆਪਕ, ਕਰਮਚਾਰੀ ਤੇ ਛੋਟੇ ਵਪਾਰੀ ਸਾਰੇ ਧੱਕੇ ਖਾ ਰਹੇ ਹਨ। ਭਾਈ ਜੌਹਲ ਨੇ ਕਿਹਾ ਕਿ ਜਿੱਥੇ ਕਿਸਾਨਾਂ ਦੇ ਬਿਜਲੀ ਬਿਲ ਮਾਫ ਕਰਨ ਦਾ ਵਾਅਦਾ ਕੀਤਾ ਗਿਆ ਸੀ, ਉੱਥੇ ਹੁਣ ਉਨ੍ਹਾਂ ਨੂੰ ਵੱਧੇ ਹੋਏ ਟੈਰਿਫ ਤੇ ਜੁਰਮਾਨਿਆਂ ਨਾਲ ਤੰਗ ਕੀਤਾ ਜਾ ਰਿਹਾ ਹੈ। ਸਿੱਖਿਆ ਦਾ ਹਾਲ ਇਹ ਹੈ ਕਿ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਹੈ, ਤੇ ਹਜ਼ਾਰਾਂ ਨੌਜਵਾਨ ਪੜ੍ਹੇ ਲਿਖੇ ਹੋਣ ਦੇ ਬਾਵਜੂਦ ਰੁਜ਼ਗਾਰ ਲਈ ਧੱਕੇ ਖਾ ਰਹੇ ਹਨ। ਸਿਹਤ ਪ੍ਰਣਾਲੀ ਦੀ ਗੱਲ ਕੀਤੀ ਜਾਵੇ ਤਾਂ ਹਾਲਤ ਇਹ ਹੈ ਕਿ ਪਿੰਡਾਂ ਦੇ ਹਸਪਤਾਲਾਂ ਵਿੱਚ ਨਾ ਡਾਕਟਰ ਹਨ ਤੇ ਨਾ ਦਵਾਈਆਂ। ਉਹਨਾਂ ਕਿਹਾ ਕਿ ਸਰਕਾਰ ਨੇ "ਨਵਾਂ ਪੰਜਾਬ" ਬਣਾਉਣ ਦੇ ਝੂਠੇ ਨਾਰੇ ਲਗਾਏ ਸਨ, ਪਰ ਅਸਲ ਵਿੱਚ ਪੰਜਾਬ ਨੂੰ ਕਰਜ਼ੇ, ਨਸ਼ੇ ਤੇ ਬੇਰੁਜ਼ਗਾਰੀ ਦੇ ਅੰਧੇਰੇ ਖੂਹ 'ਚ ਧੱਕ ਦਿੱਤਾ ਗਿਆ ਹੈ। ਹਰ ਦਿਨ ਨਵਾਂ ਘੋਟਾਲਾ ਤੇ ਨਵਾਂ ਧੋਖਾ ਬੇਨਕਾਬ ਹੋ ਰਿਹਾ ਹੈ, ਪਰ ਸੱਤਾ-ਵਾਲੇ ਆਪਣੇ ਪੱਖ-ਪ੍ਰਚਾਰ ਵਿੱਚ ਮਸਤ ਹਨ। ਸਰਕਾਰੀ ਦਫ਼ਤਰਾਂ ਵਿੱਚ ਆਮ ਆਦਮੀ ਦੀ ਸੁਣਵਾਈ ਮੂਲ ਤੌਰ 'ਤੇ ਖਤਮ ਹੋ ਗਈ ਹੈ, ਤੇ ਪਾਰਦਰਸ਼ਤਾ ਦਾ ਨਾਂ ਲੈ ਕੇ ਭ੍ਰਿਸ਼ਟਾਚਾਰ ਦੀਆਂ ਨਵੀਆਂ ਸਿਸਟਮਾਂ ਬਣਾਈਆਂ ਗਈਆਂ ਹਨ। ਭਾਈ ਜੌਹਲ ਨੇ ਕਿਹਾ ਕਿ ਅੱਜ ਦਾ ਭਰਵਾਂ ਰੋਡ ਸ਼ੋਅ ਲੋਕਾਂ ਦੇ ਬੇਅੰਤ ਸਮਰਥਨ ਦਾ ਸਾਫ਼ ਸਬੂਤ ਹੈ ਕਿ ਪੰਜਾਬੀ ਜਨਤਾ ਹੁਣ ਝੂਠ ਤੇ ਪਖੰਡ ਤੋਂ ਤੰਗ ਆ ਗਈ ਹੈ ਤੇ ਸੱਚ, ਸੇਵਾ ਤੇ ਪੰਥਕ ਅਸੂਲਾਂ 'ਤੇ ਖੜ੍ਹੀ ਤਾਕਤ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜ ਰਹੀ ਹੈ। ਇਹ ਸਿਰਫ਼ ਚੋਣੀ ਜੰਗ ਨਹੀਂ, ਸਗੋਂ ਪੰਜਾਬ ਦੇ ਹੱਕਾਂ, ਸਿੱਖ ਨੌਜਵਾਨਾਂ ਦੇ ਭਵਿੱਖ ਤੇ ਪੰਥਕ ਇੱਜ਼ਤ ਦੀ ਲੜਾਈ ਹੈ। ਉਹਨਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇ ਇਹ ਅਹੰਕਾਰ ਤੇ ਝੂਠ ਦੀ ਰਾਜਨੀਤੀ ਜਾਰੀ ਰਹੀ ਤਾਂ ਜਨਤਾ ਆਪ ਜਾਗ ਕੇ ਸੱਚ ਦੀ ਤਾਕਤ ਨਾਲ ਇਹ ਮਹਿਲ ਢਾਹ ਦੇਵੇਗੀ। ਜੌਹਲ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਰਾਜਨੀਤੀ ਨਹੀਂ, ਸੇਵਾ ਦਾ ਮਿਸ਼ਨ ਹੈ ਜਿੱਥੇ ਸੱਚ, ਨਿਆਂ ਤੇ ਲੋਕਾਂ ਦੀ ਆਵਾਜ਼ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਂਦੀ ਹੈ। ਉਹਨਾਂ ਅੰਤ 'ਚ ਕਿਹਾ ਕਿ ਸਮਾਂ ਆ ਗਿਆ ਹੈ ਜਦੋਂ ਪੰਜਾਬ ਦਾ ਹਰ ਇਮਾਨਦਾਰ ਨਾਗਰਿਕ ਆਪਣੀ ਧਰਤੀ, ਆਪਣੇ ਹੱਕਾਂ ਤੇ ਆਪਣੀ ਆਉਣ ਵਾਲੀ ਪੀੜ੍ਹੀ ਲਈ ਖੜ੍ਹ ਕੇ ਸੱਚ ਦੀ ਰਾਜਨੀਤੀ ਦਾ ਸਾਥ ਦੇਵੇ।

# ਅਮਨਦੀਪ ਹਸਪਤਾਲ 'ਚ ਡਾ: ਅਵਤਾਰ ਸਿੰਘ ਨੇ ਕੀਤਾ ਮਰੀਜ਼ਾਂ ਦਾ ਚੈਕਅਪ

**ਫ਼ਿਰੋਜ਼ਪੁਰ, 06 ਨਵੰਬਰ (ਮਨੋਹਰ ਲਾਲ) :—** ਅਮਨਦੀਪ ਹਸਪਤਾਲ 'ਚ ਵੀਰਵਾਰ ਨੂੰ ਹਸਪਤਾਲ ਦੇ ਡਾਇਰੈਕਟਰ ਅਤੇ ਪ੍ਰਸਿੱਧ ਆਰਥੋਪੀਡਿਕ ਸਰਜਨ ਡਾ: ਅਵਤਾਰ ਸਿੰਘ ਨੇ ਮਰੀਜ਼ਾਂ ਦਾ ਚੈੱਕਅੱਪ ਕੀਤਾ। ਵੱਡੀ ਗਿਣਤੀ ਵਿੱਚ ਮਰੀਜ਼ ਉਨ੍ਹਾਂ ਕੋਲ ਸਲਾਹ ਅਤੇ ਇਲਾਜ ਲਈ ਪਹੁੰਚੇ ਤੇ ਲਾਭ ਲਿਆ।



ਜਾਣਕਾਰੀ ਦਿੰਦਿਆਂ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਡਾ: ਅਵਤਾਰ ਸਿੰਘ ਹਰ ਮਹੀਨੇ ਦੇ ਪਹਿਲੇ ਵੀਰਵਾਰ ਨੂੰ ਫਿਰੋਜ਼ਪੁਰ ਆਉਂਦੇ ਹਨ, ਜਿਸ ਨਾਲ ਫਿਰੋਜ਼ਪੁਰ ਅਤੇ ਆਲੇ ਦੁਆਲੇ ਦੇ ਖੇਤਰਾਂ ਦੇ ਲੋਕਾਂ ਨੂੰ ਆਪਣੇ ਇਲਾਕੇ 'ਚ ਹੀ ਵਿਸ਼ਵ ਪੱਧਰੀ ਚਿਕਿਤਸਾ ਸੇਵਾਵਾਂ ਦਾ ਲਾਭ ਮਿਲਦਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਮਰੀਜ਼ਾਂ ਨੂੰ ਹੁਣ ਅੰਮ੍ਰਿਤਸਰ ਜਾਂ ਹੋਰ ਵੱਡੇ ਸ਼ਹਿਰਾਂ 'ਚ ਜਾਣ ਦੀ ਲੋੜ ਨਹੀਂ ਰਹਿੰਦੀ। ਡਾ: ਅਵਤਾਰ ਸਿੰਘ ਹਿਪ ਅਤੇ ਨੀ ਜੋਇੰਟ ਰੀਪਲੇਸਮੈਂਟ ਸਰਜਰੀ ਦੇ ਖੇਤਰ 'ਚ ਆਪਣੀ ਵਿਸ਼ੇਸ਼ਤਾ ਲਈ ਮਸ਼ਹੂਰ ਹਨ ਅਤੇ ਉਨ੍ਹਾਂ ਹਜ਼ਾਰਾਂ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਦਿੱਤੀ ਹੈ। ਇਸ ਦੌਰਾਨ ਉਨ੍ਹਾਂ ਨੇ ਇਕ ਮਰੀਜ਼ ਦਾ ਰੋਬੋਟਿਕ ਨੀ ਰੀਪਲੇਸਮੈਂਟ ਆਪਰੇਸ਼ਨ ਵੀ ਕੀਤਾ, ਜੋ ਆਧੁਨਿਕ ਤਕਨਾਲੋਜੀ ਦੀ ਮਦਦ ਨਾਲ ਪੂਰੀ ਤਰ੍ਹਾਂ ਸਫਲ ਰਿਹਾ।

ਪ੍ਰਬੰਧਕਾਂ ਨੇ ਦੱਸਿਆ ਕਿ ਅਮਨਦੀਪ ਹਸਪਤਾਲ ਨੇ ਸਿਰਫ਼ 5 ਬੈੱਡਾਂ ਨਾਲ ਸ਼ੁਰੂਆਤ ਕਰਕੇ ਅੱਜ 750 ਬੈੱਡਾਂ ਤੱਕ ਆਪਣਾ ਵਿਸਤਾਰ ਕਰ ਲਿਆ ਹੈ। ਇਸ ਵੇਲੇ ਹਸਪਤਾਲ 'ਚ 170 ਤੋਂ ਵੱਧ ਤਜਰਬੇਕਾਰ ਸਰਜਨ ਅਤੇ ਡਾਕਟਰ ਸੇਵਾਵਾਂ ਦੇ ਰਹੇ ਹਨ, ਜਿਨ੍ਹਾਂ ਹੁਣ ਤੱਕ 5 ਲੱਖ ਤੋਂ ਵੱਧ ਮਰੀਜ਼ਾਂ ਨੂੰ ਸਿਹਤਮੰਦ ਜੀਵਨ ਪ੍ਰਦਾਨ ਕੀਤਾ ਹੈ। ਹਸਪਤਾਲ ਦਾ ਟੀਚਾ ਵਰ੍ਹਾ 2031 ਤੱਕ 3500 ਬੈੱਡਾਂ ਦੀ ਸੁਵਿਧਾ ਪ੍ਰਦਾਨ ਕਰਨਾ ਹੈ ਤਾਂ ਜੋ ਹੋਰ ਵੱਧ ਮਰੀਜ਼ਾਂ ਤੱਕ ਉੱਤਮ ਸਿਹਤ ਸੇਵਾਵਾਂ ਪਹੁੰਚ ਸਕਣ। ਡਾ: ਅਰੋੜਾ ਨੇ ਕਿਹਾ ਕਿ ਅਮਨਦੀਪ ਹਸਪਤਾਲ ਹਮੇਸ਼ਾ ਤੋਂ ਹੀ ਮਰੀਜ਼ਾਂ ਨੂੰ ਆਧੁਨਿਕ ਤਕਨਾਲੋਜੀ ਅਤੇ ਸਮਰਪਿਤ ਸੇਵਾ ਭਾਵਨਾ ਨਾਲ ਇਲਾਜ ਦੇਣ ਲਈ ਪ੍ਰਤੀਬੱਧ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਦਾ ਮੁੱਖ ਉਦੇਸ਼ ਹਰ ਮਰੀਜ਼ ਤੱਕ ਗੁਣਵੱਤਾ ਵਾਲੀ ਚਿਕਿਤਸਾ ਸੇਵਾ ਪਹੁੰਚਾਉਣਾ ਹੈ।

# ਸਿੱਖ ਧਰਮ ਦੇ ਬਾਨੀ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਗੁਰਪੁਰਬ

## ਲੈਸਟਰ ਦੇ ਗੁਰੂ ਨਾਨਕ ਗੁਰਦਵਾਰਾ ਸਾਹਿਬ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ









**ਬਠਿੰਡਾ • ਆਵਾਜ਼ਿ ਕੌਮ ਬਿਊਰੋ ਵਿਸ਼ੇਸ਼ ਰਿਪੋਰਟ**

ਸ੍ਰੀ ਗੁਰੂ ਨਾਨਾਕ ਦੇਵ ਜੀ ਦੇ 556ਵੇਂ ਗੁਰਪੁਰਬ ਦੀ ਖੁਸ਼ੀ ਵਿੱਚ ਗੁਰੂ ਨਾਨਕ ਗੁਰਦਵਾਰਾ 9 ਹੋਲੀ ਬੋਨਜ ਲੈਸਟਰ ਵਿਖੇ ਸੋਮਵਾਰ 3 ਨਵੰਬਰ ਨੂੰ ਸਵੇਰੇ 11 ਵਜੇ ਸ੍ਰੀ ਅਖੰਡ ਪਾਠ ਸਮੇਤ ਜਪੁਜੀ ਸਾਹਿਬ ਅਰੰਭ ਕੀਤੇ ਗਏ ਜਿਨ੍ਹਾ ਦੇ ਭੋਗ ਗੁਰਪੁਰਬ ਵਾਲੇ ਦਿੰਨ ਬੁਧਵਾਰ 5 ਨਵੰਬਰ ਨੂੰ ਸਵੇਰੇ 10 ਵਜੇ ਪਾਏ ਗਏ। ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਸੰਗਤ ਜੀ ਨੂੰ ਹੁਕਮਨਾਮਾ ਸਰਵਣ ਕਰਵਾਇਆ ਗਿਆ।

ਗੁਰੂ ਨਾਨਕ ਦੇ ਪਿਤਾ ਦਾ ਨਾਮ ਸ੍ਰੀ ਕਲਿਆਣ ਦਾਸ ਜੀ ਅਤੇ ਮਾਤਾ ਜੀ ਦਾ ਨਾਮ ਮਾਤਾ ਤ੍ਰਿਪਤਾ ਜੀ ਸਨ ਅਤੇ ਉਨ੍ਹਾ ਦਾ ਪ੍ਰਕਾਸ਼ ਅਸਥਾਨ ਰਾਏ ਭੋਏ ਦੀ ਤਲਵੰਡੀ ਜੋ ਅੱਜ ਨਨਕਾਣਾ ਸਾਹਿਬ ਪਾਕਿਸਤਾਨ 'ਚ ਸਥਿੱਤ ਹੈ। ਪ੍ਰਕਾਸ਼ ਦਾ ਸਾਲ 1469 ਅਤੇ ਉਨ੍ਹਾਂ ਦੀ ਸਪੁੱਤਨੀ ਸੁਲੱਖਣੀ ਜੀ ਸਨ। ਗੁਰੂ ਨਾਨਕ ਦੀ ਸੰਤਾਨ ਬਾਬਾ ਸ੍ਰੀ ਚੰਦ ਜੀ ਅਤੇ ਬਾਬਾ ਲੱਖਮੀ ਦਾਸ ਜੀ ਸਨ ਅਤੇ ਗੁਰੂ ਜੀ ਨੇ ਕਰਤਾਰਪੁਰ ਪਵਿੱਤਰ ਨਗਰ ਵਸਾਇਆ ਜੋ ਅੱਜ ਰਾਵੀ ਦੇ ਕੰਢੇ ਪਾਕਿਸਤਾਨ ਵਿੱਚ ਹੈ। ਜੋਤੀ ਜੋਤ ਸਮਾਉਣ ਸਮੇ ਉਹ 70 ਸਾਲ ਦੇ ਸਨ। ਜਗਤ ਗੁਰੂ ਬਾਬਾ ਨਾਨਕ ਨੇ ਜਪੁ, ਸਿੱਧ ਗੋਸੁਟ, ਸੋਦਰ, ਸੋਹਿਲਾ, ਆਰਤੀ, ਰਾਮਕਲੀ, ਦੱਖਣੀ ਓਅੰਕਾਰ, ਆਸਾ ਦੀ ਵਾਰ, ਮਲ੍ਹਾਰ ਤੇ ਮਾਝ ਦੀ ਵਾਰ, ਪਟੀ, ਬਾਰਹ ਮਾਹਾ ਗੁਰਬਾਣੀ ਰਚੀ। ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਗੁਰੂ ਨਾਨਕ ਜੀ ਦੇ ਕੁੱਲ 947 ਸ਼ਬਦ 19 ਰਾਗਾਂ ਵਿੱਚ ਦਰਜ ਹਨ।

ਤਕਰੀਬਨ 10.45 ਵਜੇ ਸਵੇਰੇ ਗੁਰਦਵਾਰਾ ਸਾਹਿਬ ਜੀ ਦੇ ਹਜ਼ੂਰੀ ਜੱਥੇ ਨੇ ਸੰਗਤਾਂ ਨੂੰ ਨਿਰੋਲ ਕੀਰਤਨ ਨਾਲ ਨਿਹਾਲ ਕੀਤਾ। ਜਿਸ ਤੋਂ ਬਾਅਦ ਕਥਾਵਾਚਚ, ਕਵਿਸ਼ਰੀ ਅਤੇ ਢਾਡੀ ਜੱਥੇ ਅਤੇ ਵੱਖ ਵੱਖ ਬੁਲਾਰਿਆਂ ਨੇ ਸਾਰਾ ਦਿੰਨ ਰਾਤ ਦੇ 7.45 ਤੱਕ ਗੁਰੂ ਜੀ ਦੇ ਜੀਵਨ ਅਤੇ ਸਿੱਖਆਵਾਂ ਤੋਂ ਜਾਣੂ ਕਰਵਾਇਆ। ਅਤੇ ਰਾਤ ਦੇ 8 ਵਜੇ ਬਾਬਾ ਨਾਨਕ ਜੀ ਦੇ ਪ੍ਰਕਾਸ਼ ਦਿਹਾੜੇ ਦੀ ਖੁਸ਼ੀ ਵਿੱਚ ਆਤਸ਼ਵਾਜੀ ਦਾ ਪ੍ਰਬੰਧ ਕੀਤਾ ਗਿਆ ਜਿਸ ਦਾ ਛੋਟੇ ਬੱਚਿਆਂ ਅਤੇ ਸੱਭ ਨੇ ਅਨੰਦ ਲਿਆ। 3,4,5 ਨਵੰਬਰ ਤਿੰਨੇ ਦਿੰਨ ਗੁਰੂ ਜੀ ਦੀਆਂ ਪਿਆਰੀਆਂ ਸੰਗਤਾਂ ਨੇ ਤਨ ਮਨ ਧੰਨ ਨਾਲ ਸੇਵਵਾਵਾਂ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

ਗੁਰਦਵਾਰਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਅਜਮੇਰ ਸਿੰਘ ਬਸਰਾ ਜੋ ਕਿ 40 ਸਾਲਾਂ ਤੋਂ ਲੈਸਟਰ ਵਿਖੇ ਸਿੱਖ ਸੰਗਤਾਂ ਦੀ ਸੇਵਾ ਕਰ ਰਹੇ ਹਨ ਜੀ ਨੇ ਸਟੇਜ ਤੋਂ ਬੋਲਦਿਆਂ ਸਾਰੇ ਹੀ ਸੰਸਾਰ ਨੂੰ ਲੱਖ ਲੱਖ ਵਧਾਈਆਂ ਦਿੱਤੀਆਂ। ਉਨ੍ਹਾ ਨੇ ਖਾਸ ਕਰਕੇ ਬੀਬੀਆ ਦਾ ਧੰਨਵਾਦ ਕੀਤਾ ਜਿਨ੍ਹਾ ਨੇ ਤਿੰਨੇ ਦਿੰਨ ਪ੍ਰਸ਼ਾਦੇ ਪਕਾਉਣ ਅਤੇ ਗੁਰੂ ਕਾ ਲੰਗਰ ਤਿਆਰ ਕਰਨ ਦੀ ਸੇਵਾ ਕੀਤੀ। ਅਜਮੇਰ ਸਿੰਘ ਜੀ ਨੇ ਸਵੇਰੇ 8 ਵਜੇ ਨਿਸ਼ਾਨ ਸਾਹਿਬ ਜੀ ਦੀ ਸਮੇ ਪੰਜ ਪਿਆਰਿਆਂ ਅਤੇ ਉਸ ਸਮੇ ਆਈ ਸੰਗਤ ਦਾ ਖਾਸ ਧੰਨਵਾਦ ਕੀਤਾ। ਉਨ੍ਹਾ ਨੇ ਸਾਰੇ ਹੀ ਸੇਵਾਦਾਰਾਂ ਅਤੇ ਸਿਹਯੋਗੀਆ ਦਾ ਧੰਨਵਾਦ ਕੀਤਾ ਅਤੇ ਆਸ ਰੱਖੀ ਕਿ ਐਤਵਾਰ 16 ਨਵੰਬਰ ਨੂੰ ਗੁਰੂ ਨਾਨਕ ਗੁਰਦਵਾਰਾ ਤੋਂ ਅਰੰਭ ਹੋ ਰਹੇ ਸਲਾਨਾ ਨਗਰ ਕੀਰਤਨ ਵਿੱਚ ਵੀ ਸਾਰੇ ਸਿਹਯੋਗ ਦੇ ਕੇ ਅਤੇ ਸੇਵਾ ਕਰਕੇ ਆਪਣੇ ਜੀਵਨ ਦੀਆਂ ਘੜੀਆਂ ਸਫਲ ਕਰਨਗੇ।

### ਭਾਜਪਾ ਨੇ ਪ੍ਰਤਾਪ ਬਾਜਵਾ ਦਾ ਪੁਤਲਾ ਫੂਕਿਆ

# ਕਾਂਗਰਸ ਨੇ ਬਾਬਾ ਜੀਵਨ ਸਿੰਘ ਜੀ ਦੀ ਸ਼ਖਸ਼ੀਅਤ ਨੂੰ ਨੀਵਾਂ ਕਰਨ ਦੀ ਅਵੱਗਿਆ ਕੀਤੀ: ਹਰਦੀਪ ਗਿੱਲ




**ਜੰਡਿਆਲਾ ਗੁਰੂ, 6 ਨਵੰਬਰ ( ਕੁਲਵੰਤ ਸਿੰਘ ਵਿਰਦੀ )**- ਕਾਂਗਰਸ ਵੱਲੋਂ ਤਰਨਤਾਰਨ ਵਿਖੇ ਇੱਕ ਚੋਣ ਜਲਸੇ ਦੌਰਾਨ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਭਾਈ ਜੀਵਨ ਸਿੰਘ (ਭਾਈ ਜੈਤਾ ਜੀ ) ਦੇ ਸਰੂਪ ਦਾ ਨਿਰਾਦਰ ਕੀਤੇ ਜਾਣ ਦੇ ਵਿਰੋਧ ਵਿੱਚ ਅੱਜ ਜੰਡਿਆਲਾ ਗੁਰੂ ਵਿਖੇ ਭਾਰਤੀ ਜਨਤਾ ਪਾਰਟੀ ਵੱਲੋਂ ਜਿਲਾ ਦਿਹਾਤੀ ਦੇ ਪ੍ਰਧਾਨ ਹਰਦੀਪ ਸਿੰਘ ਗਿੱਲ ਦੀ ਅਗਵਾਈ ਵਿੱਚ ਰੋਸ ਪ੍ਰਦਰਸ਼ਨ ਕਰਦਿਆਂ ਕਾਂਗਰਸ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਦਾ ਪੁਤਲਾ ਫੂਕਿਆ ਗਿਆ। ਜ਼ਿਕਰਯੋਗ ਹੈ ਕਿ ਜੰਡਿਆਲਾ ਗੁਰੂ ਤੋਂ ਕਾਂਗਰਸ ਦੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਵਲੋਂ ਆਜੋਜਿਤ ਕੀਤੇ ਤਰਨ ਤਾਰਨ ਸਮਾਗਮ ਵਿੱਚ ਲਗਾਈ ਸਟੇਜ ਉੱਪਰ ਲੱਗੇ ਬੈਨਰ 'ਤੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਬਾਬਾ ਜੀਵਨ ਸਿੰਘ ਜੀ ਦੀ ਤਸਵੀਰ ਤੋਂ ਉੱਪਰ ਸੋਨੀਆ ਗਾਂਧੀ, ਰਾਹੁਲ ਗਾਂਧੀ ਤੇ ਪ੍ਰਿਅੰਕਾ ਗਾਂਧੀ, ਕਾਂਗਰਸ ਦੇ ਉਮੀਦਵਾਰ ਕਰਨਬੀਰ ਬੁਰਜ ਸਮੇਤ ਹੋਰ ਕਾਂਗਰਸੀ ਆਗੂਆਂ ਦੀਆਂ ਤਸਵੀਰਾਂ ਲਗਾਈਆਂ ਗਈਆਂ ਸਨ। ਜਿਸ ਦੇ ਵਿਰੋਧ ਵਿੱਚ ਅੱਜ ਕੁਝ ਨਿਹੰਗ ਸਿੰਘ ਜਥੇਬੰਦੀਆਂ ਅਤੇ ਵੱਖ ਵੱਖ ਪਿੰਡਾਂ ਤੋਂ ਮਜਬੀ ਸਿੱਖ/ ਵਾਲਮੀਕੀ ਭਾਈਚਾਰੇ ਦੇ ਲੋਕਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ 'ਤੇ ਬੋਲਦਿਆਂ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਵੱਲੋਂ ਦਲਿਤ ਸਮਾਜ ਦੇ ਨੇਤਾ ਸਵਰਗਵਾਸੀ ਸ. ਬੂਟਾ ਸਿੰਘ ਦਾ ਮਾਮਲਾ ਅਜੇ ਠੰਡਾ ਵੀ ਨਹੀਂ ਪਿਆ ਕਿ ਕਾਂਗਰਸ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਤੇ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਸਰੂਪ ਨੂੰ ਰਾਜਨੀਤਿਕ ਹਿੱਤਾਂ ਲਈ ਨੀਵਾਂ ਦਿਖਾਉਣ ਦੀ ਕੋਸ਼ਿਸ਼ ਕੀਤੀ। ਗਾਂਧੀ ਪਰਿਵਾਰ ਜਿਸ ਨੇ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਟੈਂਕਾਂ ਤੋਪਾਂ ਨਾਲ ਹਮਲਾ ਕੀਤਾ ਅਤੇ ਦਿੱਲੀ ਦੰਗਿਆਂ ਦੇ ਦੋਸ਼ੀਆਂ ਨੂੰ ਬਚਾਇਆ, ਉਸ ਪਰਿਵਾਰ ਦੀਆਂ ਫੋਟੋਆਂ ਗੁਰੂ ਸਾਹਿਬਾਨ ਅਤੇ ਬਾਬਾ ਜੀਵਨ ਸਿੰਘ ਜੀ ਦੇ ਉੱਪਰ ਲਗਾ ਕੇ ਸਿੱਖਾਂ ਦੇ ਹਿਰਦੇ ਵਲੂੰਦਰੇ ਹਨ। ਉਹਨਾਂ ਕਿਹਾ ਕਿ ਕਾਂਗਰਸ ਜਾਣ ਬੁੱਝ ਕੇ ਮਜਬੀ ਸਿੱਖ ਵਾਲਮੀਕੀ ਭਾਈਚਾਰੇ ਨੂੰ ਨਿਸ਼ਾਨਾ ਬਣਾ ਰਹੀ ਹੈ ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕਾਂਗਰਸ ਦੇ ਆਗੂ ਰਾਜਾ ਵੜਿੰਗ ਨੂੰ ਕਲੀਨ ਚਿੱਟ ਦੇ ਰਹੇ ਹਨ ਜਦ ਕਿ ਰਾਜਾ ਵੜਿੰਗ ਦੇ ਮਨ ਵਿੱਚ ਦਲਿਤ ਭਾਈਚਾਰੇ ਪ੍ਰਤੀ ਜਰਾ ਜਿੰਨੀ ਵੀ ਹਮਦਰਦੀ ਨਹੀਂ ਹੈ। ਉਹਨਾਂ ਕਿਹਾ ਕਿ ਕਾਂਗਰਸ ਦੇ ਆਗੂ ਇੰਨੇ ਹੰਕਾਰ ਵਿੱਚ ਹਨ ਕਿ ਆਪਣੀ ਗਲਤੀ ਮੰਨਣ ਦੀ ਬਜਾਏ ਪੋਚੇ ਪਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਉਹਨਾਂ ਆਖਿਆ ਕਿ ਦਲਿਤ ਭਾਈਚਾਰੇ ਨੂੰ ਕਾਂਗਰਸ ਨੇ ਅੱਜ ਤੱਕ ਝੂਠੇ ਲਾਰਿਆਂ ਤੇ ਵਾਅਦਿਆਂ ਵਿੱਚ ਰੱਖਿਆ ਅਤੇ ਦਲਿਤ ਸਮਾਜ ਪ੍ਰਤੀ ਈਰਖਾ ਅਤੇ ਬੇਈਮਾਨੀ ਰੱਖੀ। ਉਹਨਾਂ ਆਖਿਆ ਕਿ ਦਲਿਤ ਭਾਈਚਾਰਾ ਹੁਣ ਇਹਨਾਂ ਦੇ ਝਾਂਸਿਆਂ ਵਿੱਚ ਆਉਣ ਵਾਲਾ ਨਹੀਂ। ਹਰਦੀਪ ਗਿੱਲ ਨੇ ਕਿਹਾ ਕਿ ਸੰਵਿਧਾਨਿਕ ਤੌਰ 'ਤੇ ਚੋਣ ਕਮਿਸ਼ਨ ਦੀਆਂ ਹਿਦਾਇਤਾਂ ਅਨੁਸਾਰ ਵੀ ਧਾਰਮਿਕ ਚਿੰਨ ਅਤੇ ਧਾਰਮਿਕ ਤਸਵੀਰਾਂ ਲਗਾ ਕੇ ਪ੍ਰਚਾਰ ਕਰਨਾ ਕਾਨੂੰਨ ਦੀ ਉਲੰਘਣਾ ਮੰਨਿਆ ਗਿਆ ਹੈ। ਪਾਰਟੀ ਵੱਲੋਂ ਚੋਣ ਕਮਿਸ਼ਨ ਨੂੰ ਇਸ ਦੀ ਸ਼ਿਕਾਇਤ ਵੀ ਕਰ ਦਿੱਤੀ ਗਈ ਹੈ। ਇਸ ਮੌਕੇ ਨਿਹੰਗ ਸਿੰਘ ਜਥੇਬੰਦੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਜਥੇਦਾਰ ਬਾਬਾ ਬਲਵਿੰਦਰ ਸਿੰਘ, ਬਾਬਾ ਪ੍ਰਿਤਪਾਲ ਸਿੰਘ, ਬਾਬਾ ਹਰਜਿੰਦਰ ਸਿੰਘ ਛਾਪਾ, ਸਾਬਕਾ ਸਰਪੰਚ ਸੁਖਦੇਵ ਸਿੰਘ ਧੀਰੇਕੋਟ, ਮਨਜੀਤ ਸਿੰਘ ਸੰਧੂ, ਨਰਿੰਦਰ ਸਿੰਘ ਮੁੱਛਲ, ਜਗਰੂਪ ਸਿੰਘ, ਬਾਬਾ ਸਾਹਿਬ ਸਿੰਘ ਮੁੱਛਲ, ਬਾਬਾ ਸਤਨਾਮ ਸਿੰਘ, ਰੋਹਨ ਧੀਰੇਕੋਟ, ਮਹਿੰਦਰ ਸਿੰਘ ਲੱਡੂ, ਬਲਵਿੰਦਰ ਸਿੰਘ ਜੰਡ, ਰਮਨ ਕੁਮਾਰ, ਸਮਿੱਤਰ ਸਿੰਘ ਰਾਣਾ, ਮਨਦੀਪ ਕੌਰ ਧਾਰੜ, ਬਲਜੀਤ ਕੌਰ, ਚਰਨ ਸਿੰਘ ਤਾਰਾਗੜ੍ਹ, ਪ੍ਰਭ ਕੌਰ ਟਾਂਗਰਾ, ਬਿੱਟੂ ਮਿਹਰਬਾਨਪੁਰਾ, ਬਲਦੇਵ ਸਿੰਘ ਸਤਨਾਮ ਸਿੰਘ, ਸੇਠੀ ਜੰਡਿਆਲਾ ਸੁਖਵਿੰਦਰ ਸਿੰਘ ਰੂਬੀ, ਅਮਰਜੀਤ ਕੌਰ, ਸਤਨਾਮ ਸਿੰਘ ਤਰਸਿੱਕਾ, ਸਾਹਿਬ ਸਿੰਘ ਮੱਖਣਵਿੰਡੀ, ਸਾਹਿਬ ਸਿੰਘ ਮੁੱਛਲ ਤੋਂ ਇਲਾਵਾ ਹੋਰ ਵੀ ਇਲਾਕਾ ਨਿਵਾਸੀ ਹਾਜ਼ਰ ਸਨ।

### ਸਾਨੂੰ ਸਭ ਨੂੰ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਫਲਸਫੇ ਤੇ ਸਿਧਾਂਤਾਂ ਤੇ ਚੱਲਣਾ ਚਾਹੀਦਾ ਡਾ: ਮੰਗਲ ਸਿੰਘ ਕਿਸ਼ਨਪੁਰੀ

# ਸੇਂਟ ਸੋਲਜਰ ਸਕੂਲ ਵਿਖੇ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ








ਜੰਡਿਆਲਾ ਗੁਰੂ 6 ( ਕੁਲਵੰਤ ਸਿੰਘ ਵਿਰਦੀ ) ਕਲਿ ਤਾਰਣ ਗੁਰੁ ਨਾਨਕ ਆਇਆ ,ਸੁਣੀ ਪੁਕਾਰਿ ਦਾਤਾਰ ਪ੍ਰਭੁ , ਗੁਰੁ ਨਾਨਕ ਜਗ ਮਾਹਿ ਪਠਾਇਆ !! ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਪਹਿਲੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸੇ ਤਹਿਤ ਅਸੈਂਬਲੀ ਵਿੱਚ ਸਭ ਤੋਂ ਪਹਿਲਾਂ ਸਾਰੇ ਸਕੂਲ ਦੇ ਬੱਚਿਆਂ ਅਤੇ ਸਟਾਫ ਨੇ ਰਲ ਮਿਲ ਕਰਕੇ ਸ੍ਰੀ ਜਪੁਜੀ ਸਾਹਿਬ ਜੀ ਦੇ ਪਾਠ ਕੀਤੇ ਉਪਰੰਤ ਬੱਚਿਆਂ ਵੱਲੋਂ ਕੀਰਤਨ ਰੂਪ ਵਿੱਚ ਸ੍ਰੀ ਚੌਪਈ ਸਾਹਿਬ ਦੇ ਪਾਠ ਅਤੇ ਰਸ ਭਿੰਨਾ ਸ਼ਬਦ ਕੀਰਤਨ ਗਾਇਨ ਕੀਤਾ ।ਸਾਰੇ ਬੱਚਿਆਂ ਅਤੇ ਸਟਾਫ ਨੇ ਰਲ ਕਰਕੇ ਕੀਰਤਨ ਰੂਪ ਵਿਚ "ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧ ਜਗ ਚਾਨਣ ਹੋਆ" ਦਾ ਜਾਪ ਕਰਦਿਆਂ ਅਤੇ ਗੁਰੂ ਨਾਨਕ ਦੇਵ ਜੀ ਦੀ ਉਸਤਤ ਕਰਦਿਆਂ ਗੁਰੂ ਸਾਹਿਬਾਂ ਦੇ ਚਰਨਾਂ ਵਿੱਚ ਆਪਣੀ ਹਾਜ਼ਰੀ ਲਗਵਾਈ। ਉਪਰੰਤ ਸ੍ਰੀ ਆਨੰਦ ਸਾਹਿਬ ਜੀ ਦੇ ਪਾਠ ਕੀਤੇ ਗਏ ਅਤੇ ਅਰਦਾਸ ਬੇਨਤੀ ਕੀਤੀ ਗਈ। ਉਪਰੰਤ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਕੂਲ ਦੇ ਬੱਚਿਆਂ ਨੇ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਵੱਧ ਚੜ ਕੇ ਹਿੱਸਾ ਲਿਆ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਸਾਰਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਫਲਸਫੇ ਅਤੇ ਸਿਧਾਂਤਾਂ ਦੇ ਚੱਲਣ ਦੀ ਪ੍ਰੇਰਨਾ ਦਿੱਤੀ ।ਉਹਨਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜੀਵਨੀ ਬਾਰੇ ਸਭ ਨੂੰ ਜਾਣੂ ਕਰਵਾਇਆ ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ: ਅਮਰਪ੍ਰੀਤ ਕੌਰ ਜੀ ਨੇ ਬੱਚਿਆਂ ਨੂੰ ਗੁਰੂ ਨਾਨਕ ਸਾਹਿਬ ਜੀ ਦੇ ਕਿਰਤ ਕਰੋ ਨਾਮ ਜਪੋ ਅਤੇ ਵੰਡ ਛਕੋ ਦੇ ਸਿਧਾਂਤ ਤੇ ਚੱਲਣ ਲਈ ਕਿਹਾ ਅਤੇ ਗੁਰਬਾਣੀ ਦੇ ਲੜ ਲੱਗਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਤੇ ਸਕੂਲ ਦੇ ਬੱਚਿਆਂ ਨੂੰ ਗੁਰੂ ਨਾਨਕ ਦੇਵ ਜੀ ਦੀ ਜੀਵਨੀ ਨਾਲ ਸੰਬੰਧਿਤ ਸਵਾਲ ਪੁੱਛੇ ਗਏ ਅਤੇ ਸਹੀ ਜਵਾਬ ਦੇਣ ਵਾਲੇ ਬੱਚਿਆਂ ਨੂੰ ਇਨਾਮ ਵੀ ਦਿੱਤੇ ਗਏ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ ਜੀ ਸ਼ਿਲਪਾ ਸ਼ਰਮਾ ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਕੁਆਡੀਨੇਟਰ ਸਮੂਹ ਸਟਾਫ ਅਤੇ ਬੱਚੇ ਹਾਜਰ ਸਨ।

## ਇੱਕ ਨਜ਼ਰ ...



# ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦਾ ਜਨਰਲ ਕੌਂਸਲ ਦਾ ਇਜਲਾਸ 8 ਨੂੰ

**ਅੰਮ੍ਰਿਤਸਰ 6 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵੱਲੋਂ 17ਵੀਂ ਜਨਰਲ ਕੌਂਸਲ ਦਾ ਇਜਲਾਸ 8 ਨਵੰਬਰ 2025 ਨੂੰ ਦੇਸ਼ ਭਗਤ ਯਾਦਗਾਰੀ ਹਾਲ ਜਲੰਧਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁੱਚਾ ਸਿੰਘ ਟਰਪਈ ਅਤੇ ਸੂਬਾ ਮੀਤ ਪ੍ਰਧਾਨ ਗੁਰਦੀਪ ਸਿੰਘ ਬਾਜਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜਨਤਕ ਸਿੱਖਿਆ ਨੂੰ ਤਬਾਹੀ ਦੇ ਕੰਢੇ ਪਹੁੰਚਾ ਦਿੱਤਾ ਹੈ ।ਇਸ ਤੋਂ ਇਲਾਵਾ ਇਸ ਸਰਕਾਰ ਕਰਮਚਾਰੀ ਵਿਰੋਧੀ ਸਾਬਤ ਹੋਈ ਹੈ। ਮੰਗਾਂ ਦੀ ਪ੍ਰਾਪਤੀ ਲਈ ਜਲੰਧਰ ਵਿੱਚ 8 ਨਵੰਬਰ ਨੂੰ ਇੱਕ ਜਨਰਲ ਕੌਂਸਲ ਕੀਤੀ ਜਾ ਰਹੀ ਹੈ ਅਤੇ ਜੇਕਰ ਸਰਕਾਰ ਨੇ ਉਪਰੋਕਤ ਮੰਗਾਂ ਵੱਲ ਨਾ ਧਿਆਨ ਦਿੱਤਾ ਤਾਂ ਐਕਸ਼ਨਾਂ ਦਾ ਐਲਾਨ ਕੀਤਾ ਜਾਵੇਗਾ। ਇਸ ਜਨਰਲ ਕੌਂਸਲ ਵਿੱਚ ਪੰਜਾਬ ਦੇ ਸਾਰੇ ਜ਼ਿਲ੍ਹਾ ਪ੍ਰਧਾਨ ਅਤੇ ਬਲਾਕ ਪ੍ਰਧਾਨ ਤੇ ਜ਼ਿਲ੍ਹਾ ਕਮੇਟੀਆਂ ਦੇ ਮੈਂਬਰ ਹਾਜ਼ਰ ਹੋਣਗੇ ।ਇਸ ਸਮੇਂ ਹੀਰਾ ਸਿੰਘ ਭੱਟੀ, ਹਰਮਨਦੀਪ ਸਿੰਘ ਭੰਗਾਲੀ, ਨਵਜੋਤ ਸਿੰਘ ਰਤਨ, ਪ੍ਰੀਤਮਹਿੰਦਰ ਸਿੰਘ, ਸੁਰਜੀਤ ਸਿੰਘ, ਯਾਦਵਿੰਦਰ ਸਿੰਘ ਸੰਧੂ, ਰਵੀਇੰਦਰ ਸਿੰਘ, ਜਗਦੀਪ ਸਿੰਘ ਜਲਾਲਪੁਰਾ, ਸਤਨਾਮ ਸਿੰਘ ਜੱਸੜ , ਦਲਜੀਤ ਸਿੰਘ ਸੁਧਾਰ, ਸਤਨਾਮ ਸਿੰਘ ਨਵਤੇਜ ਸਿੰਘ ਖਲਚੀਆਂ, ਇੰਦਰਪ੍ਰੀਤ ਸਿੰਘ , ਦਿਲਬਰਜੀਤ ਵਛੋਆ , ਕਰਨਜੀਤ ਸਿੰਘ ਸੀਐਚਟੀ, ਹਰਵਿੰਦਰ ਸਿੰਘ ਜਲਾਲਾਬਾਦ, ਅਮਿਤ ਕੁਮਾਰ ਸੁੰਦਰ, ਸਤਨਾਮ ਸਿੰਘ ਮਾਹਲ, ਬਲਵਿੰਦਰ ਸਿੰਘ ਭੱਟੀ , ਸਰਬਜੀਤ ਸਿੰਘ ਖਾਸਾ, ਜਗਜੀਤ ਸਿੰਘ ਗਿੱਲ, ਰਣਜੀਤ ਸਿੰਘ, ਹਰਪ੍ਰੀਤ ਸਿੰਘ ਮਰੜੀ, ਵਿਪਨ ਕੁਮਾਰ, ਮੰਗਲ ਸਿੰਘ ਟਾਂਡਾ ਅਤੇ ਸੁਖਦੇਵ ਸਿੰਘ ਵਡਾਲਾ ਆਦਿ ਸਾਥੀ ਮੌਜੂਦ ਸਨ।

# ਧਾਲੀਵਾਲ ਨੇ ਹੜ੍ਹ ਪੀੜਤ ਲਾਭਪਾਤਰੀ 450 ਕਿਸਾਨਾਂ 'ਚ 2.64 ਕਰੋੜ ਰੁਪਏ ਮੁਆਵਜਾ ਰਾਸ਼ੀ ਦੇ ਪੱਤਰ ਕੀਤੇ ਜਾਰੀ



**ਅੰਮ੍ਰਿਤਸਰ, ਅਜਨਾਲਾ, 06 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਇਥੇ ਐਸਡੀਐਮ ਅਜਨਾਲਾ ਸ. ਰਵਿੰਦਰ ਸਿੰਘ ਅਰੋੜਾ ਦੀ ਪ੍ਰਧਾਨਗੀ 'ਚ ਹੜ੍ਹ ਪੀੜਤ ਕਿਸਾਨਾਂ ਨੂੰ ਝੋਨੇ ਦੀ ਫਸਲ ਦੇ ਖਰਾਬੇ ਦੀ ਮੰਜੂਰ ਹੋਈ ਰਾਸ਼ੀ ਦੇ ਪੱਤਰ ਪ੍ਰਭਾਵਿਤ ਕਿਸਾਨਾਂ 'ਚ ਜਾਰੀ ਕਰਨ ਲਈ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਰੋਹ 'ਚ ਹਲਕਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਸ. ਕੁਲਦੀਪ ਸਿੰਘ ਧਾਲੀਵਾਲ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਰੋਹ ਦੌਰਾਨ ਮੁੱਖ ਮਹਿਮਾਨ ਸ. ਧਾਲੀਵਾਲ ਨੇ ਪਿੰਡ ਗੱਗੋਮਾਹਲ ਦੇ 162 ਪ੍ਰਭਾਵਿਤ ਕਿਸਾਨਾਂ 'ਚ 1.21 ਕਰੋੜ ਰੁਪਏ, ਕਸਬਾ ਰਮਦਾਸ ਦੇ 99 ਲਾਭਪਾਤਰ ਕਿਸਾਨਾਂ 'ਚ 71.36 ਲੱਖ ਰੁਪਏ , ਪਿੰਡ ਨੰਗਲ ਸੋਹਲ ਦੇ 47 ਕਿਸਾਨ ਲਾਭਪਤਾਰਾਂ 'ਚ 24.74 ਲੱਖ, ਪਿੰਡ ਸੰਮੋਵਲ ਦੇ 15 ਕਿਸਾਨਾਂ 'ਚ 6.15 ਲੱਖ ਰੁਪਏ, ਪਿੰਡ ਕਤਲੇ ਦੇ 16 ਕਿਸਾਨਾਂ 'ਚ 13.14 ਲੱਖ ਰੁਪਏ, ਪਿੰਡ ਕੋਟਲੀ ਜਮੀਤ ਸਿੰਘ ਦੇ 27 ਕਿਸਾਨ ਲਾਭਪਾਤਰਾਂ 'ਚ 9.37 ਲੱਖ ਰੁਪਏ , ਪਿੰਡ ਚੱਕ ਫੂਲਾ ਦੇ 39 ਕਿਸਾਨ ਲਾਭਪਤਾਰਾਂ 'ਚ 8.94 ਲੱਖ ਰੁਪਏ ਅਤੇ ਪਿੰਡ ਚੱਕ ਡੋਗਰਾਂ ਦੇ 45 ਕਿਸਾਨ ਲਾਭਪਤਾਰਾਂ 'ਚ 8.86 ਲੱਖ ਰੁਪਏ ਸਮੇਤ ਕੁੱਲ 450 ਕਿਸਾਨ ਲਾਭਪਤਾਰਾਂ 'ਚ 2.64 ਕਰੋੜ ਰੁਪਏ, ਫਸਲਾਂ ਦੇ ਖਰਾਬੇ ਦੀ ਮੁਆਵਜਾ ਚੈੱਕ ਰਾਸ਼ੀ ਦੇ ਪੱਤਰ ਵੰਡੇ ਗਏ ।ਉਪਰੰਤ ਗੱਲਬਾਤ ਦੌਰਾਨ ਸ. ਧਾਲੀਵਾਲ ਨੇ ਭਾਜਪਾ ਦੀ ਅਗਵਾਈ ਵਾਲੀ ਕੇਂਦਰੀ ਸਰਕਾਰ ਨੂੰ ਆੜੇ ਹੱਥੀ ਲਿਆ ਅਤੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ, ਕੇਂਦਰੀ ਸਰਕਾਰ ਕੋਲੋਂ ਕੋਈ ਦਾਨ ਨਹੀਂ ਮੰਗ ਰਹੀ, ਸਗੋਂ ਕੌਮੀ ਆਫਤ ਪ੍ਰਬੰਧਨ ਨਿਯਮਾਂ ਤਹਿਤ ਪੰਜਾਬ 'ਚ ਭਿਅੰਕਰ ਹੜ੍ਹਾਂ ਦੀ ਤਬਾਹੀ ਦੌਰਾਨ ਪ੍ਰਭਾਵਿਤ ਕਿਸਾਨਾਂ , ਮਜਦੂਰਾਂ, ਕਿਰਤੀਆਂ ਛੋਟੇ ਵਪਾਰੀਆਂ ਸਮੇਤ ਹੋਰਨਾਂ ਵਰਗਾਂ ਦੇ ਮੁੜ ਵਸੇਬੇ ਲਈ ਅਤੇ ਨੁਕਸਾਨੇ ਗਏ ਸਰਕਾਰੀ ਤੇ ਗੈਰ ਸਰਕਾਰੀ ਬੁਨਿਆਦੀ ਢਾਂਚੇ ਦੀ ਪੁਨਰ ਸਿਰਜਣਾ ਲਈ 20 ਹਜਾਰ ਕਰੋੜ ਰੁਪਏ ਸਮੇਤ ਉਨ੍ਹਾਂ (ਸ. ਧਾਲੀਵਾਲ)ਵਲੋਂ ਹਲਕਾ ਅਜਨਾਲਾ ਦੇ ਲੋਕਾਂ ਦੀ ਹੜ੍ਹਾਂ 'ਚ ਹੋਈ ਤਬਾਹੀ ਕਾਰਣ ਹਲਕਾ ਅਜਨਾਲਾ 'ਚ ਹੜ੍ਹਾਂ ਦਾ ਜਾਇਜਾ ਲੈਣ ਸਮੇਂ ਹੜ੍ਹਾਂ ਨੂੰ ਪਰਲੋ ਕਰਾਰ ਦੇਣ ਵਾਲੇ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਨਿੱਜੀ ਤੌਰ ਤੇ ਦਿੱਤੇ 2 ਹਜਾਰ ਕਰੋੜ ਰੁਪਏ ਦੇ ਮੰਗ ਪੱਤਰ ਤੇ ਇਸੇ ਤਰਾਂ ਹੀ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵਲੋਂ ਹੜ੍ਹਾਂ ਦੇ ਮਾਮਲੇ ਦਾ ਨਰੀਖਣ ਕਰਨ ਲਈ ਗੁਰਦਾਸਪੁਰ ਪੁੱਜਣ ਤੇ 2 ਹਜਾਰ ਕਰੋੜ ਰੁਪਏ ਦੀ ਰਾਹਤ ਹਲਕਾ ਅਜਨਾਲਾ ਨੂੰ ਜਾਰੀ ਕਰਨ ਲਈ ਭੇਜੇ ਗਏ ਮੰਗ ਪੱਤਰ ਉੱਤੇ ਕੋਈ ਗੋਰ ਹੀ ਨਹੀਂ ਕੀਤਾ ਗਿਆ। ਜਦੋਂ ਕਿ ਪ੍ਰਧਾਨ ਮੰਤਰੀ ਮੋਦੀ ਵਲੋਂ ਗੁਰਦਾਸਪੁਰ ਵਿਖੇ ਹੀ ਪੰਜਾਬ ਨੂੰ ਰਾਹਤ ਲਈ ਟੋਕਨ ਮਨੀ ਵਜੋਂ 1600 ਕਰੋੜ ਰੁਪਏ ਜਾਰੀ ਕਰਨ ਦੇ ਦਿੱਤੇ ਗਏ ਭਰੋਸੇ ਨੂੰ ਵੀ ਅਮਲ ਵਿੱਚ ਲਿਆਉਣ ਦੀ ਬਜਾਏ ਪੰਜਾਬ ਦੇ ਹੜ੍ਹ ਪੀੜਤਾਂ ਨਾਲ ਕੇਂਦਰੀ ਸਰਕਾਰ ਵਲੋਂ ਠੇਂਗਾ ਵਿਖਾ ਕੇ ਕੋਝਾ ਮਜਾਕ ਕੀਤਾ ਗਿਆ ਹੈ। ਜਦੋਂ ਕਿ ਪ੍ਰਧਾਨ ਮੰਤਰੀ ਮੋਦੀ ਵਲੋਂ ਗੁਰਦਾਸਪੁਰ ਵਿਖੇ ਹੀ ਪੰਜਾਬ ਨੂੰ ਰਾਹਤ ਲਈ ਟੋਕਨ ਮਨੀ ਵਜੋਂ 1600 ਕਰੋੜ ਰੁਪਏ ਜਾਰੀ ਕਰਨ ਦੇ ਦਿੱਤੇ ਗਏ ਭਰੋਸੇ ਨੂੰ ਵੀ ਅਮਲ ਵਿੱਚ ਲਿਆਉਣ ਦੀ ਬਜਾਏ ਪੰਜਾਬ ਦੇ ਹੜ੍ਹ ਪੀੜਤਾਂ ਨਾਲ ਕੇਂਦਰੀ ਸਰਕਾਰ ਵਲੋਂ ਠੇਂਗਾ ਵਿਖਾ ਕੇ ਕੋਝਾ ਮਜਾਕ ਕੀਤਾ ਗਿਆ ਹੈ। ਸ. ਧਾਲੀਵਾਲ ਨੇ ਕੇਂਦਰੀ ਭਾਜਪਾ ਸਰਕਾਰ ਤੇ ਤਿੱਖੇ ਰਾਜਸੀ ਹਮਲੇ ਜਾਰੀ ਰੱਖਦਿਆਂ ਅੱਗੇ ਇਹ ਵੀ ਕਿਹਾ ਕਿ ਪੰਜਾਬ ਦੇ 8 ਹਜਾਰ ਕਰੋੜ ਰੁਪਏ ਦੇ ਪੇਂਡੂ ਵਿਕਾਸ ਫੰਡ, 50 ਹਜਾਰ ਕਰੋੜ ਰੁਪਏ ਜੀਐਸਟੀ ਰਿਬੇਟ ਫੰਡ ਰੋਕੇ ਜਾਣ ਸਮੇਤ ਪਾਕਿਸਤਾਨ ਵਿਰੁੱਧ ਅਪਰੇਸ਼ਨ ਸਿੰਧੂਰ ਪਿੱਛੋਂ ਪਾਕਿਸਤਾਨ ਕ੍ਰਿਕਟ ਟੀਮ ਨਾਲ ਭਾਰਤੀ ਕ੍ਰਿਕਟ ਟੀਮ ਨੂੰ ਮੈਚ ਖੇਡਣ ਦੀ ਆਗਿਆ ਦੇਣ ਦੇ ਬਾਵਜੂਦ ਪੰਜਾਬ ਦੀ ਕੌਮਾਂਤਰੀ ਸਰਹੱਦ ਵਾਹਗਾ ਅਟਾਰੀ ਤੋਂ ਵਪਾਰ ਲਈ ਖੁੱਲ੍ਹ ਨਾ ਦਿੱਤੇ ਜਾਣ, ਸ੍ਰੀ ਗੁਰੂ ਨਾਨਕ ਦੇਵ ਜੀ ਦੇ ਨਾਨਕ ਨਾਮ ਲੇਵਾ ਸ਼ਰਧਾਲੂਆਂ ਨੂੰ ਪਾਕਿਸਤਾਨ ਸਥਿਤ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਜਨਮ ਸਥਾਨ ਨਨਕਾਣਾ ਸਾਹਿਬ ਵਿਖੇ ਤੇ ਨਤਮਸਤਕ ਹੋਣ ਲਈ ਜਥਿਆਂ ਨੂੰ ਭੇਜਣ 'ਚ ਨਾਂਹ ਨੁਕਰ ਕੀਤੇ ਜਾਣ , ਪੰਜਾਬ ਯੂਨੀਵਰਸਿਟੀ, ਭਾਖੜਾ ਬਿਆਸ ਮੈਨਜਮੈਂਟ ਬੋਰਡ ਤੇ ਚੰਡੀਗੜ੍ਹ ਨੂੰ ਕੇਂਦਰੀ ਪ੍ਰਬੰਧਾਂ ਹੇਠ ਲਿਜਾ ਕੇ ਪੰਜਾਬ ਦੇ ਹਿੱਤਾਂ ਨਾਲ ਧੋਖਾ ਕੀਤਾ ਜਾ ਰਿਹਾ ਹੈ। ਪਰ ਇਸਦੇ ਬਾਵਜੂਦ ਪੰਜਾਬ ਭਾਜਪਾ ਵਲੋਂ ਪੰਜਾਬ ਦੇ ਹੱਕਾਂ ਤੇ ਹਿੱਤਾਂ ਨੂੰ ਸੁਰੱਖਿਅਤ ਰੱਖਣ ਲਈ ਕੇਂਦਰੀ ਮੋਦੀ ਸਰਕਾਰ ਤੇ ਦਬਾਓ ਵਧਾਉਣ ਹਿੱਤ ਆਪਣੇ ਮੂੰਹ ਸੀਤੇ ਹੋਏ ਹਨ। ਜਦੋਂ ਕਿ ਪ੍ਰਧਾਨ ਮੰਤਰੀ ਮੋਦੀ ਵਲੋਂ ਗੁਰਦਾਸਪੁਰ ਵਿਖੇ ਹੀ ਪੰਜਾਬ ਨੂੰ ਰਾਹਤ ਲਈ ਟੋਕਨ ਮਨੀ ਵਜੋਂ 1600 ਕਰੋੜ ਰੁਪਏ ਜਾਰੀ ਕਰਨ ਦੇ ਦਿੱਤੇ ਗਏ ਭਰੋਸੇ ਨੂੰ ਵੀ ਅਮਲ ਵਿੱਚ ਲਿਆਉਣ ਦੀ ਬਜਾਏ ਪੰਜਾਬ ਦੇ ਹੜ੍ਹ ਪੀੜਤਾਂ ਨਾਲ ਕੇਂਦਰੀ ਸਰਕਾਰ ਵਲੋਂ ਠੇਂਗਾ ਵਿਖਾ ਕੇ ਕੋਝਾ ਮਜਾਕ ਕੀਤਾ ਗਿਆ ਹੈ।

ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਸਜਾਇਆ

## ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਭਾਈ ਦਿਆਲ ਦਾਸ ਜੀ ਅਤੇ ਹੋਰ ਸਿੰਘ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਪੂਰੇ ਪੰਜਾਬ ਪੰਜਾਬ ਵਿੱਚ 40 ਨਗਰ ਕੀਰਤਨ ਸਜਾਏ ਜਾਣਗੇ : ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ







ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਹ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਜੀ ਬਾਬਾ ਬਕਾਲਾ ਸਾਹਿਬ ਜੀ ਦੇ ਅਸਥਾਨਾਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਹੇਠ ਅਰੰਭ ਹੋਇਆ। ਇਸ ਸਜਾਏ ਗਏ ਵਿਸ਼ਾਲ ਨਗਰ ਕੀਰਤਨ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਜੀ ਨੇ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਤਾਬਦੀ ਅਤੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਭਾਈ ਦਿਆਲ ਦਾਸ ਜੀ ਅਤੇ ਹੋਰ ਸਿੰਘ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਪੂਰੇ ਪੰਜਾਬ ਪੰਜਾਬ ਵਿੱਚ 40 ਨਗਰ ਕੀਰਤਨ ਸਜਾਏ ਜਾਣਗੇ। ਉਨ੍ਹਾਂ ਆਖਿਆ ਕਿ ਅਗਸਤ ਮਹੀਨੇ ਦੀ 26ਤਰੀਕ ਨੂੰ ਪਹਿਲਾ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸਾਹਿਬ ਸ੍ਰੀ ਤੇਗ ਬਹਾਦਰ ਸਾਹਿਬ ਜੀ ਬਾਬਾ ਬਕਾਲਾ ਸਜਾਇਆ ਜਾਣੇ ਸੀ ।ਪਰ ਪੰਜਾਬ ਹੋਈ ਪਈ ਭਾਰੀ ਬਾਰਿਸ਼ ਅਤੇ ਹੜ ਆਉਣ ਕਾਰਨ ਇਹ ਵਿਸ਼ਾਲ ਕੀਰਤਨ ਨਹੀਂ ਸਜ਼ਾਏ ਗਏ। ਉਨ੍ਹਾਂ ਆਖਿਆ ਕਿ ਅਸੀਂ ਮਾਲਵੇ ਦੀ ਧਰਤੀ ਤੇ ਹੁਣ ਤੱਕ ਪੰਦਰਾਂ ਨਗਰ ਕੀਰਤਨ ਸਜਾਏ ਹਨ ।ਜੋ ਸ੍ਰੀ ਮਾਨ ਸੰਤ ਬਾਬਾ ਜਰਨੈਲ ਸਿੰਘ ਭਿੰਡਰਾਂਵਾਲਿਆਂ ਜੀ ਦੇ ਜਨਮ ਅਸਥਾਨ ਤੋਂ ਅਰੰਭ ਕੀਤੇ ਗਏ ਸਨ। ਅੱਜ ਇਹ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਅਸਥਾਂਨ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੋਂ ਅਰੰਭ ਹੋ ਕੇ ਸਠਿਆਲਾ, ਬੁਤਾਲਾ, ਕਰਤਾਰ ਪੁਰ,ਦੜੇਵਾਲੀ, ਦਕੋਹਾ ਅਤੇ ਕਸਬਾ ਘੁਮਾਣ ਦੇ ਮੇਨ ਬਜ਼ਾਰ , ਗੁਰਦੁਆਰਾ ਸ਼ਹੀਦ ਬਾਬਾ ਫਿਰਨਾਂ ਜੀ ਘੁਮਾਣ ਤੋਂ ਵੱਖ ਵੱਖ ਨਗਰਾਂ ਦੀ ਪ੍ਰਕਰਮਾ ਕਰਦਾ ਹੋਇਆ ਗੁਰਦੁਆਰਾ ਦਮਦਮਾ ਸਾਹਿਬ ਜੀ ਸ੍ਰੀ ਹਰਗੋਬਿੰਦਪੁਰ ਸਾਹਿਬ ਜੀ ਵਿਖੇ ਪਹੁੰਚ ਕੇ ਰਾਤ ਨੂੰ ਵਿਸ਼ਰਾਮ ਕਰੇਗਾ। ਇਸ ਵਿਸ਼ਾਲ ਨਗਰ ਕੀਰਤਨ ਵਿੱਚ ਸਤਿੰਦਰ ਸਿੰਘ ਬਾਜਵਾ ਮੈਨੇਜਰ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ,ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਸਮੇਤ ਵੱਡੀ ਗਿਣਤੀ ਵਿੱਚ ਇੰਟਰਨੈਸ਼ਨਲ ਪੰਥਕ ਦਲ ਆਗੂਆਂ ਅਤੇ ਸੰਗਤਾਂ ਹਾਜ਼ਰੀ ਭਰੀ। ••

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243